ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/


YouTube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 14 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

# ਮਾਘੀ ਦਾ ਦਿਹਾੜਾ ਤੇ ਸੰਗਰਾਂਦ ਅੱਜ





ਗੁਰਦੁਆਰਾ ਸ਼੍ਰੀ ਟੁੱਟੀ-ਗੰਢੀ ਸਾਹਿਬ, ਸ਼੍ਰੀ ਮੁਕਤਸਰ ਸਾਹਿਬ

## ਭਾਈ ਮਹਾਂ ਸਿੰਘ ਜੀ ਅਤੇ ਮੁਤਕਸਰ ਸਾਹਿਬ ਦੇ ਸਮੂਹ ਸ਼ਹੀਦਾਂ ਨੂੰ

## ★ ਕੋਟਿ-ਕੋਟਿ ਪ੍ਰਣਾਮ ★

ਆਵਾਜ਼ਿ ਕੌਮ AWAZE QAUM

International Newspaper & WEB TV

# ਮਾਘਿ ਪੁਨੀਤ ਭਈ ਤੀਰਥੁ...



ਮਾਘ ਮਹੀਨੇ ਦਾ ਅਧਿਆਤਮਕ ਦੇ ਨਾਲ-ਨਾਲ ਕੁਦਰਤੀ ਮਹੱਤਵ ਵੀ ਬਹੁਤ ਹੈ। ਮਾਘੀ ਦੇ ਮੇਲੇ ਵਾਲੇ ਕਹੇ ਜਾਂਦੇ ਇਸ ਮਹੀਨੇ 'ਚ ਜਿੱਥੇ ਪਾਠ ਪੂਜਾ ਕਰਨੀ ਸ਼ੁੱਭ ਮੰਨੀ ਜਾਂਦੀ ਹੈ, ਉੱਥੇ ਦਾਨ ਪੁੰਨ ਕਰਨਾ ਵੀ ਚੰਗਾ ਸਮਝਿਆ ਜਾਂਦਾ ਹੈ। ਪੋਹ ਦੀ ਕੜਾਕੇ ਦੀ ਸਰਦੀ ਤੇ ਕੱਕਰ ਕਾਰਨ ਸੁੱਤੀ ਹੋਈ ਬਨਸਪਤੀ ਮਾਘ ਮਹੀਨੇ ਸੂਰਜ ਦੇਵਤਾ

ਆਵਾਜ਼ਿ ਕੌਮ AWAZE QAUM
International Newspaper & WEB TV

ਦੀ ਹਾਜ਼ਰੀ ਵਧਣ ਕਾਰਨ ਕੋਸੀ-ਕੋਸੀ ਧੁੱਪ ਦਾ ਅਨੰਦ ਮਾਣਦਿਆਂ ਉਸਲਵੱਟੇ ਲੈਣ ਲੱਗ ਪੈਂਦੀ ਹੈ। ਮਾਘ ਮਹੀਨੇ ਚਾਰ ਚੁਫੇਰਾ ਨਿਖਰਿਆ-ਨਿਖਰਿਆ ਲੱਗਦਾ ਹੈ। ਮਾਘ ਮਹੀਨੇ ਕੁੜੀਆਂ ਦਾ ਵਿਆਹ ਕਰ ਕੇ ਕੰਨਿਆ ਦਾਨ ਕਰਨਾ ਬਹੁਤ ਮਹੱਤਵ ਰੱਖਦਾ ਹੈ।

ਅਕਸਰ ਹੀ ਹਰ ਸਾਲ 13 ਜਨਵਰੀ ਨੂੰ ਪੋਹ ਮਹੀਨੇ ਦੀ ਆਖ਼ਰੀ ਰਾਤ ਮੌਕੇ ਲੋਹੜੀ ਹੁੰਦੀ ਹੈ ਅਤੇ 14 ਜਨਵਰੀ ਨੂੰ ਮਾਘ ਮਹੀਨੇ ਦੀ ਸੰਗਰਾਂਦ ਹੁੰਦੀ ਹੈ। ਮਾਘ ਦੀ ਸੰਗਰਾਂਦ ਦਾ ਆਪਣਾ ਵੱਖਰਾ ਮਹੱਤਵ ਹੈ, ਇਸ ਦਿਨ ਮਾਘੀ ਦਾ ਤਿਉਹਾਰ ਵੀ ਹੁੰਦਾ ਹੈ।

ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਬਾਰਹ ਮਾਹਾ ਤੁਖਾਰੀ ਰਾਗੁ ਵਿਚ ਮਾਘ ਮਹੀਨੇ ਬਾਰੇ ਲਿਖਿਆ ਹੈ :

**ਮਾਘਿ ਪੁਨੀਤ ਭਈ ਤੀਰਥੁ**
**ਅੰਤਰਿ ਜਾਨਿਆ ।।**
**ਸਾਜਨ ਸਹਜਿ ਮਿਲੇ ਗੁਣ ਗਹਿ**
**ਅੰਕਿ ਸਮਾਨਿਆ ।।**
**ਪ੍ਰੀਤਮ ਗੁਣ ਅੰਕੇ ਸੁਣਿ ਪ੍ਰਭ ਬੰਕੇ ਤੁਧੁ ਭਾਵਾ ਸਰਿ ਨਾਵਾ ।।**
**ਗੰਗ ਜਮੁਨ ਤਹ ਬੇਣੀ ਸੰਗਮ ਸਾਤ ਸਮੁੰਦ ਸਮਾਵਾ ।।**
**ਪੁੰਨ ਦਾਨ ਪੂਜਾ ਪਰਮੇਸੁਰ ਜੁਗਿ ਜੁਗਿ ਏਕੋ ਜਾਤਾ ।।**
**ਨਾਨਕ ਮਾਘਿ ਮਹਾ ਰਸੁ ਹਰਿ ਜਪਿ ਅਠਸਠਿ ਤੀਰਥ ਨਾਤਾ ।।੧੫।।**

ਗੁਰੂ ਨਾਨਕ ਦੇਵ ਜੀ ਨੇ ਫ਼ੁਰਮਾਇਆ ਹੈ ਕਿ ਜਿਸ ਮਨੁੱਖ ਨੇ ਮਾਘ ਦੇ ਮਹੀਨੇ ਵਿਚ ਅਕਾਲ ਪੁਰਖ ਦੇ ਨਾਮ ਦਾ ਸਿਮਰਨ ਕਰ ਕੇ ਉਸਦੇ ਨਾਮ ਦਾ ਰਸ ਪੀ ਲਿਆ, ਉਸ ਮਨੁੱਖ ਨੇ ਅਠਾਹਟ ਤੀਰਥਾਂ ਦਾ ਇਸ਼ਨਾਨ ਕਰ ਲਿਆ :

**ਪੁੰਨ ਦਾਨ ਪੂਜਾ ਪਰਮੇਸੁਰ**
**ਜੁਗਿ ਜੁਗਿ ਏਕੋ ਜਾਤਾ ।।**
**ਨਾਨਕ ਮਾਘਿ ਮਹਾ ਰਸੁ ਹਰਿ ਜਪਿ**
**ਅਠਸਠਿ ਤੀਰਥ ਨਾਤਾ ।।**

ਗੁਰੂ ਅਰਜਨ ਦੇਵ ਜੀ ਨੇ ਮਾਘ ਮਹੀਨੇ ਦਾ ਵਰਣਨ ਆਪਣੀ ਬਾਣੀ ਬਾਰਹ ਮਾਹਾ ਮਾਝ ਵਿਚ ਕਰਦਿਆਂ ਲਿਖਿਆ ਹੈ ਕਿ

**ਮਾਘਿ ਮਜਨੁ ਸੰਗਿ ਸਾਧੂਆ**
**ਧੂੜੀ ਕਰਿ ਇਸਨਾਨੁ ।।**
**ਹਰਿ ਕਾ ਨਾਮੁ ਧਿਆਇ ਸੁਣਿ**
**ਸਭਨਾ ਨੋ ਕਰਿ ਦਾਨੁ ।।**
**ਜਨਮ ਕਰਮ ਮਲੁ ਉਤਰੈ**
**ਮਨ ਤੇ ਜਾਇ ਗੁਮਾਨੁ ।।**
**ਕਾਮਿ ਕਰੋਧਿ ਨ ਮੋਹੀਐ**
**ਬਿਨਸੈ ਲੋਭੁ ਸੁਆਨੁ ।।**
**ਸਚੈ ਮਾਰਗਿ ਚਲਦਿਆ**
**ਉਸਤਤਿ ਕਰੇ ਜਹਾਨੁ ।।**
**ਅਠਸਠਿ ਤੀਰਥ ਸਗਲ ਪੁੰਨ**
**ਜੀਅ ਦਇਆ ਪਰਵਾਨੁ ।।**
**ਜਿਸ ਨੋ ਦੇਵੈ ਦਇਆ ਕਰਿ**
**ਸੋਈ ਪੁਰਖੁ ਸੁਜਾਨੁ ।।**
**ਜਿਨਾ ਮਿਲਿਆ ਪ੍ਰਭੁ ਆਪਣਾ**
**ਨਾਨਕ ਤਿਨ ਕੁਰਬਾਨੁ ।।**
**ਮਾਘਿ ਸੁਚੇ ਸੇ ਕਾਂਢੀਅਹਿ**
**ਜਿਨ ਪੂਰਾ ਗੁਰੁ ਮਿਹਰਵਾਨੁ ।।੧੨।।**

ਬਾਬਾ ਬੁੱਲੇ ਸ਼ਾਹ ਨੇ ਮਾਘ ਮਹੀਨੇ ਬਾਰੇ ਲਿਖਿਆ ਹੈ :

**ਮਾਘੀ ਨਹਾਵਣ ਮੈਂ ਚੱਲੀ ਜੋ**
**ਤੀਰਥ ਕਰ ਸਮਿਆਨ।**
**ਗੱਜ ਗੱਜ ਬਰਸੇ ਮੇਘਲਾ**
**ਮੈਂ ਰੋ ਰੋ ਕਰਾਂ ਇਸ਼ਨਾਨ।**
**ਮਾਘ ਮਹੀਨੇ ਗਏ ਉਲਾਂਘ,**
**ਨਵੀਂ ਮੁਹਬਤ ਬਹੁਤੀ ਤਾਂਘ,**
**ਇਸ਼ਕ ਮੁਅੱਜ਼ਨ ਦਿੱਤੀ ਬਾਂਗ,**
**ਪੜ੍ਹਾਂ ਨਮਾਜ਼ ਪੀਆ ਦੀ**
**ਤਾਂਘ, ਦੁਆਈਂ ਕੀ ਕਰਾਂ ।**
**ਆਖਾਂ ਪਿਆਰੇ ਮੈਂ ਵੱਲ ਆ,**
**ਤੇਰੇ ਮੁੱਖ ਵੇਖਣ ਦਾ ਚਾਅ,**
**ਭਾਵੇਂ ਹੋਰ ਤੱਤੀ ਨੂੰ ਤਾਅ,**
**ਬੁੱਲ੍ਹਾ ਸ਼ੌਹ ਨੂੰ ਆਣ ਮਿਲਾ,**
**ਤੇਰੀ ਹੋ ਰਹਾਂ ।।**

ਭਾਈ ਵੀਰ ਸਿੰਘ ਨੇ ਮਾਘ ਮਹੀਨੇ ਦਾ ਵਰਣਨ ਕਰਦੇ ਹੋਏ ਲਿਖਿਆ ਹੈ :

**ਚੜ੍ਹ ਪਿਆ ਮਾਘ ਮਹੀਨਾ,**
**ਸੁੱਕੇ ਨੈਣ ਨ ਸਾਡੇ,**
**ਬੱਦਲ ਭਰਿਆਂ ਦੇ ਵਾਂਙੂ,**
**ਅੱਖਾਂ ਭਰੀਆਂ ਹੀ ਰਹੀਆਂ।**
**ਧਨੀ ਰਾਮ ਚਾਤ੍ਰਿਕ ਨੇ ਲਿਖਿਆ ਹੈ -**
**ਮੈਂ ਮਾਘੋਂ ਕੂਕਣ ਲਗੀ ਹਾਂ**
**ਕੁੜੀ ਹੋਈ ਮੁਟਿਆਰ**

ਭਗਵਾਨ ਸ੍ਰੀ ਕ੍ਰਿਸ਼ਨ ਜੀ ਨੇ ਵੀ ਪਵਿੱਤਰ ਗ੍ਰੰਥ ਗੀਤਾ ਦੇ ਅੱਠਵੇਂ ਅਧਿਆਏ ਵਿਚ ਮਾਘ ਮਹੀਨੇ ਦੀ ਉਸਤਤਿ ਕੀਤੀ ਹੈ। ਮਹਾਭਾਰਤ ਵਿਚ ਜ਼ਿਕਰ ਆਉਂਦਾ ਹੈ ਕਿ ਮਾਘ ਮਹੀਨੇ ਦੀ ਸੰਗਰਾਂਦ ਨੂੰ ਸਵਰਗ ਦਾ ਦਰਵਾਜ਼ਾ ਖੁੱਲ੍ਹਦਾ ਹੈ। ਮਾਘ ਦੀ ਸੰਗਰਾਂਦ ਨੂੰ ਮਾਘੀ ਦਾ ਤਿਉਹਾਰ ਮਨਾਇਆ ਜਾਂਦਾ ਹੈ। ਪੰਜਾਬ ਵਿਚ ਮੁਕਤਸਰ ਦਾ ਮਾਘੀ ਮੇਲਾ ਬਹੁਤ ਪ੍ਰਸਿੱਧ ਹੈ। ਮਾਘੀ ਵਰਗੇ ਤਿਉਹਾਰ ਹੀ ਭਾਰਤ ਦੇ ਹੋਰਨਾਂ ਸੂਬਿਆਂ ਵਿਚ ਵੀ ਮਨਾਏ ਜਾਂਦੇ ਹਨ। ਉੱਤਰ ਪ੍ਰਦੇਸ਼ ਵਿਚ ਮਾਘ ਮਹੀਨੇ ਦੀ ਸੰਗਰਾਂਦ ਨੂੰ 'ਰੰਗੋਲੀ' ਉਤਸਵ ਮਨਾਇਆ ਜਾਂਦਾ ਹੈ। ਤਾਮਿਲ ਨਾਡੂ ਵਿਚ ਮਾਘੀ ਵਾਲੇ ਦਿਨ 'ਪੋਂਗਲ' ਤਿਉਹਾਰ ਮਨਾਇਆ ਜਾਂਦਾ ਹੈ। ਮਹਾਰਾਸ਼ਟਰ ਵਿਚ ਮਾਘੀ ਵਾਲੇ ਦਿਨ 'ਮਿਲਣ' ਤਿਉਹਾਰ ਮਨਾਇਆ ਜਾਂਦਾ ਹੈ। ਇਹ ਸਾਰੇ ਤਿਉਹਾਰ ਮਾਘੀ ਨਾਲ ਸਬੰਧਿਤ ਹੀ ਹੁੰਦੇ ਹਨ ਪਰ ਵੱਖ-ਵੱਖ ਸੂਬਿਆਂ ਵਿਚ ਇਨ੍ਹਾਂ ਦੇ ਨਾਂ ਵੱਖ-ਵੱਖ ਰੱਖੇ ਹੋਏ ਹਨ।

ਕਿਹਾ ਜਾਂਦਾ ਹੈ ਕਿ ਮਾਘ ਮਹੀਨੇ ਦੀ ਸੰਗਰਾਂਦ ਭਾਵ ਮਾਘੀ ਵਾਲੇ ਦਿਨ ਮੁਕਤਸਰ ਦੇ ਇਤਿਹਾਸਕ ਗੁਰਦੁਆਰਾ ਸਾਹਿਬ ਵਿਚ ਅਤੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਇਸ਼ਨਾਨ ਕਰਨ ਨਾਲ 68 ਤੀਰਥਾਂ ਦਾ ਫਲ ਇਕੱਠਾ ਹੀ ਮਿਲਦਾ ਹੈ। ਇਸ ਕਰਕੇ ਹਜ਼ਾਰਾਂ ਦੀ ਗਿਣਤੀ ਵਿਚ ਲੋਕ ਬਿਨਾਂ ਕਿਸੇ ਭੇਦ ਭਾਵ ਦੇ ਉਪਰੋਕਤ ਦੋਵਾਂ ਥਾਵਾਂ 'ਤੇ ਕੇਸੀ ਇਸ਼ਨਾਨ ਕਰਦੇ ਵਿਖਾਈ ਦਿੰਦੇ ਹਨ। ਇਸ ਤੋਂ ਇਲਾਵਾ ਤਖਤੂਪੂਰਾ ਵਿਖੇ ਵੀ ਮਾਘੀ ਮੇਲਾ ਲੱਗਦਾ ਹੈ।

ਭਾਰਤ ਦੇ ਕੁਝ ਇਲਾਕਿਆਂ ਵਿਚ ਮਾਘ ਮਹੀਨੇ ਦੀ ਸੰਗਰਾਂਦ ਵਾਲੇ ਦਿਨ ਸੂਰਜ ਦੇਵਤਾ ਦੀ ਪੂਜਾ ਵੀ ਕੀਤਾ ਜਾਂਦੀ ਹੈ। ਕਈ ਇਲਾਕਿਆਂ ਵਿਚ ਮਾਘ ਦੀ ਸੰਗਰਾਂਦ ਨੂੰ ਜਲ ਦੇਵਤਾ ਦੀ ਪੂਜਾ ਵੀ ਕੀਤੀ ਜਾਂਦੀ ਹੈ। ਸੂਰਜ ਨਾਲ ਹੀ ਜਗ ਵਿਚ ਜ਼ਿੰਦਗੀ ਹੈ। ਸੂਰਜ ਨਾਲ ਹੀ ਅੰਧੇਰਾ ਦੂਰ ਹੁੰਦਾ ਹੈ। ਸੂਰਜ ਨਾਲ ਹੀ ਦਿਨ, ਰਾਤ, ਪਲ, ਮਹੀਨੇ ਅਤੇ ਸੰਮਤ ਆਦਿ ਦੀ ਵੰਡ ਹੁੰਦੀ ਹੈ। ਕਿਹਾ ਜਾਂਦਾ ਹੈ ਕਿ ਭਾਰਤ ਦੀ ਸਮੁੱਚੀ ਧਰਤੀ 'ਤੇ 5000 ਲੱਖ ਕਰੋੜ ਕਿਲੋਵਾਟ ਘੰਟਾ ਪ੍ਰਤੀ ਵਰਗ ਮੀਟਰ ਦੇ ਬਰਾਬਰ ਸੌਰ ਊਰਜਾ ਆਉਂਦੀ ਹੈ ਜੋ ਕਿ ਦੁਨੀਆ ਦੀ ਸਮੁੱਚੀ ਬਿਜਲੀ ਖਪਤ ਤੋਂ ਕਈ ਗੁਣਾ ਜ਼ਿਆਦਾ ਹੈ। ਸਾਲ ਵਿਚ 300 ਦਿਨਾਂ ਦੇ ਕਰੀਬ ਸੂਰਜ ਦੀ ਰੋਸ਼ਨੀ ਪੂਰੀ ਮਿਲਦੀ ਹੈ, ਜਿਸ ਕਾਰਨ ਸੂਰਜ ਦੀ ਮਹੱਤਤਾ ਦਾ ਪਤਾ ਚਲ ਜਾਂਦਾ ਹੈ।

ਮਾਘੀ ਵਾਲੇ ਦਿਨ ਸਿਰਫ ਪੰਜਾਬ ਹੀ ਨਹੀਂ ਸਗੋਂ ਪੂਰੇ ਭਾਰਤ 'ਚ ਹੀ ਲੋਕ ਪਵਿੱਤਰ ਸਰੋਵਰਾਂ, ਝਰਨਿਆਂ, ਨਦੀਆਂ, ਨਹਿਰਾਂ, ਦਰਿਆਵਾਂ, ਝੀਲਾਂ ਵਿਚ ਇਸ਼ਨਾਨ ਕਰ ਕੇ ਮਾਘੀ ਮਨਾਉਂਦੇ ਹਨ। ਮਾਘ ਮਹੀਨਾ ਚੜ੍ਹਦਿਆਂ ਹੀ ਕਈ ਵਾਰ ਮੌਸਮ ਦਾ ਮਿਜ਼ਾਜ ਵੀ ਬਦਲ ਜਾਂਦਾ ਹੈ। ਕਈ ਵਾਰ ਲੋਹੜੀ ਵਾਲੇ ਦਿਨ ਮੌਸਮ ਸਾਫ਼ ਹੁੰਦਾ ਹੈ ਅਤੇ ਨੀਲਾ ਅਸਮਾਨ ਦੂਰੋਂ ਹੀ ਲਿਸ਼ਕਾਂ ਮਾਰਦਾ ਹੈ ਅਤੇ ਅਗਲੇ ਦਿਨ ਮਾਘ ਮਹੀਨੇ ਦੀ ਸੰਗਰਾਂਦ ਨੂੰ ਪੂਰੀ ਧੁੰਦ ਪੈਂਦੀ ਹੈ। ਕਈ ਵਾਰ ਮਾਘ ਮਹੀਨੇ ਦੀ ਸ਼ੁਰੂਆਤ ਮੀਂਹ ਨਾਲ ਵੀ ਹੋ ਜਾਂਦੀ ਹੈ।

ਪੋਹ ਮਹੀਨੇ ਦੀ ਆਖ਼ਰੀ ਰਾਤ ਨੂੰ ਲੋਹੜੀ ਮੌਕੇ ਲੋਕ ਲੋਹੜੀ ਮਨਾਉਂਦੇ ਹਨ। ਇਸ ਰਾਤ ਲੋਕ ਘਰਾਂ ਵਿਚ ਖੀਰ ਬਣਾਉਂਦੇ ਹਨ ਤੇ ਉਸ ਨੂੰ ਅਗਲੇ ਦਿਨ ਸਵੇਰੇ ਭਾਵ ਮਾਘ ਮਹੀਨੇ ਦੀ ਸੰਗਰਾਂਦ ਨੂੰ ਖਾਧਾ ਜਾਂਦਾ ਹੈ। ਇਸੇ ਲਈ ਤਾਂ ਕਿਹਾ ਜਾਂਦਾ ਹੈ-

**'ਪੋਹ ਰਿੱਧੀ, ਮਾਘ ਖਾਧੀ '**

ਪੋਹ ਵਾਂਗ ਮਾਘ ਦੇ ਅੱਧ ਵਿਚਕਾਰ ਤਕ ਪੱਤਝੜ ਆਪਣੇ ਜੋਬਨ 'ਤੇ ਹੁੰਦੀ ਹੈ ਅਤੇ ਰੁੱਖ ਟੁੰਡ ਮੁਰੰਡੇ ਜਿਹੇ ਲੱਗਦੇ ਹਨ।

ਬਾਬਾ ਫਰੀਦ ਨੇ ਕਿਹਾ ਹੈ :

**ਫਰੀਦਾ ਰੁਤਿ ਫਿਰੀ ਵਣੁ ਕੰਬਿਆ ਪਤੁ ਝੜੇ ਝੜ ਪਾਇ ।।**

ਪਤਝੜ ਰੁੱਤ ਵਿਯੋਗ ਅਤੇ ਵਿਛੋੜੇ ਦੀ ਪ੍ਰਤੀਕ ਹੈ। ਮਾਘ ਮਹੀਨਾ ਅੱਧ ਟੱਪਦਿਆਂ ਪੱਤਝੜ ਉਡਾਰੀ ਮਾਰ ਜਾਂਦੀ ਹੈ ਅਤੇ ਮਨਮੋਹਨੀ ਬਸੰਤ ਰੁੱਤ ਸ਼ੁਰੂ ਹੋ ਜਾਂਦੀ ਹੈ ਜੋ ਕਿ ਫੱਗਣ ਮਹੀਨੇ ਵਿਚ ਵੀ ਪੈਲਾਂ ਪਾਉਂਦੀ, ਨੱਚਦੀ ਗਾਉਂਦੀ ਰਹਿੰਦੀ ਹੈ। ਇਸੇ ਕਾਰਨ ਮਾਘ ਅਤੇ ਫੱਗਣ ਦੇ ਮਹੀਨੇ ਨੂੰ ਬਸੰਤ ਰੁੱਤ ਦਾ ਸਮਾਂ ਵੀ ਕਿਹਾ ਜਾਂਦਾ ਹੈ। ਬਸੰਤ ਰੁੱਤ ਨੂੰ ਸੰਯੋਗ ਅਤੇ ਖ਼ੁਸ਼ੀਆਂ ਅਤੇ ਖੇੜਿਆਂ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਰੁੱਖਾਂ ਉੱਪਰ ਨਵੀਆਂ ਕਰੂੰਬਲਾਂ ਨਿਕਲ ਆਉਂਦੀਆਂ ਹਨ। ਬਸੰਤ ਪੰਚਮੀ ਵੀ ਮਾਘ ਮਹੀਨੇ 'ਚ ਹੀ ਆਉਂਦੀ ਹੈ। ਇਹ ਬਸੰਤ ਪੰਚਮੀ ਹਰ ਸਾਲ ਮਾਘ ਸੁਦੀ 5 ਨੂੰ ਮਨਾਈ ਜਾਂਦੀ ਹੈ।

**- ਜਗਮੋਹਨ ਸਿੰਘ ਲੱਕੀ**
**ਮੋ.: 94638-19174**

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 14 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਮੁੱਖ ਮੰਤਰੀ ਮਾਨ ਦੇ ਸ੍ਰੀ ਅਕਾਲ ਤਖ਼ਤ ਸਕੱਤਰੇਤ ਵਿਖੇ ਸਪੱਸ਼ਟੀਕਰਨ ਦਾ ਸਮਾਂ ਬਦਲਿਆ



**ਅੰਮ੍ਰਿਤਸਰ, 13 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੁੱਖ ਮੰਤਰੀ ਭਗਵੰਤ ਮਾਨ ਦੇ ਸਪੱਸ਼ਟੀਕਰਨ ਦਾ ਸਮਾਂ ਬਦਲ ਦਿੱਤਾ ਹੈ। ਪਹਿਲਾਂ ਇਹ ਸਮਾਂ ਸਵੇਰੇ 10 ਵਜੇ ਸੀ, ਜਿਸ ਨੂੰ ਬਦਲ ਕੇ ਸੰਧਿਆ ਵੇਲੇ 4.30 ਵਜੇ ਕਰ ਦਿੱਤਾ ਗਿਆ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਰੀ ਹੋਏ ਤਾਜ਼ਾ ਹੁਕਮ ਅਨੁਸਾਰ ਆਖਿਆ ਗਿਆ ਹੈ ਕਿ ਜਥੇਦਾਰ ਗੜਗੱਜ ਦੇ ਆਦੇਸ਼ ਅਨੁਸਾਰ ਮਿਤੀ 15 ਜਨਵਰੀ 2026 ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਪਣਾ ਸਪੱਸ਼ਟੀਕਰਨ ਦੇਣ ਦਾ ਸਮਾਂ ਉਨ੍ਹਾਂ ਵੱਲੋਂ ਉਸ ਦਿਨ ਦੇ ਦਰਸਾਏ ਗਏ ਆਪਣੇ ਰੁਝੇਵਿਆਂ ਦੇ ਮੱਦੇਨਜ਼ਰ ਸਵੇਰੇ 10 ਵਜੇ ਤੋਂ ਬਦਲ ਕੇ ਹੁਣ ਸੰਧਿਆ ਵੇਲੇ 04:30 ਵਜੇ ਦਾ ਕਰ ਦਿੱਤਾ ਗਿਆ ਹੈ।

### ਮੁੱਖ ਮੰਤਰੀ ਮਾਨ ਵੱਲੋਂ 328 ਪਾਵਨ ਸਰੂਪਾਂ ਦੇ ਮਸਲੇ ਨੂੰ ਸਿਆਸੀ ਰੋਟੀਆਂ ਸੇਕਣ ਲਈ ਵਰਤਿਆ ਜਾ ਰਿਹਾ”

# ਜਲੰਧਰ ’ਚ ਅਕਾਲੀ ਦਲ ਨੇ ਸਿਟ ’ਤੇ ਚੁੱਕੇ ਸਵਾਲ

**ਜਲੰਧਰ, 13 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਜਲੰਧਰ ਸ਼ਹਿਰੀ ਅਤੇ ਦਿਹਾਤੀ ਦੇ ਆਗੂ ਸੀਨੀਅਰ ਲੀਡਰ ਮਹਿੰਦਰ ਸਿੰਘ ਕੇਪੀ, ਇਕਬਾਲ ਸਿੰਘ ਢੀਂਡਸਾ, ਬਚਿੱਤਰ ਸਿੰਘ ਕੌਹਾੜ, ਹਰਜਾਪ ਸਿੰਘ ਸੰਘਾ, ਬਲਦੇਵ ਖਹਿਰਾ,ਹਰਿੰਦਰ ਢੀਂਡਸਾ, ਬਲਦੇਵ ਸਿੰਘ ਕਲਿਆਣ, ਜਥੇਦਾਰ ਰਣਜੀਤ ਸਿੰਘ ਕਾਹਲੋਂ, ਗੁਰਮੀਤ ਸਿੰਘ ਦਾਦੂਵਾਲ, ਰਾਜਕਮਲ ਸਿੰਘ ਭੁੱਲਰ ਨੇ ਪ੍ਰੈਸ ਕਾਨਫਰੰਸ ਕਰਕੇ ਕਿਹਾ ਕਿ ਪਿਛਲੇ ਸਮੇਂ ਤੋਂ ਸਰਕਾਰਾਂ ਵੱਲੋਂ ਸਿੱਖ ਕੌਮ ਦੀਆਂ ਧਾਰਮਿਕ ਸੰਸਥਾਵਾਂ ਨੂੰ ਢਾਅ ਲਾਉਣ ਅਤੇ ਕਮਜ਼ੋਰ ਕਰਨ ਦੀਆਂ ਨਿਰੰਤਰ ਕੋਸ਼ਿਸ਼ਾਂ ਕੀਤੀਆਂ ਜਾਂਦੀਆਂ ਰਹੀਆਂ ਸਨ ਅਤੇ ਹੁਣ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 328 ਪਾਵਨ ਸਰੂਪਾਂ ਦੇ ਮਸਲੇ ਨੂੰ ਰਾਜਨੀਤਿਕ ਰੋਟੀਆਂ ਸੇਕਣ ਲਈ ਵਰਤਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਬਣੀ ਭਾਈ ਈਸ਼ਰ ਸਿੰਘ ਦੀ ਰਿਪੋਰਟ ਵਿੱਚ ਕਿਤੇ ਨਹੀਂ ਲਿਖਿਆ ਕਿ ਪਾਵਨ ਸਰੂਪ ਚੋਰੀ ਹੋਏ ਹਨ ਜਾਂ ਬੇਅਦਬੀ ਹੋਈ। “ਇਸ ਰਿਪੋਰਟ ਵਿੱਚ ਸਪਸ਼ੱਟ ਲਿਖਿਆ ਹੈ ਕਿ ਇਹ ਪਾਵਨ ਸਰੂਪ ਸੰਬੰਧਿਤ ਕਰਮਚਾਰੀਆਂ ਦੀ ਮਿਲੀਭੁਗਤ ਨਾਲ ਬਾਹਰ ਸੰਗਤਾਂ ਨੂੰ ਦਿੱਤੇ ਗਏ ਅਤੇ ਇਹਨਾਂ ਦੀ ਬਣਦੀ ਭੇਟਾ ਟ੍ਰਸਟ ਫੰਡਾ ਵਿੱਚ ਜਮ੍ਹਾ ਨਹੀਂ ਕਰਵਾਈ ਤੇ ਨਾਂ ਹੀਂ ਇਹਨਾਂ ਪਾਵਨ ਸਰੂਪਾਂ ਦਾ ਬਿੱਲ ਕੱਟਿਆ ਗਿਆ।” ਉਨ੍ਹਾਂ ਕਿਹਾ ਕਿ ਬੇਅਦਬੀਆਂ ਤਾਂ ਭਗਵੰਤ ਮਾਨ ਕਰ ਰਿਹਾ ਹੈ...

• ਸ਼ਰਾਬ ਵਾਲੀ ਵੀਡੀਓ, ਸੰਤ ਭਿੰਡਰਾਂਵਾਲਿਆਂ ਦੀ ਫੋਟੋ ਦਾ ਨਿਰਾਦਰ, ਗੁਰੂ ਸਹਿਬਾਨ ਦੀ ਫੋਟੋ ਦੀ ਬੇਅਦਬੀ ਕਰਨੀ, ਜੋ ਕਿ ਨਾ ਮੁਆਫੀਯੋਗ ਕਾਰਾ ਹੈ। • ਗੁਰੂ ਦੀ ਗੋਲਕ ਦਾ ਹਿਸਾਬ ਮੰਗਣਾ, ਪਰ ਆਪਣੀ ਸਰਕਾਰ ਦੇ ਕਰੋੜਾਂ ਰੁਪਏ ਦੀ ਲੁੱਟ ਬਾਰੇ ਚੁੱਪ ਕਿਉਂ ਹੈ? • ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਵੰਗਾਰਨਾ • ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਮਾਨ ਸਨਮਾਨ ਨੂੰ ਠੇਸ ਪਹੁੰਚਾਉਣਾ ਅਤੇ ਭੱਦੀ ਸ਼ਬਦਾਵਲੀ ਵਰਤਣਾ। • ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਤਲਬ ਕੀਤੇ ਜਾਣ ’ਤੇ ਹੁਣ ਸ਼ਰਤਾਂ ਰੱਖਣੀਆਂ ਜਿਵੇਂ ਕਿ Live ਕਰੋ ’ (ਹੰਕਾਰ ਦਾ ਖੁੱਲ੍ਹਾ ਪ੍ਰਗਟਾਵਾ ਹੈ) • ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਵੱਲੋਂ ਦਿੱਲੀ ਵਿਧਾਨ ਸਭਾ ਵਿੱਚ ਗੁਰੂ ਸਹਿਬਾਨ ਦਾ ਨਿਰਾਦਰ ਕੀਤਾ ਗਿਆ। ਇਹ ਆਪ ਪਾਰਟੀ ਦੀ ਮਾਨਸਿਕਤਾ ਦਰਸਾਉਂਦਾ ਹੈ। • ਆਪ ਪਾਰਟੀ ਖੁੱਦ ਬੇਅਦਬੀਆਂ ਦੀ ਦੋਸ਼ੀ ਹੈ ਜਿਵੇਂ ਕਿ 2014 ਵਿੱਚ ਪਾਰਟੀ ਬਣੀ ਤੇ ਪੰਜਾਬ ਆਈ,2015 ਚ ਪੰਜਾਬ ਚ ਬੇਅਦਬੀਆਂ ਦਾ ਦੌਰ ਸ਼ੁਰੂ ਹੋਇਆ, 2016 ਚ ਮਲੇਰਕੋਟਲਾ ਕੁਰਾਨ ਸ਼ਰੀਫ ਦੀ ਬੇਅਦਬੀ ਹੋਈ, 2016 ਚ ਆਪ ਦਾ ਦਿੱਲੀ ਦਾ ਵਿਧਾਇਕ ਨਰੇਸ਼ ਯਾਦਵ ਗ੍ਰਿਫਤਾਰ ਕੀਤਾ ਗਿਆ,2024 ਚ ਆਪ ਦਾ ਦਿੱਲੀ ਦਾ ਵਿਧਾਇਕ ਨਰੇਸ਼ ਯਾਦਵ ਸੈਸ਼ਨ ਕੋਰਟ ਨੇ ਦੋਸ਼ੀ ਕਰਾਰ ਦਿੱਤਾ, ਇਸਦੇ ਕੇਸ ਪੰਜਾਬ ਸਰਕਾਰ ਦੇ ਮੰਤਰੀ ਹਰਪਾਲ ਚੀਮਾ ਤੇ ਹਰਜੋਤ ਬੈਂਸ ਨੇ ਲੜੇ, ਆਪ ਸਰਕਾਰ ਨੇ ਇਸ ਬੇਅਦਬੀ ਕੇਸ ਨੂੰ ਵਾਪਿਸ ਲੈਣ ਲਈ ਅਰਜੀ ਵੀ ਦਿੱਤੀ ਜੋ ਅਦਾਲਤ ਨੇ ਰੱਦ ਕੀਤੀ ਤੇ ਆਪ ਵਿਧਾਇਕ ਨੂੰ ਸਜ਼ਾ ਸੁਣਾਈ ਗਈ।

## ਅੰਮ੍ਰਿਤਸਰ ਮਗਰੋਂ ਹੁਣ ਚੰਡੀਗੜ੍ਹ ਸ਼੍ਰੋਮਣੀ ਕਮੇਟੀ ਦਫ਼ਤਰ ਪੁੱਜੀ ਸਿੱਟ, ਪਾਵਨ ਸਰੂਪਾਂ ਨਾਲ ਜੁੜੇ ਰਿਕਾਰਡ ਮੰਗੇ

**ਚੰਡੀਗੜ੍ਹ, 13 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਦੇ 328 ਪਾਵਨ ਸਰੂਪਾਂ ਦੇ ਗੁੰਮ ਹੋਣ ਮਾਮਲੇ ਦੀ ਜਾਂਚ ਹੁਣ ਵਿਸ਼ੇਸ਼ ਜਾਂਚ ਕਮੇਟੀ (ਸਿੱਟ) ਵਲੋਂ ਤੇਜ਼ ਕਰ ਦਿੱਤੀ ਗਈ ਹੈ। ਇਸ ਦੇ ਮੱਦੇਨਜ਼ਰ ਅੰਮ੍ਰਿਤਸਰ ਤੋਂ ਚੰਡੀਗੜ੍ਹ ਤੱਕ ਸਿੱਟ ਵਲੋਂ ਐਕਸ਼ਨ ਲਿਆ ਜਾ ਰਿਹਾ ਹੈ।



ਵਿਸ਼ੇਸ਼ ਜਾਂਚ ਟੀਮ ਅੰਮ੍ਰਿਤਸਰ ਦੇ ਐੱਸ.ਜੀ.ਪੀ.ਸੀ.ਦਫ਼ਤਰ ਮਗਰੋਂ ਹੁਣ ਚੰਡੀਗੜ੍ਹ ਦੇ ਸੈਕਟਰ-5 ਸਥਿਤ ਐੱਸ. ਜੀ. ਪੀ. ਸੀ. ਦਫ਼ਤਰ ਵਿਖੇ ਪੁੱਜੀ ਹੈ। ਸਿੱਟ ਦੇ ਮੈਂਬਰ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਜਿਹੜਾ ਰਿਕਾਰਡ ਚਾਹੀਦਾ ਹੈ, ਉਸ ਸਬੰਧੀ ਐੱਸ. ਜੀ. ਪੀ. ਸੀ. ਨੂੰ ਇਕ ਪੱਤਰ ਦਿੱਤਾ ਗਿਆ ਹੈ ਅਤੇ ਐੱਸ. ਜੀ. ਪੀ. ਸੀ. ਨੇ ਸਿੱਟ ਨੂੰ ਭਰੋਸਾ ਦੁਆਇਆ ਹੈ ਕਿ ਐੱਸ. ਜੀ. ਪੀ. ਸੀ. ਪ੍ਰਧਾਨ ਨਾਲ ਗੱਲ ਕਰਕੇ ਸਿੱਟ ਨੂੰ ਜਲਦ ਤੋਂ ਜਲਦ ਇਹ ਰਿਕਾਰਡ ਮੁਹੱਈਆ ਕਰਵਾਇਆ ਜਾਵੇਗਾ। ਜਿਵੇਂ ਹੀ ਇਹ ਰਿਕਾਰਡ ਮਿਲਦਾ ਹੈ ਤਾਂ ਸਿੱਟ ਵਲੋਂ ਜਾਂਚ ਹੋਰ ਅੱਗੇ ਲਿਜਾਈ ਜਾਵੇਗੀ। ਸਿੱਟ ਮੈਂਬਰ ਨੇ ਕਿਹਾ ਕਿ ਇਹ ਬੇਹੱਦ ਸੰਵੇਦਨਸ਼ੀਲ ਮਸਲਾ ਹੈ। ਇਸ ਲਈ ਇਸ ਦੇ ਹਰ ਪਹਿਲੂ ਦੀ ਡੂੰਘਾਈ ਨਾਲ ਤਫ਼ਤੀਸ਼ ਕੀਤੀ ਜਾ ਰਹੀ ਹੈ। ਸਿੱਟ ਮੈਂਬਰ ਨੇ ਕਿਹਾ ਕਿ ਇਸ ਜਾਂਚ ਦੌਰਾਨ ਸਾਨੂੰ ਜਿਸ ਦੀ ਵੀ ਲੋੜ ਹੋਵੇਗੀ, ਉਸ ਨੂੰ ਸੰਮਨ ਕੀਤੇ ਜਾਣਗੇ।

## ਰਸ਼ੀਆ ਨੇ ਮੁੜ ਯੂਕਰੇਨ ’ਤੇ ਢਾਹਿਆ ਕਹਿਰ : 300 ਡਰੋਨ, ਦਰਜਨਾਂ ਮਿਜ਼ਾਈਲਾਂ ਨਾਲ ਹਮਲਾ, ਪਾਵਰ ਗਰਿੱਡ ਨੂੰ ਵੀ ਬਣਾਇਆ ਨਿਸ਼ਾਨਾ



**ਮਾਸਕੋ, 13 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਰੂਸ ਨੇ ਯੂਕਰੇਨ ’ਤੇ ਇੱਕ ਹੋਰ ਹਮਲਾ ਕੀਤਾ ਹੈ। ਇਹ ਚਾਰ ਦਿਨਾਂ ਵਿੱਚ ਯੂਕਰੇਨ ਵਿੱਚ ਚੌਥਾ ਵੱਡਾ ਡਰੋਨ ਹਮਲਾ ਹੈ। ਅਧਿਕਾਰੀਆਂ ਨੇ ਮੰਗਲਵਾਰ ਨੂੰ ਕਿਹਾ ਕਿ ਇਸ ਵਾਰ, ਨਿਸ਼ਾਨਾ ਇੱਕ ਪਾਵਰ ਗਰਿੱਡ ਸੀ। ਇਹ ਹਮਲੇ ਰੂਸ ਅਤੇ ਯੂਕਰੇਨ ਵਿਚਕਾਰ ਜੰਗ ਨੂੰ ਰੋਕਣ ਦੀਆਂ ਅਮਰੀਕੀ ਕੋਸ਼ਿਸ਼ਾਂ ਨੂੰ ਵੀ ਰੋਕਦੇ ਹਨ। ਜ਼ਿਕਰਯੋਗ ਹੈ ਕਿ ਦੋਵਾਂ ਦੇਸ਼ਾਂ ਵਿਚਕਾਰ ਜੰਗ ਲਗਭਗ ਚਾਰ ਸਾਲਾਂ ਤੋਂ ਚੱਲ ਰਹੀ ਹੈ। ਯੂਕਰੇਨ ਦੇ ਰਾਸ਼ਟਰਪਤੀ ਜ਼ੇਲੇਨਸਕੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਰੂਸ ਨੇ ਲਗਭਗ 300 ਡਰੋਨ, 18 ਬੈਲਿਸਟਿਕ ਮਿਜ਼ਾਈਲਾਂ ਅਤੇ ਸੱਤ ਕਰੂਜ਼ ਮਿਜ਼ਾਈਲਾਂ ਦੀ ਵਰਤੋਂ ਕਰਕੇ ਹਮਲਾ ਕੀਤਾ। ਰਾਤ ਭਰ ਹੋਏ ਹਮਲੇ ਵਿੱਚ ਅੱਠ ਇਲਾਕਿਆਂ ਨੂੰ ਨਿਸ਼ਾਨਾ ਬਣਾਇਆ ਗਿਆ, ਜਿਸ ਵਿੱਚ ਉੱਤਰ-ਪੂਰਬੀ ਖਾਰਕਿਵ ਵਿੱਚ ਇੱਕ ਡਾਕ ਡਿਪੂ ਵਿੱਚ ਚਾਰ ਲੋਕ ਮਾਰੇ ਗਏ। ਕੀਵ ਖੇਤਰ ਦੇ ਸੈਂਕੜੇ ਘਰ ਵੀ ਹਨੇਰੇ ਵਿੱਚ ਡੁੱਬ ਗਏ। ਯੂਕਰੇਨ ਦੀ ਰਾਜਧਾਨੀ ਇਨ੍ਹਾਂ ਦਿਨਾਂ ਵਿੱਚ ਬਹੁਤ ਜ਼ਿਆਦਾ ਠੰਢ ਦਾ ਸਾਹਮਣਾ ਕਰ ਰਹੀ ਹੈ, ਦਿਨ ਦਾ ਤਾਪਮਾਨ ਮਨਫੀ 12 ਡਿਗਰੀ ਸੈਲਸੀਅਸ ਤੱਕ ਡਿੱਗ ਗਿਆ ਹੈ। ਸੜਕਾਂ ’ਤੇ ਬਰਫ਼ ਛਾਈ ਹੋਈ ਹੈ, ਅਤੇ ਜਨਰੇਟਰਾਂ ਦੀ ਆਵਾਜ਼ ਸ਼ਹਿਰ ਨੂੰ ਭਰ ਦਿੰਦੀ ਹੈ। ਸਥਾਨਕ ਅਧਿਕਾਰੀਆਂ ਦੇ ਅਨੁਸਾਰ, ਯੂਕਰੇਨ ਦੇ ਖਾਰਕਿਵ ਖੇਤਰ ਵਿੱਚ ਰੂਸੀ ਹਮਲਿਆਂ ਵਿੱਚ 10 ਲੋਕ ਜ਼ਖਮੀ ਹੋਏ ਹਨ। ਦੱਖਣੀ ਸ਼ਹਿਰ ਓਡੇਸਾ ਵਿੱਚ ਛੇ ਲੋਕ ਜ਼ਖਮੀ ਹੋਏ ਹਨ। ਖੇਤਰੀ ਫੌਜੀ ਪ੍ਰਸ਼ਾਸਨ ਦੇ ਮੁਖੀ ਓਲੇਹ ਕਿਪਰ ਨੇ ਕਿਹਾ ਕਿ ਹਮਲਿਆਂ ਨੇ ਊਰਜਾ ਗਰਿੱਡ, ਇੱਕ ਹਸਪਤਾਲ, ਇੱਕ ਕਿੰਡਰਗਾਰਟਨ, ਇੱਕ ਵਿਦਿਅਕ ਸੰਸਥਾ ਅਤੇ ਕਈ ਰਿਹਾਇਸ਼ੀ ਇਮਾਰਤਾਂ ਨੂੰ ਨੁਕਸਾਨ ਪਹੁੰਚਾਇਆ ਹੈ। ਰੂਸੀ ਹਮਲਿਆਂ ਨੇ ਕਠੋਰ ਸਰਦੀਆਂ ਵਿੱਚ ਯੂਕਰੇਨੀ ਨਾਗਰਿਕਾਂ ਦੀਆਂ ਮੁਸ਼ਕਲਾਂ ਨੂੰ ਹੋਰ ਵਧਾ ਦਿੱਤਾ ਹੈ। ਰੂਸ ਵੱਲੋਂ ਪਾਵਰ ਗਰਿੱਡ ’ਤੇ ਹਮਲੇ ਬਿਜਲੀ ਅਤੇ ਪਾਣੀ ਦੀ ਸਪਲਾਈ ਵਿੱਚ ਵਿਘਨ ਪਾ ਰਹੇ ਹਨ। ਰੂਸ ਯੂਕਰੇਨੀ ਨਾਗਰਿਕਾਂ ਦੀਆਂ ਮੁਸ਼ਕਲਾਂ ਵਧਾ ਕੇ ਯੁੱਧ ਵਿੱਚ ਫਾਇਦਾ ਹਾਸਲ ਕਰਨਾ ਚਾਹੁੰਦਾ ਹੈ। ਯੂਕਰੇਨੀ ਅਧਿਕਾਰੀਆਂ ਨੇ ਇਸ ਰਣਨੀਤੀ ਨੂੰ ਠੰਡ ਨੂੰ ਹਥਿਆਰ ਬਣਾਉਣ ਦੀ ਰਣਨੀਤੀ ਦੱਸਿਆ ਹੈ।

## ਪੰਜਾਬ ਪੁਲਸ ਨੂੰ ਦਿੱਲੀ ਸਪੀਕਰ ਦੀ ਦੋ ਟੁੱਕ-3 ਦਿਨਾਂ ’ਚ ਦਿਓ ਜਵਾਬ, ਨਹੀਂ ਤਾਂ ਹੋਵੇਗੀ ਕਾਰਵਾਈ

**ਨਵੀਂ ਦਿੱਲੀ, 13 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਦੇ ਬਿਆਨ ਲਈ ਦਰਜ ਕੀਤੇ ਗਏ ਮਾਮਲੇ ਨੂੰ ਲੈ ਕੇ ਵੱਡੀ ਖ਼ਬਰ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ, ਪੰਜਾਬ ਪੁਲਸ ਦੇ ਸੀਨੀਅਰ ਅਧਿਕਾਰੀਆਂ, ਡੀਜੀਪੀ ਗੌਰਵ ਯਾਦਵ, ਸਾਈਬਰ ਕ੍ਰਾਈਮ ਦੇ ਵਿਸ਼ੇਸ਼ ਡੀਜੀਪੀ ਵੀ. ਨੀਰਜਾ ਅਤੇ ਜਲੰਧਰ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੂੰ ਦਿੱਲੀ ਵਿਧਾਨ ਸਭਾ ਨੇ ਜਵਾਬ ਦੇਣ ਲਈ 3 ਦਿਨ ਦਾ ਸਮਾਂ ਦਿੱਤਾ ਹੈ। ਸਪੀਕਰ ਅਨੁਸਾਰ ਅਗਲੀ ਕਾਰਵਾਈ ਪੁਲਸ ਅਧਿਕਾਰੀਆਂ ਦੇ ਜਵਾਬ ਮਿਲਣ ਤੋਂ ਬਾਅਦ ਤੈਅ ਕੀਤੀ ਜਾਵੇਗੀ। ਜ਼ਿਕਰਯੋਗ ਹੈ ਕਿ ਪਹਿਲਾਂ ਉਨ੍ਹਾਂ ਨੂੰ 24 ਘੰਟਿਆਂ ਦੇ ਅੰਦਰ ਜਵਾਬ ਦੇਣ ਲਈ ਕਿਹਾ ਗਿਆ ਸੀ। ਇਸ ਦੌਰਾਨ ਪੁਲਸ ਅਧਿਕਾਰੀਆਂ ਨੇ ਦਿੱਲੀ ਵਿਧਾਨ ਸਭਾ ਦੇ ਸਪੀਕਰ ਨੂੰ ਇੱਕ ਪੱਤਰ ਲਿਖ ਕੇ ਮਾਮਲੇ ਦੀ ਪੂਰੀ ਜਾਣਕਾਰੀ ਇਕੱਠੀ ਕਰਨ ਲਈ ਤਿੰਨ ਦਿਨਾਂ ਦਾ ਸਮਾਂ ਮੰਗਿਆ ਸੀ। ਦਿੱਲੀ ਵਿਧਾਨ ਸਭਾ ਦੇ ਸਪੀਕਰ ਵਿਜੇਂਦਰ ਗੁਪਤਾ ਨੇ ਸੋਮਵਾਰ ਸ਼ਾਮ ਨੂੰ ਪੰਜਾਬ ਦੇ ਡੀ.ਜੀ.ਪੀ., ਸਪੈਸ਼ਲ ਡੀ.ਜੀ.ਪੀ. (ਸਾਈਬਰ ਕ੍ਰਾਈਮ) ਅਤੇ ਜਲੰਧਰ ਦੇ ਪੁਲਿਸ ਕਮਿਸ਼ਨਰ ਨੂੰ ਆਪਣੇ ਜਵਾਬ ਦਾਖਲ ਕਰਨ ਲਈ 3 ਦਿਨਾਂ ਦਾ ਹੋਰ ਸਮਾਂ ਦੇ ਦਿੱਤਾ ਹੈ।



ਦੱਸ ਦੇਈਏ ਕਿ ਇਹ ਵਿਵਾਦ 7 ਜਨਵਰੀ ਦੀ ਰਾਤ ਨੂੰ ਜਲੰਧਰ ਦੇ ਕਮਿਸ਼ਨਰੇਟ ਪੁਲਸ ਵੱਲੋਂ ਦਰਜ ਕੀਤੀ ਗਈ ਇੱਕ ਐਫ.ਆਈ.ਆਰ. ਤੋਂ ਸ਼ੁਰੂ ਹੋਇਆ ਸੀ। ਪੁਲਸ ਨੇ ਦਾਅਵਾ ਕੀਤਾ ਸੀ ਕਿ ਭਾਜਪਾ ਆਗੂ ਕਪਿਲ ਮਿਸ਼ਰਾ ਦੇ ‘ਐਕਸ’ (ਪਹਿਲਾਂ ਟਵਿੱਟਰ) ਖਾਤੇ ਤੋਂ ਡਾਊਨਲੋਡ ਕੀਤੀ ਆਤਿਸ਼ੀ ਦੀ ਇੱਕ ਵੀਡੀਓ ਕਲਿੱਪ ਦੀ ਫੋਰੈਂਸਿਕ ਜਾਂਚ ਵਿੱਚ ਪਤਾ ਲੱਗਾ ਹੈ ਕਿ ਉਸ ਨਾਲ ਛੇੜਛਾੜ ਕੀਤੀ ਗਈ ਸੀ। ਇਹ ਸ਼ਿਕਾਇਤ ‘ਆਪ’ ਸਮਰਥਕ ਇਕਬਾਲ ਸਿੰਘ ਵੱਲੋਂ ਦਰਜ ਕਰਵਾਈ ਗਈ ਸੀ, ਜਿਸ ਵਿੱਚ ਕਪਿਲ ਮਿਸ਼ਰਾ, ਸੁਖਬੀਰ ਸਿੰਘ ਬਾਦਲ, ਪਰਗਟ ਸਿੰਘ ਅਤੇ ਸੁਖਪਾਲ ਸਿੰਘ ਖਹਿਰਾ ਦੇ ਨਾਂ ਸ਼ਾਮਲ ਸਨ।

ਇਸ ਦੌਰਾਨ ਸਪੀਕਰ ਨੇ ਦੱਸਿਆ ‘ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ’ ਸਪੀਕਰ ਵਿਜੇਂਦਰ ਗੁਪਤਾ ਨੇ ਇਸ ਕਾਰਵਾਈ ਨੂੰ “ਬੇਹੱਦ ਮੰਦਭਾਗਾ” ਕਰਾਰ ਦਿੰਦਿਆਂ ਕਿਹਾ ਕਿ ਇਹ ਦਿੱਲੀ ਵਿਧਾਨ ਸਭਾ ਦੇ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਹੈ ਅਤੇ ਭਾਰਤ ਦੇ ਸੰਵਿਧਾਨ ’ਤੇ ਹਮਲਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜਿਸ ਵੀਡੀਓ ਦੇ ਅਧਾਰ ’ਤੇ ਐਫ.ਆਈ.ਆਰ. ਦਰਜ ਕੀਤੀ ਗਈ ਹੈ, ਉਹ ਕੋਈ ਨਿੱਜੀ ਰਿਕਾਰਡਿੰਗ ਨਹੀਂ ਹੈ, ਸਗੋਂ ਸਦਨ ਦੀ ਅਧਿਕਾਰਤ ਰਿਕਾਰਡਿੰਗ ਹੈ ਅਤੇ ਇਹ ਪੂਰੀ ਤਰ੍ਹਾਂ ਸਦਨ ਦੀ ਜਾਇਦਾਦ ਹੈ। ਉਨ੍ਹਾਂ ਕਿਹਾ ਕਿ ਸਦਨ ਦੀ ਜਾਇਦਾਦ ਦੀ ਇਸ ਤਰ੍ਹਾਂ ਦੁਰਵਰਤੋਂ ਕਰਨਾ ਅਤੇ ਕਿਸੇ ਮੈਂਬਰ ਜਾਂ ਮੰਤਰੀ ਵਿਰੁੱਧ ਮਾਮਲਾ ਦਰਜ ਕਰਨਾ ਗੰਭੀਰ ਵਿਸ਼ਾ ਹੈ।

## ਪੇਸ਼ੀ ’ਤੇ ਆਏ ਕੈਦੀਆਂ ਨੇ ਬੰਨ੍ਹ’ਤਾ ਪੁਲਸ ਅਧਿਕਾਰੀ, ਫਿਲਮੀ ਅੰਦਾਜ਼ ’ਚ ਸਰਕਾਰੀ ਗੱਡੀ ਲੈ ਕੇ ਹੋਏ ਫਰਾਰ

**ਅੰਮ੍ਰਿਤਸਰ, 13 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੇਸ਼ੀ ਲਈ ਅਦਾਲਤ ਆਏ ਤਿੰਨ ਕੈਦੀਆਂ ਵੱਲੋਂ ਪੁਲਸ ਅਧਿਕਾਰੀ ਨੂੰ ਬੰਨ੍ਹ ਕੇ ਫਿਲਮੀ ਅੰਦਾਜ਼ ਵਿੱਚ ਗੱਡੀ ਭਜਾ ਕੇ ਫਰਾਰ ਹੋਣ ਦੀ ਕੋਸ਼ਿਸ਼ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਮੁਤਾਬਕ ਪੁਲਸ ਵੱਲੋਂ ਤਿੰਨ ਕੈਦੀਆਂ ਨੂੰ ਹੱਥਕੜੀਆਂ ਲਗਾ ਕੇ ਅਦਾਲਤ ਵਿੱਚ ਪੇਸ਼ੀ ਲਈ ਲਿਆਂਦਾ ਗਿਆ ਸੀ। ਇਸ ਦੌਰਾਨ ਕਿਸੇ ਤਰੀਕੇ ਨਾਲ ਕੈਦੀਆਂ ਨੇ ਪੁਲਸ ਅਧਿਕਾਰੀ ਨੂੰ ਬੰਨ੍ਹ ਦਿੱਤਾ ਅਤੇ ਸਰਕਾਰੀ ਗੱਡੀ ਲੈ ਕੇ ਭੱਜਣ ਦੀ ਕੋਸ਼ਿਸ਼ ਕੀਤੀ। ਪੁਲਸ ਅਧਿਕਾਰੀ ਨੇ ਦੱਸਿਆ ਜਦੋਂ ਮੁਲਜ਼ਮ ਗੱਡੀ ਭਜਾ ਰਹੇ ਸਨ, ਤਦ ਅਚਾਨਕ ਗੱਡੀ ਇੱਕ ਕੰਧ ਨਾਲ ਜਾ ਟਕਰਾਈ। ਟੱਕਰ ਹੋਣ ਕਾਰਨ ਗੱਡੀ ਦੇ ਏਅਰਬੈਗ ਖੁੱਲ੍ਹ ਗਏ, ਜਿਸ ਨਾਲ ਮੁਲਜ਼ਮਾਂ ਨੂੰ ਤੁਰੰਤ ਕਾਬੂ ਕਰ ਲਿਆ ਗਿਆ। ਘਟਨਾ ਤੋਂ ਬਾਅਦ ਪੁਲਸ ਨੇ ਤਿੰਨਾਂ ਕੈਦੀਆਂ ਨੂੰ ਮੁੜ ਜੇਲ੍ਹ ਭੇਜ ਦਿੱਤਾ ਹੈ। ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਮੁਲਜ਼ਮਾਂ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।



## ਮਜੀਠੀਆ ਦੀ ਜਾਨ ਨੂੰ ਹੈ ਖਤਰਾ; ਪੰਜਾਬ ਸਰਕਾਰ ਨੇ ਮੰਨਿਆ, ਹਾਈਕੋਰਟ ਨੇ ਸੁਰੱਖਿਆ ਨੂੰ ਲੈ ਕੇ ਜਾਰੀ ਕੀਤੇ ਹੁਕਮ ਤੇ ਚੇਤਾਵਨੀ

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਨੂੰ ਧਮਕੀ ਮਾਮਲੇ ’ਚ ਪੰਜਾਬ ਸਰਕਾਰ ਨੇ ਪੰਜਾਬ-ਹਰਿਆਣਾ ਹਾਈਕੋਰਟ ’ਚ ਕਬੂਲ ਕੀਤਾ ਹੈ ਕਿ ਅਕਾਲੀ ਆਗੂ ਦੀ ਜਾਨ ਨੂੰ ਖਤਰਾ ਹੈ। ਹਾਈਕੋਰਟ ਨੇ ਇਸ ਮਾਮਲੇ ’ਚ ਸੁਣਵਾਈ ਕਰਦੇ ਹੋਏ ਪੰਜਾਬ ਸਰਕਾਰ ਨੂੰ ਆਗੂ ਦੀ ਸੁਰੱਖਿਆ ਨੂੰ ਲੈ ਕੇ ਜਿਥੇ ਹੁਕਮ ਜਾਰੀ ਕੀਤੇ ਹਨ, ਉਥੇ ਹੀ ਕਿਹਾ ਹੈ ਕਿ ਜੇ ਚੂਕ ਹੋਈ ਤਾਂ ਏਡੀਜੀਪੀ ਜੇਲ੍ਹ ਤੇ ਨਾਭਾ ਜੇਲ੍ਹ ਸੁਪਰਡੈਂਟ ਜ਼ਿੰਮੇਵਾਰ ਹੋਣਗੇ। ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਮਜੀਠੀਆ ਦੀ ਸੁਰੱਖਿਆ ਯਕੀਨੀ ਬਣਾਉਣ ਦੇ ਹੁਕਮ ਦਿੱਤੇ। ਇਸ ਨੇ ਇਹ ਵੀ ਚੇਤਾਵਨੀ ਦਿੱਤੀ ਕਿ ਜੇਕਰ ਸੁਰੱਖਿਆ ਵਿੱਚ ਕੋਈ ਕਮੀ ਆਈ ਤਾਂ ਏਡੀਜੀਪੀ (ਜੇਲ੍ਹਾਂ) ਅਤੇ ਨਾਭਾ ਜੇਲ੍ਹ ਸੁਪਰਡੈਂਟ ਜ਼ਿੰਮੇਵਾਰ ਹੋਣਗੇ ਅਤੇ ਉਨ੍ਹਾਂ ਨੂੰ ਕਾਰਵਾਈ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

# ਸਿੱਖ ਧਰਮ 'ਚ ਮਾਘੀ ਦੇ ਤਿਓਹਾਰ ਦੀ ਮਹੱਤਤਾ



**ਮਾਘੀ** ਤੋਂ ਭਾਵ ਮਾਘ ਮਹੀਨੇ ਦੀ ਸੰਗਰਾਂਦ, ਜੋ ਲੋਹੜੀ ਤੋਂ ਅਗਲੇ ਦਿਨ ਆਉਂਦੀ ਹੈ। ਮਾਘੀ ਇੱਕ ਪੰਜਾਬੀ ਤਿਉਹਾਰ ਹੈ। ਹਿੰਦੀ ਵਿੱਚ ਇਸਨੂੰ ਮਕਰ ਸਕ੍ਰਾਂਤੀ ਕਿਹਾ ਜਾਂਦਾ ਹੈ। ਮਾਘੀ ਕੇਵਲ ਪੰਜਾਬ ਵਿੱਚ ਹੀ ਨਹੀਂ ਬਲਕਿ ਸਾਰੇ ਭਾਰਤ ਵਿੱਚ ਲੋਕੀਂ ਦਰਿਆਵਾਂ, ਝੀਲਾਂ, ਸਰੋਵਰਾਂ ਆਦਿ ਵਿੱਚ ਇਸ਼ਨਾਨ ਕਰਕੇ ਮਨਾਉਂਦੇ ਹਨ।ਮਾਘੀ, ਪੰਜਾਬੀ ਕਲੈਂਡਰ ਮੁਤਾਬਿਕ ਮਾਘ ਮਹੀਨੇ ਦੇ ਪਹਿਲੇ ਦਿਨ ਨੂੰ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿੱਚ ਮਨਾਈ ਜਾਂਦੀ ਹੈ।ਇਹ ਮਹੀਨਾ ਅਸਲ ਵਿਚ ਸੁਹਾਵਣੇ ਮੌਸਮ ਦੀ ਦਸਤਕ ਹੈ।ਦਰੱਖਤ ਨਿੱਕੀਆਂ, ਮੁਲਾਇਮ ਤੇ ਮਲੂਕ ਪੱਤੀਆਂ ਨਾਲ ਸਜਦੇ ਜਾਪਦੇ ਹਨ। ਦੇਸੀ ਸਾਲ ਦੇ ਇਸ 11ਵੇਂ ਮਹੀਨੇ ਦਾ ਆਪਣਾ ਹੀ ਰੰਗ ਹੁੰਦਾ ਹੈ।ਮਾਘ ਮਹੀਨੇ ਦਾ ਆਗਾਜ਼ ਹੀ ਤਿਉਹਾਰ ਨਾਲ ਹੁੰਦਾ ਹੈ।ਮਾਘ ਦੀ ਸੰਗਰਾਂਦ ਮਾਘੀ ਅਖਵਾਉਂਦੀ ਹੈ।ਮਾਘ ਦਾ ਮਹੀਨਾ ਅੰਗਰੇਜ਼ੀ ਮਹੀਨਿਆਂ ਦੇ ਹਿਸਾਬ ਨਾਲ 14 ਜਨਵਰੀ ਤੋਂ 13 ਫਰਵਰੀ ਤੱਕ ਚੱਲਦਾ ਹੈ। ਲੋਹੜੀ-ਮਾਘੀ ਕਿਉਂਕਿ ਸੂਰਜ ਵਰ੍ਹੇ ਅਨੁਸਾਰ ਆਉਂਦੇ ਹਨ, ਇਸ ਕਰ ਕੇ ਮਾਘੀ ਪੱਕੇ ਤੌਰ 'ਤੇ ਹੀ 14 ਜਨਵਰੀ ਨੂੰ ਆਉਂਦੀ ਹੈ ਤੇ ਲੀਪ ਵਾਲੇ ਸਾਲ ਇਕ ਦਿਨ ਅੱਗੇ ਚਲੀ ਜਾਂਦੀ ਹੈ। ਪੰਜਾਬ ਵਿਚ ਮਾਘੀ ਦੀ ਸੰਗਰਾਂਦ ਨੂੰ ਸੂਰਜ 7:31 'ਤੇ ਸਵੇਰੇ ਨਿਕਲਦਾ ਹੈ ਅਤੇ 5:48 'ਤੇ ਡੁੱਬਦਾ ਹੈ। ਮਾਘ ਦੇ ਮਹੀਨੇ ਸਹਿਜ ਭਾ ਦਿਨ-ਬ-ਦਿਨ ਸਰਦੀ ਘਟਣ ਲੱਗਦੀ ਹੈ ਪਰ ਕਦੀ-ਕਦੀ ਬਰਸਾਤ ਹੋਣ ਨਾਲ ਠੰਢ ਇਕ ਦਮ ਵਧ ਜਾਂਦੀ ਹੈ ਅਤੇ ਧੁੰਦਾਂ ਪੈਣ ਲੱਗਦੀਆਂ ਹਨ। ਜਿਸ ਤਰ੍ਹਾਂ ਮਾਘੀ ਤਿਓਹਾਰ ਨੂੰ ਸੂਰਜੀ ਮਹੀਨੇ ਮਾਘ ਵਿੱਚ ਮਨਾਇਆ ਜਾਂਦਾ ਹੈ ਉਸ ਅਨੁਸਾਰ ਬਸੰਤ ਤਿਓਹਾਰ ਨੂੰ ਚੰਦਰ ਮਹੀਨੇ ਦੇ ਮਾਘ ਵਿੱਚ ਮਨਾਇਆ ਜਾਂਦਾ ਹੈ 9 ਇਹ ਦੋਵੇਂ ਮਹੀਨੇ ਮੌਸਮੀ ਹਨ ਜਿਹਨਾਂ ਵਿੱਚ ਮਾਘੀ ਬਸੰਤ ਤੋਂ ਪਹਿਲਾਂ ਮਨਾਈ ਜਾਂਦੀ ਹੈ। ਲੋਹੜੀ ਵਾਲੇ ਦਿਨ ਪੰਜਾਬ ਦੇ ਹਰ ਘਰ ਵਿੱਚ ਗੰਨੇ ਦੇ ਰਸ ਦੀ ਖੀਰ ਬਣਾਈ ਜਾਂਦੀ ਸੀ। ਜੋ ਕਿ ਦੂਜੇ ਦਿਨ ਮਾਘੀ ਵਾਲੇ ਦਿਨ ਖਾਧੀ ਜਾਂਦੀ ਹੈ। ਇਸ ਲਈ ਕਿਹਾ ਜਾਂਦਾ ਹੈ " ਪੋਹ ਰਿੱਧੀ ਤੇ ਮਾਘ ਖਾਧੀ " । ਪਰ ਹੁਣ ਗੰਨੇ ਦੇ ਰਸ ਦੀ ਖੀਰ ਦੀ ਜਗਾਂ ਦੁੱਧ ਦੀ ਚੌਲਾਂ ਵਾਲੀ ਖੀਰ ਜਾਂ ਮੋਠ ਬਾਜਰੇ ਦੀ ਖਿਚੜੀ ਬਣਾਈ ਤੇ ਖਾਂਦੀ ਜਾਂਦੀ ਹੈ। ਵੈਸੇ ਵੀ ਸਮੇਂ ਨਾਲ ਸਿਹਤ ਦੇ ਹਿਸਾਬ ਨਾਲ ਸੁਆਦ ਬਦਲਦੇ ਰਹਿੰਦੇ ਆ ਪਰ ਇਹ ਪੋਹ ਰਿੱਧੀ ਤੇ ਮਾਘ ਖਾਧੀ ਦੀ ਰੀਤ ਅੱਜ ਵੀ ਪੰਜਾਬ ਦੇ ਪਿੰਡਾਂ ਵਿੱਚ ਚੱਲਦੀ ਹੈ। ਮੁਕਤਸਰ ਦੀ ਮਾਘੀ ਦੇ ਨਾਂ ਨਾਲ ਜਾਣਿਆ ਜਾਂਦਾ ਮਾਘੀ ਦਾ ਮੇਲਾ ਸਿੱਖ ਧਰਮ ਲਈ ਖਾਸ ਇਤਿਹਾਸਕ ਮਹੱਤਵ ਰੱਖਦਾ ਹੈ, ਇਹ ਮੇਲਾ ਸ਼੍ਰੀ ਮੁਕਤਸਰ ਸਾਹਿਬ ਵਿਖੇ ਮਾਘ ਦੇ ਮਹੀਨੇ ਦੀ ਪਹਿਲੀ ਤਾਰੀਖ਼ ਅਥਵਾ ਮਾਘ ਦੀ ਸੰਗਰਾਂਦ ਨੂੰ ਮਨਾਇਆ ਜਾਂਦਾ ਹੈ। ਸੰਗਤਾਂ ਦੂਰ-ਦੂਰ ਤੋਂ ਇਥੇ ਪਹੁੰਚਦੀਆਂ ਹਨ ਅਤੇ 40 ਮੁਕਤਿਆਂ ਦੀ ਕੁਰਬਾਨੀ ਯਾਦ ਕਰਦਿਆਂ ਸ਼ਰਧਾ ਸਹਿਤ ਇਸ਼ਨਾਨ ਕਰਦੀਆਂ ਹਨ। ਬਹੁਤ ਸਾਰੇ ਲੋਕ ਰਾਤ ਮੁਕਤਸਰ ਸਾਹਿਬ ਪਹੁੰਚ ਜਾਂਦੇ ਹਨ ਅਤੇ ਸਵੇਰੇ ਸਾਜਰੇ ਉਠ ਕੇ ਇਸ਼ਨਾਨ ਕਰਦੇ ਹਨ। ਮੁਕਤਸਰ ਦੀ ਮਾਘੀ ਦਾ ਮੇਲਾ ਪੁਰਾਤਨ ਸਮੇਂ ਤੋ ਹੀ ਖਿੱਚ ਦਾ ਕੇਂਦਰ ਰਿਹਾ ਹੈ। ਮੁਕਤਸਰ ਦੀ ਮਾਘੀ ਦਾ ਇਤਿਹਾਸ ਬਹੁਤ ਮੱਹਤਵ ਰੱਖਦਾ।ਮੁਕਤਸਰ ਦਾ ਪੁਰਾਣਾ ਨਾਂ ਖਿਦਰਾਣੇ ਦੀ ਢਾਬ ਸੀ।ਸਿੱਖਾਂ ਦੇ ਦਸਵੇਂ ਗੁਰੂ ਗੋਬਿੰਦ ਸਿੰਘ ਜੀ ਨੂੰ ਮੁਗਲਾਂ ਨਾਲ ਅਨੇਕਾਂ ਲੜਾਈਆਂ ਲੜਨੀਆਂ ਪਈਆਂ। ਜਦੋਂ ਗੁਰੂ ਗੋਬਿੰਦ ਸਿੰਘ ਜੀ ਨੇ ਖਿਦਰਾਣੇ ਦੀ ਢਾਬ ਵਿੱਚ ਡੇਰੇ ਲਾਏ ਤਾਂ ਹਜ਼ਾਰਾਂ ਦੀ ਗਿਣਤੀ ਵਿੱਚ ਮੁਗ.ਲ ਫ਼ੌਜਾਂ ਨੇ ਖਿਦਰਾਣੇ ਦੀ ਢਾਬ ਨੂੰ ਆ ਘੇਰਿਆ ਅਤੇ ਇੱਥੇ ਸਿੱਖਾਂ-ਮੁਗਲਾਂ ਵਿਚਕਾਰ ਭਿਅੰਕਰ ਲੜਾਈ ਹੋਈ, ਇਸ ਲੜਾਈ ਵਿੱਚ ਮਾਝੇ ਦੇ ਉਹ ਚਾਲੀ ਸਿੱਖ ਜਿਹੜੇ ਆਨੰਦਪੁਰ ਦੇ ਕਿਲ੍ਹੇ ਦੀ ਘੇਰਾ ਬੰਦੀ ਸਮੇਂ ਗੁਰੂ ਗੋਬਿੰਦ ਸਿੰਘ ਜੀ ਨੂੰ ਭਾਈ ਮਹਾਂ ਸਿੰਘ ਦੀ ਅਗਵਾਈ ਦੇ ਹੇਠ ਬੇਦਾਵਾ ਦੇ ਕੇ ਉਹਨਾਂ ਦਾ ਸਾਥ ਛੱਡ ਕੇ ਗਏ ਸਨ,ਇਸ ਲੜਾਈ ਵਿੱਚ ਲੜਦੇ ਹੋਏ ਸ਼ਹੀਦ ਹੋ ਗਏ। ਗੁਰੂ ਗੋਬਿੰਦ ਸਿੰਘ ਜੀ ਨੇ ਉਹਨਾਂ ਦੀ ਲਾਸਾਨੀ ਸ਼ਹੀਦੀ ਤੋਂ ਪ੍ਰਭਾਵਿਤ ਹੋ ਕੇ ਓਹਨਾ ਨੂੰ ਮੁਕਤੀ ਦਾ ਵਰ ਦਿੱਤਾ ਤੇ ਕਿਹਾ ਕਿ

**ਖਿਦਰਾਣਾ ਕਰ ਮੁਕਤਸਰ, ਮੁਕਤ ਮੁਕਤ ਸਭ ਕੀਨ।**
**ਹੋਇ ਸਾਬਤ ਜੂਝੈ ਜਬੈ, ਬਡੋ ਮਰਤਬੋ ਲੀਨ ।**

ਜਿਸ ਕਾਰਨ ਖਿਦਰਾਣੇ ਦੀ ਢਾਬ ਦਾ ਨਾਂ ਮੁਕਤਸਰ ਪੈ ਗਿਆ,ਇਸ ਲੜਾਈ ਵਿੱਚ ਮਾਤਾ ਭਾਗ ਕੌਰ ਜੀ ਦੀ ਵੀ ਲਸਾਨੀ ਸ਼ਹਾਦਤ ਹੈ। ਇਨ੍ਹਾਂ ਚਾਲੀ ਸਿੱਖਾਂ ਦੀ ਸ਼ਹੀਦੀ ਦੀ ਯਾਦ ਵਿੱਚ ਇੱਥੇ ਗੁਰਦੁਆਰਾ ਤੰਬੂ ਸਾਹਿਬ ਤੇ ਉਸਦੇ ਨਾਲ ਹੀ ਮਾਤਾ ਭਾਗ ਕੌਰ ਜੀ ਦਾ ਗੁਰਦੁਆਰਾ ਸਾਹਿਬ ਹੈ ਅਤੇ ਅੱਗੇ ਚਲਦਿਆਂ ਹੀ ਸਰੋਵਰ ਦੇ ਦੂਜੇ ਕੰਡੇ ਗੁਰਦੁਆਰਾ ਟੁੱਟੀ ਗੰਡੀ ਸਾਹਿਬ ਹੈ ਜਿੱਥੇ ਗੁਰੂ ਗੋਬਿੰਦ ਸਿੰਘ ਜੀ ਨੇ ਉਹਨਾ ਸਿੰਘਾਂ ਦਾ ਬੇਦਾਵਾ ਪਾੜਿਆ ਸੀ,ਟੁੱਟੀ ਗੰਡੀ ਗੁਰਦੁਆਰਾ ਸਾਹਿਬ ਜੀ ਤੇ ਪਿਛਲੇ ਪਾਸੇ ਹੀ ਤਕਰੀਬਨ ਸੌ ਕੁ ਮੀਟਰ ਤੇ ਗੁਰਦੁਆਰਾ ਸ਼ਹੀਦ ਗੰਜ਼ ਹੈ ਜਿੱਥੇ ਜੰਗ ਵਿੱਚ ਸ਼ਹੀਦ ਹੋਏ ਸਿੰਘਾਂ ਦਾ ਅੰਤਿਮ ਸੰਸਕਾਰ ਕੀਤਾ ਗਿਆ ਸੀ। ਇਨ੍ਹਾਂ ਦੀ ਯਾਦ ਵਿੱਚ ਹੀ ਇੱਥੇ ਮਾਘ ਦੀ ਸੰਗਰਾਂਦ ਦਾ ਮੇਲਾ ਭਰਦਾ ਹੈ ਜਿਥੇ ਹਜ਼ਾਰਾਂ ਦੀ ਗਿਣਤੀ ਵਿੱਚ ਪੰਜਾਬ ਦੇ ਲੋਕ ਆਉਂਦੇ ਹਨ ਅਤੇ ਮਾਘੀ ਦਾ ਮੇਲਾ ਧੂਮ-ਧਾਮ ਨਾਲ ਮਨਾਉਂਦੇ ਹਨ।ਮਾਘ ਮਹੀਨੇ ਨੂੰ ਧਰਮੀ ਮਹੀਨਾ ਵੀ ਕਿਹਾ ਜਾਂਦਾ ਹੈ।

ਗੁਰੂ ਨਾਨਕ ਦੇਵ ਜੀ ਨੇ ਵੀ ਮਾਘ ਮਹੀਨੇ ਲਈ ਮਾਘੁ-ਰਚਨਾ ਲਿਖੀ ਜਿਸ ਵਿੱਚ ਗੁਰੂ ਜੀ ਨੇ ਕੁਦਰਤ ਚਿਤਰਨ ਨਾਲੋਂ ਤੀਰਥ, ਦਾਨ, ਇਸ਼ਨਾਨ ਤੇ ਧਿਆਨ ਦਾ ਵਰਣਨ ਕੀਤਾ ਹੈ

**ਮਾਘਿ ਪੁਨੀਤ ਭਈ**
**ਤੀਰਥੁ ਅੰਤਰਿ ਜਾਨਿਆ॥**
**ਸਾਜਨ ਸਹਜਿ ਮਿਲੇ**
**ਗੁਣ ਗਹਿ ਅੰਕ ਸਮਾਨਿਆ॥**
**ਪ੍ਰੀਤਮ ਗੁਣ ਅੰਕੇ ਸੁਣਿ ਪ੍ਰਭ ਬੰਕੇ**
**ਤੁਧ ਭਾਵਾ ਸਰਿ ਨਾਵਾ॥**
**ਗੰਗ ਜਮੁਨ ਤਹ ਬੇਣੀ ਸੰਗਮ**
**ਸਾਤ ਸਮੁੰਦ ਸਮਾਵਾ॥**
**ਪੁੰਨਿ ਦਾਨ ਪੂਜਾ ਪਰਮੇਸਰ**
**ਜੁਗਿ ਜੁਗਿ ਏਕੋ ਜਾਤਾ॥**
**ਨਾਨਕ ਮਾਘਿ ਮਹਾ ਰਸੁ ਹਰਿ ਜਪਿ**
**ਅਠਸਠਿ ਤੀਰਥ ਨਾਤਾ॥**

ਮਾਘ ਮਹੀਨੇ ਕੀਤੇ ਜਾਂਦੇ ਪੁੰਨ-ਦਾਨ, ਇਸ਼ਨਾਨ ਬਾਰੇ ਲੋਕ ਗੀਤਾਂ ਵਿਚ ਵੀ ਅਜਿਹਾ ਹੀ ਜ਼ਿਕਰ ਹੈ:

**ਮਾਘ ਦੇ ਮਹੀਨੇ ਜੀ ਮੈਂ ਇਸ਼ਨਾਨ ਕਰਦੀ**
**ਮੋਤੀਆਂ ਦੇ ਲਾਲ ਹੱਥੋਂ, ਪੁੰਨ-ਦਾਨ ਕਰਦੀ।**

ਮਾਘ ਪੰਜਾਬ ਦੇ ਨਾਲ -ਨਾਲ ਦੇਸ਼ ਦੇ ਹੋਰ ਵੀ ਭਾਗਾਂ ਵਿੱਚ ਮਨਾਇਆ ਜਾਦਾਂ ਹੈ ਜਿਵੇਂ ਤਾਮਿਲਨਾਡੂ ਵਿੱਚ, ਇਸਨੂੰ ਪੋਂਗਲ ਦੇ ਰੂਪ ਵਿੱਚ ਮਨਾਇਆ ਜਾਂਦਾ ਹੈ। ਕਰਨਾਟਕ, ਕੇਰਲ ਅਤੇ ਆਂਧਰਾ ਪ੍ਰਦੇਸ਼ ਵਿੱਚ ਇਸ ਨੂੰ ਇਕੱਲਾ ਸੰਕਰਾਂਤੀ ਕਿਹਾ ਜਾਂਦਾ ਹੈ। ਗੋਆ, ਓਡੀਸ਼ਾ, ਹਰਿਆਣਾ, ਬਿਹਾਰ, ਝਾਰਖੰਡ, ਆਂਧਰਾ ਪ੍ਰਦੇਸ਼, ਤੇਲੰਗਾਨਾ, ਕਰਨਾਟਕ, ਕੇਰਲਾ, ਮੱਧ ਪ੍ਰਦੇਸ਼, ਮਹਾਰਾਸ਼ਟਰ, ਰਾਜਸਥਾਨ, ਉੱਤਰ ਪ੍ਰਦੇਸ਼, ਬਿਹਾਰ, ਪੱਛਮੀ ਬੰਗਾਲ ਅਤੇ ਜੰਮੂ ਆਦਿ ਰਾਜਾਂ ਵਿੱਚ ਇਸ ਨੂੰ ਮਕਰ ਸੰਕਰਾਂਤੀ ਕਿਹਾ ਜਾਂਦਾ ਹੈ ਉੱਤਰ ਪ੍ਰਦੇਸ਼ ਵਿੱਚ ਇਹ ਮੁੱਖ ਤੌਰ 'ਤੇ ਮੇਲੇ ਦਾ ਤਿਉਹਾਰ ਹੈ, ਇਲਾਹਾਬਾਦ ਵਿੱਚ ਗੰਗਾ, ਯਮੁਨਾ ਤੇ ਸਰਸਵਤੀ ਦੇ ਸੰਗਮ 'ਤੇ ਹਰੇਕ ਸਾਲ ਇੱਕ ਮਹੀਨੇ ਤੱਕ ਮਾਘ ਮੇਲਾ ਲਗਾਇਆ ਜਾਂਦਾ ਹੈ ਜਿਸ ਨੂੰ ਮਾਘ ਮੇਲੇ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ, 14 ਜਨਵਰੀ ਤੋਂ ਹੀ ਇਲਾਹਾਬਾਦ ਵਿੱਚ ਹਰ ਸਾਲ ਮਾਘ ਮੇਲੇ ਦੀ ਸ਼ੁਰੂਆਤ ਹੁੰਦੀ ਹੈ, ਸਮੁੱਚੇ ਉੱਤਰ ਪ੍ਰਦੇਸ਼ ਵਿੱਚ ਇਸ ਤਿਉਹਾਰ ਨੂੰ ਖਿਚੜੀ ਦੇ ਨਾਂਅ ਨਾਲ ਵੀ ਜਾਣਿਆ ਜਾਂਦਾ ਹੈ ਅਤੇ ਇਸ ਦਿਨ ਖਿਚੜੀ ਖਾਣ ਅਤੇ ਖਿਚੜੀ ਦਾਨ ਕਰਨ ਦਾ ਵਧੇਰੇ ਮਹੱਤਵ ਹੁੰਦਾ ਹੈ, ਇਸੇ ਤਰ੍ਹਾਂ ਬਿਹਾਰ ਵਿੱਚ ਵੀ ਮਕਰ ਸੰਕ੍ਰਾਂਤੀ ਨੂੰ ਖਿਚੜੀ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ, ਇਸ ਦਿਨ ਉੜਦ, ਚੌਲ, ਤਿਲ, ਚਿਵੜੇ, ਗੌ, ਸਵਰਨ, ਊਨੀ ਵਸਤਾਂ, ਕੰਬਲ ਆਦਿ ਦਾਨ ਕਰਨ ਦੀ ਪਰੰਪਰਾ ਹੈ, ਮਹਾਰਾਸ਼ਟਰ ਵਿੱਚ ਇਸ ਦਿਨ ਸਾਰੀਆਂ ਨਵੀਆਂ ਵਿਆਹੀਆਂ ਔਰਤਾਂ ਆਪਣੀ ਪਹਿਲੀ ਸੰਕ੍ਰਾਂਤੀ 'ਤੇ ਕਪਾਹ, ਤੇਲ ਤੇ ਨਮਕ ਆਦਿ ਚੀਜ਼ਾਂ ਦੂਜੀਆਂ ਸੁਹਾਗਣ ਔਰਤਾਂ ਨੂੰ ਦਾਨ ਕਰਦੀਆਂ ਹਨ, ਰਾਜਸਥਾਨ ਵਿੱਚ ਇਸ ਤਿਉਹਾਰ 'ਤੇ ਸੁਹਾਗਣਾਂ ਆਪਣੀ ਸੱਸ ਨੂੰ ਬਯਾ ਦੇ ਕੇ ਆਸ਼ੀਰਵਾਦ ਪ੍ਰਾਪਤ ਕਰਦੀਆਂ ਹਨ, ਪੱਛਮੀ ਬੰਗਾਲ 'ਚ ਦੇਸ਼ ਭਰ ਤੋਂ ਲਗਪਗ 16 ਲੱਖ ਸ਼ਰਧਾਲੂ ਗੰਗਾ ਸਾਗਰ ਪੁੱਜਦੇ ਹਨ ਅਤੇ ਇਸ ਮੌਕੇ' ਤੇ ਸ਼ਰਧਾਲੂਆਂ ਵੱਲੋਂ ਗੰਗਾ ਦਰਿਆ ਅਤੇ ਬੰਗਾਲ ਦੀ ਖਾੜੀ ਦੇ ਸੰਗਮ 'ਤੇ ਪਵਿੱਤਰ ਡੁਬਕੀਆਂ ਲਗਾਈਆਂ ਜਾਦੀਆਂ। ਅਸਾਮ ਵਿੱਚ ਮਾਘ ਜਾਂ ਭੋਗਲੀ ਬਿਹੂ ਦੇ ਪੂਰਬ ਵਿੱਚ ਉਰੂਕਾ ਦਾ ਤਿਉਹਾਰ ਮਨਾਇਆ ਜਾਂਦਾ ਹੈ।ਗੀਤਾ ਵਿੱਚ ਸ੍ਰੀ ਕ੍ਰਿਸ਼ਨ ਨੇ ਖ਼ੁਦ ਕਿਹਾ ਹੈ ਕਿ ਉੱਤਰਾਯਾਨ ਦੇ ਛੇ ਮਹੀਨਿਆਂ ਵਿੱਚ ਧਰਤੀ ਹਲਕੀ ਹੋ ਜਾਂਦੀ ਹੈ। ਇਸ ਤੋਂ ਇਲਾਵਾ ਉੱਤਰਾਯਣ ਨੂੰ ਦੇਵਤਿਆਂ ਦਾ ਦਿਨ ਮੰਨਿਆ ਜਾਂਦਾ ਹੈ ਅਤੇ ਦੱਖਣਯਨ ? ?ਦੇਵਤਿਆਂ ਦੀ ਰਾਤ ਹੈ। ਭਾਵਨਾਤਮਕ ਰੂਪ ਵਿੱਚ ਉੱਤਰਾਯਣ ਸ਼ੁਭ ਅਤੇ ਚਾਨਣ ਦਾ ਪ੍ਰਤੀਕ ਹੈ, ਅਤੇ ਦੱਖਣਯਯਾਨ ਨੂੰ ਕਲੰਕ ਦੇ ਮਾਰਗ ਦੇ ਰੂਪ ਵਿੱਚ ਮੰਨਿਆ ਜਾਂਦਾ ਹੈ। ਇਸ ਲਈ ਇਹ ਮਾਘੀ ਦਾ ਤਿਉਹਾਰ ਸਾਰੇ ਦੇਸ਼ ਵਿੱਚ ਬਹੁਤ ਹੀ ਚਾਅ ਉਮੰਗ ਨਾਲ ਮਨਾਇਆ ਜਾਂਦਾ ਹੈ। ਪਰ ਹੁਣ ਇਹ ਤਿਉਹਾਰ ਸਿਆਸੀ ਕਾਨਫਰੰਸਾਂ ਦੀ ਭੇਟ ਚੜ੍ਹ ਗਈ ਹੈ।ਕਿਉਂ ਕਿ ਮਾਘ ਮਹੀਨੇ ਨੂੰ ਮਨਾਉਣ ਵਾਸਤੇ ਵਿਸ਼ਾਲ ਇਕੱਠ ਹੁੰਦਾ ਹੈ ਤੇ ਇਸੇ ਦੌਰਾਨ ਹੀ ਸਿਆਸੀ ਪਾਰਟੀਆਂ ਇਸ ਮੌਕੇ ਤੇ ਆਪਣੀਆਂ ਕਾਨਫਰੰਸਾਂ ਦਾ ਅਯੋਜਨ ਕਰਕੇ ਇਸ ਤਿਉਹਾਰ ਦੀ ਮਹੱਤਤਾ ਨੂੰ ਖੋਖਲਾ ਕਰ ਰਹੀਆਂ ਹਨ।

**-ਰਵਨਜੋਤ ਕੌਰ ਸਿੱਧੂ "ਰਾਵੀ"**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

Contact :
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥

# ਗੁਰਦੁਆਰਾ ਬਾਬਾ ਸੰਗ ਜੀ ਹਾਈ ਸਟਰੀਟ ਸਮੈਦਿਕ ਬਰਮਿੰਘਮ ਇੰਗਲੈਂਡ

ਵਿਖੇ ਮਾਘੀ ਦੇ ਇਤਿਹਾਸਿਕ ਦਿਨ ਟੁੱਟੀ ਗੰਢੀ ਦਿਹਾੜੇ ਤੇ ਮੁਕਤਸਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਇੰਟਰਨੈਸ਼ਨਲ ਪੰਥਕ ਦਲ ਯੂ. ਕੇ. (ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ) ਵੱਲੋਂ

# ਧਾਰਮਿਕ ਸ਼ਹੀਦੀ ਸਮਾਗਮ

## 18 ਜਨਵਰੀ, 2026 (ਦਿਨ ਐਤਵਾਰ)




### ਗੁਰੂ ਪਿਆਰੀ ਸਾਧ ਸੰਗਤ ਜੀਓ,

ਜਿਸ ਤਰ੍ਹਾਂ ਆਪ ਜੀ ਭਲੀ ਭਾਂਤ ਜਾਣਦੇ ਹੋ ਕਿ ਸਿੱਖ ਇਤਿਹਾਸ ਵਿੱਚ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ ਨੂੰ ਵਿਲੱਖਣ ਮਹੱਤਤਾ ਪ੍ਰਾਪਤ ਹੈ। ਇੱਥੇ ਭਾਈ ਮਹਾ ਸਿੰਘ ਜੀ ਦੀ ਅਗਵਾਈ ਹੇਠ ਉਹ ਸਿੰਘ, ਜੋ ਆਨੰਦਪੁਰ ਸਾਹਿਬ ਦੀ ਘੇਰਾਬੰਦੀ ਦੌਰਾਨ ਬੇਦਾਵਾ ਦੇ ਕੇ ਚਲੇ ਗਏ ਸਨ, ਮਾਤਾ ਭਾਗ ਕੌਰ ਜੀ ਦੀ ਪ੍ਰੇਰਣਾ ਨਾਲ ਪਸ਼ਚਾਤਾਪ ਕਰਦੇ ਹੋਏ ਮੁੜ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਰਨ ਵਿੱਚ ਆਏ। ਮੁਕਤਸਰ ਦੀ ਜੰਗ ਵਿੱਚ ਚਾਲੀ ਸਿੰਘਾਂ ਨੇ ਅਦੁੱਤੀ ਬਹਾਦਰੀ ਦਾ ਪ੍ਰਗਟਾਵਾ ਕਰਦੇ ਹੋਏ ਸ਼ਹਾਦਤਾਂ ਪ੍ਰਾਪਤ ਕਰਕੇ ਗੁਰੂ ਨਾਲੋਂ ਟੁੱਟੀ ਗੰਢੀ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਦੇਖ ਕੇ ਬੇਦਾਵਾ ਪਾੜ ਦਿੱਤਾ ਅਤੇ ਉਨ੍ਹਾਂ ਨੂੰ "ਚਾਲੀ ਮੁਕਤਿਆਂ" ਖਿਤਾਬ ਬਖ਼ਸ਼ਿਆ।

ਇਹ ਪਾਵਨ ਸ਼ਹਾਦਤ ਅੱਜ ਵੀ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਜੇ ਅਸੀਂ ਅਣਜਾਣੇ ਵਿੱਚ ਕਦੇ ਗੁਰੂ ਤੋਂ ਬੇਦਾਵਾ ਦੇ ਬੈਠੇ ਹਾਂ, ਤਾਂ ਗੁਰੂ ਦੇ ਚਰਨਾਂ ਵਿੱਚ ਆ ਕੇ ਆਪਣੇ ਜੀਵਨ ਦਾ ਬੇਦਾਵਾ ਆਪ ਹੀ ਪਾੜੀਏ ਅਤੇ ਗੁਰੂ ਨਾਲ ਪ੍ਰੀਤ ਨਿਭਾਉਣ ਦੀ ਅਰਦਾਸ ਕਰੀਏ।

### ✶ ਪ੍ਰੋਗਰਾਮ ✶

ਆਰੰਭ ਸ੍ਰੀ ਅਖੰਡ ਪਾਠ ਸਾਹਿਬ 16 ਜਨਵਰੀ 2026 ਦਿਨ ਸ਼ੁਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ 18 ਜਨਵਰੀ 2026 ਦਿਨ ਐਤਵਾਰ ਸਵੇਰੇ 10 ਵਜੇ

*********************

ਭੋਗ ਤੋਂ ਉਪਰੰਤ ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ ਪੰਛੀ ਭਰਾਵਾਂ ਦੀ ਜੋੜੀ, ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ


ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ



ਕੀਰਤਨੀ ਜਥਾ, ਭਾਈ ਬਲਵੰਤ ਸਿੰਘ ਜੀ, ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ, ਪੰਛੀ ਭਰਾਵਾਂ ਦੀ ਜੋੜੀ


ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ



### ✶ ਗੁਰੂ ਪੰਥ ਦੇ ਸੇਵਾਦਾਰ ✶

## ਇੰਟਰਨੈਸ਼ਨਲ ਪੰਥਕ ਦਲ ਯੂ. ਕੇ.

(ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ)

ਵਧੇਰੇ ਜਾਣਕਾਰੀ ਲਈ →

ਭਾਈ ਰਘਵੀਰ ਸਿੰਘ ਵਾਲਸਾਲ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ, ਮੋ.: +44 7976210161
ਭਾਈ ਕਪਤਾਨ ਸਿੰਘ, ਜਨਰਲ ਸਕੱਤਰ ਤੇ ਮੁੱਖ ਬੁਲਾਰਾ, ਇੰਟਰਨੈਸ਼ਨਲ ਪੰਥਕ ਦਲ ਯੂਕੇ, +44 7788283485
ਭਾਈ ਰਘਵੀਰ ਸਿੰਘ ਬੀਰ੍ਹਾ, ਸੀਨੀਅਰ ਮੀਤ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ ਅਤੇ (ਸਾਬਕਾ ਪ੍ਰਧਾਨ ਗੁਰਦੁਆਰਾ ਬਾਬਾ ਸੰਗ ਜੀ) +44 7930908368

**Address: GURDWARA BABA SANG JI**
**9 St Paul's Rd, Smethwick Birmingham B66 1EE**




### 21 ਕੁੜੀਆਂ ਦੀ ਪਹਿਲੀ ਲੋਹੜੀ ਨੇ

# ਸਮਾਜ ਨੂੰ ਦਿੱਤਾ ਸਸ਼ਕਤ ਸੰਦੇਸ਼

**ਫ਼ਿਰੋਜ਼ਪੁਰ, 13 ਜਨਵਰੀ (ਮਨੋਹਰ ਲਾਲ)** :— ਲੋਹੜੀ ਦੇ ਪਾਵਨ ਤਿਉਹਾਰ ਮੌਕੇ ਅਖਿਲ ਭਾਰਤੀ ਮਹਿਲਾ ਅਗਰਵਾਲ ਸੰਮੇਲਨ ਫਿਰੋਜ਼ਪੁਰ ਕੈਂਟ ਵੱਲੋਂ ਕੰਨਿਆ ਲੋਹੜੀ ਸਨਮਾਨ ਸਮਾਰੋਹ ਦਾ ਆਯੋਜਨ ਕਰਕੇ ਧੀਆਂ ਦੇ ਸਨਮਾਨ ਅਤੇ ਸਸ਼ਕਤੀਕਰਨ ਦਾ ਸੰਦੇਸ਼ ਦਿੱਤਾ ਗਿਆ। ਇਸ ਸਮਾਰੋਹ ਦੌਰਾਨ 21 ਕੁੜੀਆਂ ਦੀ ਪਹਿਲੀ ਲੋਹੜੀ ਪਰੰਪਰਾਗਤ ਅਤੇ ਭਾਵੁਕ ਮਾਹੌਲ ਵਿੱਚ ਮਨਾਈ ਗਈ, ਜਿਸ ਨੇ ਮੌਜੂਦ ਲੋਕਾਂ ਨੂੰ ਗਹਿਰਾ ਪ੍ਰਭਾਵਿਤ ਕੀਤਾ। ਇਹ ਸਮਾਗਮ ਸ਼੍ਰੀ ਰਾਮ ਬਾਗ ਵਿਰਧ ਸੇਵਾ ਆਸ਼ਰਮ ਫਿਰੋਜ਼ਪੁਰ ਕੈਂਟ ਵਿੱਚ ਆਯੋਜਿਤ ਕੀਤਾ ਗਿਆ। ਸਮਾਰੋਹ ਦੀ ਅਧਿਆਕਸ਼ਤਾ ਪੰਜਾਬ ਉਪ—ਅਧਿਆਕਸ਼ ਸ਼੍ਰੀ ਹਰਿਸ਼ ਗੋਇਲ ਨੇ ਕੀਤੀ। ਇਸ ਮੌਕੇ ਜਾਣਕਾਰੀ ਦਿੰਦਿਆਂ ਮਹਿਲਾ ਪ੍ਰਧਾਨ ਅਨੂ ਗਰਗ ਨੇ ਦੱਸਿਆ ਕਿ ਮੁੱਖ ਮਹਿਮਾਨ ਵਜੋਂ ਜੈਨੇਸਿਸ ਡੈਂਟਲ ਕਾਲਜ ਐਂਡ ਹਸਪਤਾਲ ਦੀ ਚੇਅਰਮੈਨ ਸ਼੍ਰੀਮਤੀ ਮੀਨਾਕਸ਼ੀ ਸਿੰਘਲ ਸ਼ਾਮਲ ਹੋਈਆ, ਵਿਸ਼ੇਸ਼ ਮਹਿਮਾਨਾਂ ਵਿੱਚ ਜੈਨੇਸਿਸ ਦੀ ਜਾਇੰਟ ਚੇਅਰਮੈਨ ਸ਼੍ਰੀਮਤੀ ਸੰਜਨਾ ਮਿੱਤਲ, ਦੀਪਾਲੀ ਵਸ਼ਿਸ਼ਠ (ਐਮ.ਡੀ.ਟੀ.ਬੀ.ਐਸ. ਇੰਟਰਨੈਸ਼ਨਲ ਸਕੂਲ), ਕਿਰਣ ਬਾਂਸਲ (ਡਾਇਰੈਕਟਰ, ਸ਼ਹੀਦ ਭਗਤ ਸਿੰਘ ਕਾਲਜ), ਡਾ: ਨੀਰੂ ਅਰੋੜਾ, ਅੰਜਲੀ ਗਰੋਵਰ, ਸ਼੍ਰੀਮਤੀ ਡਾ: ਸਰੋਜ ਖੰਨਾ ਆਦਿ ਹਾਜ਼ਰ ਰਹੇ। ਮੰਚ ਸੰਚਾਲਨ ਮਹਾਸਚਿਵ ਰਿਤਿਕਾ ਗੋਇਲ ਨੇ ਕੀਤਾ। ਮੁੱਖ ਮਹਿਮਾਨ ਮੀਨਾਕਸ਼ੀ ਸਿੰਘਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਧੀਆਂ ਸਮਾਜ ਦੀ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਦੀ ਪਹਿਲੀ ਲੋਹੜੀ ਨੂੰ ਸਨਮਾਨ ਨਾਲ ਮਨਾਉਣਾ ਸਿਰਫ਼ ਇਕ ਪਰੰਪਰਾ ਨਹੀਂ, ਬਲਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਸਕਾਰਾਤਮਕ ਸੋਚ ਦਾ ਸੰਦੇਸ਼ ਹੈ। ਉਨ੍ਹਾਂ ਕਿਹਾ ਕਿ ਨਾਰੀ ਸਸ਼ਕਤੀਕਰਨ ਦੀ ਸ਼ੁਰੂਆਤ ਸਨਮਾਨ ਅਤੇ ਮੌਕਿਆਂ ਨਾਲ ਹੁੰਦੀ ਹੈ। ਇਸ ਮੌਕੇ ਸੰਜਨਾ ਮਿੱਤਲ ਨੇ ਲੋਹੜੀ ਨੂੰ ਸਮਾਜਿਕ ਸਹਿਯੋਗ ਦਾ ਤਿਉਹਾਰ ਦੱਸਦਿਆਂ ਕਿਹਾ ਕਿ ਕੁੜੀਆਂ ਦੀ ਪਹਿਲੀ ਲੋਹੜੀ ਮਨਾਉਣਾ ਸਮਾਨਤਾ ਦੀ ਭਾਵਨਾ ਨੂੰ ਮਜ਼ਬੂਤ ਕਰਦਾ ਹੈ। ਗੱਲਬਾਤ ਕਰਦਿਆਂ ਕਿਰਣ ਬਾਂਸਲ ਨੇ ਕਿਹਾ ਕਿ ਧੀਆਂ ਨੂੰ ਅੱਗੇ ਵਧਾਉਣ ਦੀ ਜ਼ਿੰਮੇਵਾਰੀ ਕੇਵਲ ਪਰਿਵਾਰ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਹੈ। ਡਾ: ਨੀਰੂ ਅਰੋੜਾ ਨੇ ਸਿੱਖਿਆ ਨੂੰ ਨਾਰੀ ਸਸ਼ਕਤੀਕਰਨ ਦੀ ਨੀਂਵ ਦੱਸਦਿਆਂ ਕਿਹਾ ਕਿ ਪੜ੍ਹੀਆਂ—ਲਿਖੀਆਂ ਅਤੇ ਆਤਮਨਿਰਭਰ ਧੀਆਂ ਹੀ ਸਸ਼ਕਤ ਸਮਾਜ ਦੀ ਨਿਰਮਾਣ ਕਰਦੀਆਂ ਹਨ। ਸਮਾਰੋਹ ਦੌਰਾਨ ਪਰੰਪਰਾਗਤ ਢੰਗ ਨਾਲ ਲੋਹੜੀ ਸਾੜੀ ਗਈ ਅਤੇ ਹਾਜ਼ਰ ਲੋਕਾਂ ਨੇ ਅੱਗ ਵਿੱਚ ਤਿਲ, ਮੂੰਗਫਲੀ ਅਤੇ ਰੇਵੜੀਆਂ ਅਰਪਿਤ ਕਰਕੇ ਮੰਗਲਕਾਮਨਾਵਾਂ ਕੀਤੀਆਂ। ਸਮਾਰੋਹ ਦੌਰਾਨ ਸਾਰੀਆਂ ਕੁੜੀਆਂ ਨੂੰ ਤੋਹਫ਼ੇ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ, ਜਿਸ ਨਾਲ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵਿੱਚ ਖਾਸ ਖੁਸ਼ੀ ਵੇਖਣ ਨੂੰ ਮਿਲੀ। ਇਸ ਮੌਕੇ ਅਮਨਦੀਪ ਹਸਪਤਾਲ ਦੇ ਫੈਸਿਲਿਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਦਾ ਵਿਸ਼ੇਸ਼ ਸਹਿਯੋਗ ਰਿਹਾ। ਸਮਾਰੋਹ ਵਿੱਚ ਅਖਿਲ ਭਾਰਤੀ ਅਗਰਵਾਲ ਸੰਮੇਲਨ ਦੇ ਪੂਰਵ ਪ੍ਰਧਾਨ ਅਸ਼ੋਕ ਗੁਪਤਾ, ਸੁਸ਼ੀਲ ਗੁਪਤਾ, ਵਿਸ਼ਾਲ ਗੁਪਤਾ, ਸੰਜੇ ਗੁਪਤਾ, ਸੂਰਜ ਮੇਹਤਾ, ਗੌਰਵ ਡੋਡਾ, ਰਾਜਕੁਮਾਰ ਆਰ.ਕੇ. ਆਦਿ ਵੀ ਹਾਜ਼ਰ ਸਨ। ਇਸ ਅਵਸਰ 'ਤੇ ਅਖਿਲ ਭਾਰਤੀ ਮਹਿਲਾ ਅਗਰਵਾਲ ਸੰਮੇਲਨ ਦੀ ਪ੍ਰਧਾਨ ਅਨੂ ਗਰਗ, ਸਰਪਰਸਤ ਸਵਿਤਾ ਗੋਇਲ, ਸਕੱਤਰ ਰਿਤਿਕਾ ਗੋਇਲ ਸਮੇਤ ਉਰਮਿਲ ਗੋਇਲ, ਨੀਲਮ ਗੁਪਤਾ, ਦੀਪਾ ਗੋਇਲ, ਕੋਮਲ ਕੰਸਲ, ਸਰਿਤਾ ਗਰਗ, ਨੀਤੂ ਗੋਇਲ, ਸ਼ਾਈਨਾ ਗੋਇਲ, ਕੰਗਨਾ ਗੋਇਲ, ਮੇਘਾ ਗੁਪਤਾ, ਈਸ਼ਾ ਅਗਰਵਾਲ, ਲੀਮਾ ਸਿੰਘਲ, ਅਨਿਤਾ ਸਿੰਘਲ ਸਮੇਤ ਕਈ ਹੋਰ ਮਹਿਲਾ ਮੈਂਬਰ ਹਾਜ਼ਰ ਰਹੇ।



ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਾਲਾ ਵਿਖੇ ਦਮਦਮੀ ਟਕਸਾਲ ਦੇ ਪਹਿਲੇ ਜਥੇਦਾਰ ਅਨੋਖੇ ਸ਼ਹੀਦ ਧੰਨ—ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ 26 ਜਨਵਰੀ ਨੂੰ ਵਿਸ਼ਾਲ ਨਗਰ ਕੀਰਤਨ ਤੇ 27 ਜਨਵਰੀ ਨੂੰ ਗੁਰਮਤਿ ਸਮਾਗਮ—ਗਿਆਨੀ ਸੁਖਦੇਵ ਸਿੰਘ ਖਾਲਸਾ

ਫ਼ਿਰੋਜ਼ਪੁਰ, 13 ਜਨਵਰੀ (ਮਨੋਹਰ ਲਾਲ) :— ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਪਿੰਡ ਬੁੱਕਣ ਖਾਂ ਵਾਲਾ ਫ਼ਿਰੋਜ਼ਪੁਰ ਵਿਖੇ ਦਮਦਮੀ ਟਕਸਾਲ ਦੇ ਪਹਿਲੇ ਅਨੋਖੇ ਸ਼ਹੀਦ ਧੰਨ—ਧੰਨ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ 26 ਜਨਵਰੀ (13 ਮਾਘ) ਦਿਨ ਸੋਮਵਾਰ ਨੂੰ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਇਹ ਜਾਣਕਾਰੀ ਗੁਰਦੁਆਰਾ ਨਾਨਕਪੁਰੀ ਸਾਹਿਬ ਗੁਰਮਤਿ ਵਿਦਿਆਲਾ ਦਮਦਮੀ ਟਕਸਾਲ ਦੇ ਮੁੱਖ ਸੇਵਾਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 26 ਜਨਵਰੀ (13 ਮਾਘ) ਦਿਨ ਸੋਮਵਾਰ ਨੂੰ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ਅਤੇ 27 ਜਨਵਰੀ (14 ਮਾਘ) ਦਿਨ ਮੰਗਲਵਾਰ ਨੂੰ ਗੁਰਮਤਿ ਸਮਾਗਮ ਕਰਵਾਏ ਜਾਣਗੇ। ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਅੱਗੇ ਦੱਸਿਆ ਕਿ ਵਿਸ਼ਾਲ ਨਗਰ ਕੀਰਤਨ ਵਿਚ ਜ਼ੋ ਕਿ ਸਵੇਰੇ 8 ਵਜੇ ਗੁਰਮਤਿ ਵਿਦਿਆਲੇ ਤੋਂ ਪ੍ਰਾਰੰਭ ਹੋ ਕੇ ਪਿੰਡ ਬੁੱਕਣ ਖਾਂ ਵਾਲਾ ਤੋਂ ਝੋਕ ਹਰੀਹਰ, ਗੁਰਦੁਆਰਾ ਕਰਮਸਰ, ਜੀਆ ਬੱਗਾ, ਫੱਤੂਵਾਲਾ, ਬਸਤੀ ਨੇਕਾਂ ਵਾਲੀ, ਬਸਤੀ ਕੀਮੇ ਵਾਲੀ, ਹਾਜੀਵਾਲਾ, ਮੀਰਾ ਸ਼ਾਹ ਨੂਰ, ਠਾਠ ਨਾਨਕਸਰ ਗੋਬਿੰਦ ਨਗਰ, ਬਾਲੇ ਵਾਲਾ, ਗਾਮੇਲਾਵਾ, ਭਾਵੜਾ ਆਜ਼ਮ ਸ਼ਾਹ, ਮਹਿਮਾ, ਚੱਕ ਰੋੜਾਂ ਵਾਲਾ, ਚੂਹੜ ਖਿਲਚੀਆਂ, ਗੁਲਾਮ ਪੱਤਰਾ, ਮੋਹਰੇਵਾਲਾ, ਨਸੀਰਾ ਖਿਲਚੀਆਂ, ਬਸਤੀ ਨੱਥੇਸ਼ਾਹ, ਸੈਦੇ ਕੇ ਰੁਹੇਲਾ, ਧੀਰਾ ਪੱਤਰਾ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਨਾਨਕਸਰ ਪੁਰੀ ਸਾਹਿਬ ਗੁਰਮਤਿ ਵਿਦਿਆਲਾ ਵਿਚ ਸਮਾਪਤੀ ਦੀ ਅਰਦਾਸ ਹੋਵੇਗੀ। ਇਸ ਮੌਕੇ ਤੇ ਪਿੰਡ ਫੱਤੂਵਾਲਾ ਵੱਲੋਂ ਲੰਗਰ ਦੀ ਸੇਵਾ ਕੀਤੀ ਜਾਵੇਗੀ ਅਤੇ ਪਿੰਡ ਵਾਸੀਆਂ ਵੱਲੋਂ ਅਨੇਕਾਂ ਪ੍ਰਕਾਰ ਦੇ ਲੰਗਰਾਂ ਦੀ ਸੇਵਾ ਕੀਤੀ ਜਾਵੇਗੀ। ਇਸ ਮੌਕੇ ਤੇ ਸ਼ਹੀਦ ਬਾਬਾ ਬੋਤਾ ਸਿੰਘ, ਬਾਬਾ ਗਰਜਾ ਸਿੰਘ ਗੱਤਕਾ ਅਖਾੜੇ ਵੱਲੋਂ ਗੱਤਕੇ ਦੇ ਜ਼ੌਹਰ ਵਿਖਾਏ ਜਾਣਗੇ। ਇਸ ਤੋਂ ਇਲਾਵਾ ਭਾਈ ਗੁਰਦੀਪ ਸਿੰਘ ਨੰਬਰਦਾਰ ਜਿਹੜੇ ਕਿ ਹਰ ਸਾਲ ਵੱਧ ਚੜ੍ਹ ਕੇ ਵਿਸ਼ਾਲ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ ਵਿਚ ਤਨ, ਮਨ, ਧੰਨ ਨਾਲ ਸੇਵਾ ਕਰਦੇ ਹਨ, ਵਿਸ਼ੇਸ਼ ਸਹਿਯੋਗ ਦਿੰਦੇ ਹਨ, ਗਿਆਨੀ ਸੁਖਦੇਵ ਸਿੰਘ ਖਾਲਸਾ ਬੁੱਕਣ ਖਾਂ ਨੇ ਅੱਗੇ ਦੱਸਿਆ ਕਿ 27 ਜਨਵਰੀ (14 ਮਾਘ) ਦਿਨ ਮੰਗਲਵਾਰ ਨੂੰ ਸ੍ਰੀ ਪਾਠ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿਚ ਰਾਗੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ। ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਗੁਰੂ ਦੇ ਬਖਸ਼ਿਸ਼ ਆਪਣੇ—ਆਪਣੇ ਵਹੀਕਲ ਲੈ ਕੇ ਵਿਸ਼ਾਲ ਨਗਰ ਕੀਰਤਨ ਵਿਚ ਸ਼ਾਮਲ ਹੋਣ ਅਤੇ ਗੁਰਮਤਿ ਸਮਾਗਮ ਵਿਚ ਸ਼ਾਮਲ ਹੋ ਕੇ ਧੰਨ—ਧੰਨ ਬਾਬਾ ਦੀਪ ਸਿੰਘ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਜਾਣਗੇ।



ਅੱਜ 'ਤੇ ਵਿਸ਼ੇਸ਼

# ਮਾਤਾ ਭਾਗ ਕੌਰ ਜੀ

ਮਾਈ ਭਾਗੋ ਸਿੱਖ ਇਤਿਹਾਸ ਵਿੱਚ ਉੱਚ ਸਥਾਨ ਰੱਖਦੇ ਹਨ। ਆਪ ਨੂੰ ਮਾਈ ਭਾਗੋ ਕਹਿ ਕੇ ਸਤਿਕਾਰ ਦਿੱਤਾ ਜਾਂਦਾ ਹੈ।ਮਾਈ ਭਾਗੋ ਚਾਰ ਭਰਾਵਾਂ ਦੀ ਲਾਡਲੀ ਭੈਣ ਸੀ।ਮਾਈ ਭਾਗੋ ਦਾ ਜਨਮ ਇਤਿਹਾਸ ਵਿੱਚ ਝਬਾਲ ਵਿੱਚ ਹੋਇਆ ਆਉਂਦਾ ਹੈ। ਝਬਾਲ ਇਲਾਕੇ ਦੇ ਭਾਈ ਪੇਰੋ ਸ਼ਾਹ ਜੀ ਹੋਏ ਹਨ। ਜਿੰਨ੍ਹਾਂ ਦੇ ਦੋ ਪੁੱਤਰ ਮਾਲੇ ਸ਼ਾਹ ਤੇ ਹਰੂ ਜੀ ਹੋਏ ।ਅੱਗੇ ਮਾਲੇ ਸ਼ਾਹ ਦੇ ਚਾਰ ਪੁੱਤਰ ਤੇ ਇੱਕ ਧੀ ਹੋਈ, ਜਿਸਦਾ ਇਤਿਹਾਸ ਵਿੱਚ ਨਾਂਅ ਮਾਈ ਭਾਗੋ ਕਰਕੇ ਆਉਂਦਾ ਹੈ। ਇੰਨ੍ਹਾਂ ਦਾ ਜਨਮ ਸਰਦੇ ਪੁੱਜਦੇ ਘਰ

ਆਵਾਜ਼ਿ ਕੌਮ
AWAZE QAUM
International Newspaper & WEB TV

ਹੋਇਆ, ਇਸ ਕਰਕੇ ਸਾਰੇ ਘਰ ਵਾਲੇ ਇੰਨ੍ਹਾਂ ਨੂੰ 'ਭਾਗਭਰੀ' ਕਹਿ ਕੇ ਬੁਲਾਉਂਦੇ ਸਨ।

ਇੰਨ੍ਹਾਂ ਦੇ ਵੱਡੇ ਵਡੇਰਿਆਂ ਦਾ ਸਬੰਧ ਗੁਰੂ ਘਰ ਨਾਲ ਗੁਰੂ ਅਰਜਨ ਦੇਵ ਜੀ ਦੇ ਸਮੇਂ ਤੋਂ ਜੁੜਿਆ ਹੋਇਆ ਹੈ। ਘਰ ਵਿੱਚ ਸਿੱਖੀ ਦਾ ਪ੍ਰਚਾਰ ਸੀ। ਮਾਈ ਭਾਗੋ ਦੇ ਪਿਤਾ ਭਾਈ ਮਾਲ੍ਹੇ ਸ਼ਾਹ ਛੇਵੇਂ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਫੌਜ ਦੇ ਬਹਾਦਰ ਸਿਪਾਹੀ ਸਨ।ਮਾਈ ਭਾਗੋ ਜੀ ਆਪਣੇ ਪਿਤਾ ਨਾਲ ਬਚਪਨ ਸਮੇਂ ਗੁਰੂ ਦਰਬਾਰ ਵਿੱਚ ਜਾਂਦੇ ਰਹਿੰਦੇ ਸਨ ।ਫਿਰ ਸੱਤਵੇਂ ਗੁਰੂ ਹਰਿਰਾਇ ਸਾਹਿਬ ਜੀ ਦੇ ਦਰਸ਼ਨ ਵੀ ਕਰਦੇ ਰਹੇ। ਅੱਠਵੀਂ ਜੋਤ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਤੇ ਨੌਵੇਂ ਸਤਿਗੁਰੂ ਗੁਰੂ ਤੇਗ ਬਹਾਦਰ ਜੀ ਤੇ ਦੱਸਵੇਂ ਗੁਰੂ ਗੋਬਿੰਦ ਸਿੰਘ ਜੀ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੈ।

ਮਹਾਨ ਕੋਸ਼ ਵਿੱਚ ਭਾਈ ਕਾਹਨ ਸਿੰਘ ਨਾਭਾ ਇਸ ਗੱਲ ਦਾ ਜ਼ਿਕਰ ਕਰਦੇ ਹਨ ਕਿ ਭਾਗੋ ਮਾਈ ਢਿੱਲੋਂ ਗੋਤ ਦੀ ਉੱਚ ਆਚਰਨ ਵਾਲੀ ਇਸਤਰੀ, ਪਿੰਡ ਝਬਾਲ ਜਿਲ੍ਹਾ ਅੰਮ੍ਰਿਤਸਰ ਦੀ ਵਸਨੀਕ ਜੋ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਅਨਿੰਨ ਸੇਵਕ ਭਾਈ ਲੰਗਾਹ ਜੀ ਦੇ ਭਾਈ ਪੇਰੋਸ਼ਾਹ



ਦੀ ਔਲਾਦ ਵਿੱਚੋਂ ਸੀ, ਜਦ ਬਹੁਤ ਸਿੱਖ ਅਨੰਦਪੁਰ ਸਾਹਿਬ ਦੇ ਜੰਗ ਵਿੱਚ ਬੇਦਾਵਾ ਲਿਖ ਕੇ ਘਰੀਂ ਆਏ, ਤਦ ਇਸ ਨੇ ਉਨ੍ਹਾਂ ਨੂੰ ਧਿਰਕਾਰਿਆ ਤੇ ਆਪ ਘੋੜੇ ਤੇ ਸਵਾਰ ਹੋ ਕੇ ਸਿੰਘ ਭੇਸ ਧਾਰ ਕੇ ਅਜੇਹੇ ਤਰਕ ਦੇ ਵਾਕ ਕਹੇ, ਜਿੰਨ੍ਹਾਂ ਦੇ ਅਸਰ ਨਾਲ ਬਹੁਤ ਸਿੱਖ ਸਤਿਗੁਰੂ ਦੀ ਸੇਵਾ ਵਿੱਚ ਹਾਜ਼ਰ ਹੋਣ ਲਈ ਤਿਆਰ ਹੋ ਗਏ।

ਸੰਮਤ 1762 ਵਿੱਚ ਭਾਗੋ ਮਾਈ ਸਿੰਘਾਂ ਨਾਲ ਸ਼ਾਮਿਲ ਹੋ ਕੇ ਮੁਕਤਸਰ ਦੀ ਜੰਗ ਵਿੱਚ ਬੜੀ ਬਹਾਦਰੀ ਨਾਲ ਲੜੀ ਅਤੇ ਬਹੁਤ ਘਾਇਲ ਹੋਈ, ਦਸ਼ਮੇਸ਼ ਨੇ ਇਸਦਾ ਇਲਾਜ਼ ਕਰਵਾ ਕੇ ਰਾਜੀ ਕੀਤਾ ਔਰ ਅੰਮ੍ਰਿਤ ਛਕਾ ਕੇ ਭਾਗ ਕੌਰ ਬਣਾਈ ।ਇਹ ਮਰਦਾਵਾਂ ਭੇਸ ਬਣਾ ਕੇ ਸਦਾ ਸਤਿਗੁਰੂ ਦੀ ਅੜਦਲ ਵਿੱਚ ਰਹਿੰਦੀ ਸੀ, ਜਦ ਕਲਗੀਧਰ ਜੀ ਅਬਚਲ ਨਗਰ ਅੰਤਰਯਾਨ ਹੋ ਗਏ, ਤਦ ਇਹ ਉਦਾਸ ਹੋ ਕੇ ਬਿਦਰ ਚਲੀ ਗਈ ਅਰ ਉਸੇ ਥਾਂ ਦੇਹ ਤਿਆਗੀ, ਭਾਗ ਕੌਰ ਦੇ ਨਾਂ ਦਾ ਅਬਚਲ ਨਗਰ ਵਿੱਚ ਬੁੰਗਾ ਹੈ, ਜਿਸ ਵਿੱਚ ਦਰਬਾਰ ਦਾ ਵੱਡਾ ਪੁਜਾਰੀ ਰਹਿੰਦਾ ਹੈ। ਭਾਗ ਕੌਰ ਦੇ ਬਰਛੇ ਦਾ ਫਲ ਗੁਰੂ ਸਾਹਿਬ ਦੇ ਸਿੰਘਾਸਨ ਤੇ ਹੁਣ ਤੱਕ ਸਨਮਾਨ ਪਾ ਰਿਹਾ ਹੈ, ਜਿਸਨੂੰ ਅਣਜਾਣ ਅਸਸਭੁਜੀ ਦੇਵੀ ਆਖਦੇ ਹਨ।

ਮਾਈ ਭਾਗ ਕੌਰ ਦਾ ਵਿਆਹ ਪੱਟੀ ਦੇ ਨਿਧਾਨ ਸਿੰਘ ਵੜੈਚ ਨਾਲ ਹੋਇਆ। ਜਦ ਸਤਿਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਅਦੁੱਤੀ ਕੁਰਬਾਨੀ ਤੇ ਬੇਮਿਸਾਲ ਸ਼ਹੀਦੀ ਦੀ ਖਬਰ ਸਾਰੇ ਦੇਸ਼ ਅੰਦਰ ਫੈਲ ਗਈ ਤਾਂ ਮਾਤਾ ਭਾਗ ਕੌਰ ਨੇ ਆਪਣੇ ਪਿਤਾ ਨੂੰ ਕਿਹਾ ਕਿ 'ਪਿਤਾ ਜੀ ਮੇਰਾ ਦਿਲ ਕਰਦਾ ਹੈ ਕਿ ਮੈਂ ਤਲਵਾਰ ਲੈ ਕੇ ਹੁਣੇ ਦਿੱਲੀ ਜਾਵਾਂ ਤੇ ਉਹਨਾਂ ਦੁਸ਼ਟਾਂ ਦਾ ਖਾਤਮਾ ਕਰ ਆਵਾਂ, ਜਿੰਨ੍ਹਾਂ ਨੇ ਮੇਰੇ ਸ਼ਾਹਿਨਸ਼ਾਹ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਇਸ ਤਰ੍ਹਾਂ ਸ਼ਹੀਦ ਕੀਤਾ ਹੈ।' ਮਾਈ ਭਾਗੋ ਹਿੰਮਤ ਤੇ ਦਲੇਰੀ ਦੀ ਧਾਰਣੀ ਸੀ।

ਜਦ ਅਨੰਦਪੁਰ ਦੇ ਕਿਲੇ ਨੂੰ ਘੇਰਾ ਪਾ ਕੇ ਹਾਕਮਾਂ ਨੇ ਐਲਾਨ ਕੀਤਾ ਕਿ ਜੋ ਕੋਈ ਵੀ ਸਿੱਖ ਬਾਹਰ ਜਾਣਾ ਚਾਹੁੰਦਾ ਹੈ, ਉਹ ਜਾ ਸਕਦਾ ਹੈ।ਉਸਨੂੰ ਕੁੱਝ ਨਹੀ ਕਿਹਾ ਜਾਵੇਗਾ ।ਇਹ ਐਲਾਨ ਸੁਣ ਕੇ ਮਾਝੇ ਦੇ ਚਾਲੀ ਸਿੰਘ ਗੁਰੂ ਜੀ ਤੋਂ ਬੇਮੁੱਖ ਹੋ ਕੇ 'ਬੇਦਾਵਾ' ਲਿਖ ਕੇ ਕਿ 'ਤੁਸੀ ਸਾਡੇ ਗੁਰੂ ਨਹੀ ਤੇ ਅਸੀ ਤੁਹਾਡੇ ਸਿੱਖ ਨਹੀ' ਘਰਾਂ ਨੂੰ ਚਲੇ ਗਏ ਤਾਂ ਮਾਈ ਭਾਗੋ ਨੇ ਗੁਰੂ ਜੀ ਤੋਂ ਬੇਮੁੱਖ ਹੋ ਕੇ ਵਾਪਸ ਗਏ ਚਾਲੀ ਸਿੰਘਾਂ ਨੂੰ ਪ੍ਰੇਰ ਕੇ ਵਾਪਸ, ਆਪ ਉਹਨਾਂ ਦੀ ਅਗਵਾਈ ਕਰਕੇ ਪਹਿਲਾਂ ਨਾਂਅ 'ਖਿਦਰਾਣੇ ਦੀ ਢਾਬ' ਤੇ ਹੁਣ 'ਸ੍ਰੀ ਮੁਕਤਸਰ ਸਾਹਿਬ' ਦੇ ਜੰਗ ਦੇ ਮੈਦਾਨ ਵਿੱਚ ਦੁਸ਼ਮਣ ਨਾਲ ਡੱਟ ਕੇ ਮੁਕਾਬਲਾ ਕੀਤਾ ਤੇ ਇਸ ਜੰਗ ਵਿੱਚ ਮਾਈ ਭਾਗੋ ਤੇ ਭਰਾਵਾਂ ਤੇ ਪਤੀ ਨੇ ਵੀ ਸ਼ਹੀਦੀ ਪਾਈ। ਮਾਤਾ ਭਾਗ ਕੌਰ ਆਪ ਵੀ ਬਹੁਤ ਜ਼ਖਮੀ ਹੋ ਚੁੱਕੇ ਸਨ ।ਲੜਾਈ ਖਤਮ ਹੋਈ ਤਾਂ ਦਸ਼ਮੇਸ਼ ਪਿਤਾ ਉੱਚੀ ਟਿੱਬੀ ਤੋਂ ਉੱਤਰ ਕੇ ਮੈਦਾਨ ਵਿੱਚ ਆਏ ਤੇ ਸਿੰਘਾਂ ਨੂੰ ਕਈ ਵਰ ਦਿੱਤੇ। ਮਾਈ ਭਾਗੋ ਦੇ ਜਖਮ ਸਾਫ ਕਰਕੇ ਮਰਹਮ ਪੱਟੀ ਕੀਤੀ। ਮਾਈ ਭਾਗੋ ਹਜ਼ੂਰ ਸਾਹਿਬ ਤੱਕ ਗੁਰੂ ਗੋਬਿਦ ਸਿੰਘ ਜੀ ਦੇ ਨਾਲ ਗਏ। ਸਿੱਖੀਂ ਦਾ ਪ੍ਰਚਾਰ ਕਰਦੇ ਰਹੇ ਤੇ ਬਿਦਰ ਕਰਨਾਟਕ ਨਾਨਕ ਝੀਰਾ ਦੇ ਕੋਲ ਜਨਵਾੜੇ ਵਿੱਚ ਗੁਰੂ ਚਰਨਾਂ ਵਿੱਚ ਬਿਰਾਜ ਗਏ।ਸਿੱਖ ਇਤਹਾਸ ਵਿੱਚ ਮਾਈ ਭਾਗੋ ਜੀ ਇਸ ਘਟਨਾ ਕਰਕੇ ਕਾਫੀ ਪ੍ਰਸਿੱਧ ਹਨ ਕਿ ਉਹਨਾਂ ਨੇ ਗੁਰੂ ਜੀ ਨਾਲੋਂ ਬੇਮੁੱਖ ਹੋਏ ਮਾਝੇ ਦਾ ਚਾਲੀ ਸਿੰਘਾਂ ਨੂੰ ਪ੍ਰੇਰਨਾ ਦੇ ਕੇ ਫਿਰ ਗੁਰੂ ਜੀ ਦੇ ਲੜ ਲਾਇਆ ਜੋ ਜਨਮ ਮਰਨ ਤੋਂ ਮੁਕਤ ਹੋ ਗਏ ਤੇ ਸਿੱਖ ਇਤਿਹਾਸ ਵਿੱਚ ਚਾਲੀ ਮੁਕਤੇ ਦੇ ਨਾਂਅ ਨਾਲ ਪ੍ਰਸਿੱਧ ਹੋ ਗਏ।

**-ਧਰਮਿੰਦਰ ਸਿੰਘ (ਚੱਬਾ),**
**ਪਿੰਡ ਤੇ ਡਾਕ:ਚੱਬਾ,**
**ਤਰਨਤਾਰਨ ਰੋਡ, ਅੰਮ੍ਰਿਤਸਰ**








ਸ਼ਹੀਦਾਂ ਦੀ ਯਾਦ 'ਚ ਅਤੇ ਭਲਵਾਨਾਂ ਦੀ ਚੜ੍ਹਦੀ ਕਲਾ ਲਈ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਇੰਗਲੈਂਡ ਨਿਵਾਸੀ ਸ. ਜੋਗਿੰਦਰ ਸਿੰਘ ਢੰਡੋਵਾਲ ਦੇ ਪਰਿਵਾਰ ਵੱਲੋਂ ਹੋਵੇਗੀ।

ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 12 ਜਨਵਰੀ, 2026 (ਦਿਨ ਸੋਮਵਾਰ) ਸਵੇਰੇ 10.00 ਵਜੇ ਨੂੰ ਹੋਵੇਗੀ, ਜਿਨ੍ਹਾਂ ਦੇ ਭੋਗ 14 ਜਨਵਰੀ, 2026 (ਦਿਨ ਬੁੱਧਵਾਰ) ਨੂੰ ਸਵੇਰੇ 10.00 ਵਜੇ ਪਾਏ ਜਾਣਗੇ। ਅਰਦਾਸ ਉਪਰੰਤ ਦੀਵਾਨ ਸਜਣਗੇ, ਜਿਸ ਦੌਰਾਨ ਪੰਥ ਪ੍ਰਸਿੱਧ ਰਾਗੀ-ਢਾਡੀ ਸੰਗਤਾਂ ਨੂੰ ਨਿਹਾਲ ਕਰਨਗੇ। ਉਪਰੰਤ ਛਿੰਝ ਦੌਰਾਨ ਭਲਵਾਨ ਆਪਣੀ ਭਲਵਾਨੀ ਦੇ ਜੌਹਰ ਦਿਖਾਉਣਗੇ।

ਛਿੰਝ ਮੇਲੇ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

ਸਮੂਹ ਇਲਾਕਾਵਸੀਆਂ ਨੂੰ ਪਹੁੰਚਣ ਦਾ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ ਜੀ

ਵੱਲੋਂ: ਸਮੂਹ ਨਗਰ ਨਿਵਾਸੀ ਪਿੰਡ ਢੰਡੋਵਾਲ, ਸ਼ਾਹਕੋਟ (ਜਲੰਧਰ)

ਸੰਪਰਕ: (ਨਛੱਤਰ ਸਿੰਘ ਸੱਤੀ) 98151-02950, 82840-32366 (ਬਲਿਹਾਰ ਸਿੰਘ ਨੰਬਰਦਾਰ), (ਜੀਤ ਸਿੰਘ) 92573-40139

੧ੳ ਸਤਿਗੁਰ ਪ੍ਰਸਾਦਿ

CentralSikhMuseum.com CentralSikhMuseum.com CentralSikh





ਸ੍ਰੀ ਮੁਕਤਸਰ ਸਾਹਿਬ ਦੀ ਧਰਤੀ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਅਗਵਾਈ ਹੇਠ ਮੁਗਲ ਫੌਜਾਂ ਨਾਲ ਬਹਾਦਰੀ ਨਾਲ ਲੜਦੇ ਹੋਏ 40 ਸਿੰਘ ਸ਼ਹੀਦ ਹੋ ਗਏ ਸਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਨ੍ਹਾਂ 40 ਸ਼ਹੀਦ ਸਿੰਘਾਂ ਨੂੰ 40 ਮੁਕਤਿਆਂ ਦਾ ਖ਼ਿਤਾਬ ਦਿੱਤਾ ਸੀ।


★ ਦਾਸ ★

**ਭਾਈ ਰਘਵੀਰ ਸਿੰਘ ਵਾਲਸਾਲ**

**ਮੁੱਖ ਸੰਪਾਦਕ, ਆਵਾਜ਼ਿ ਕੌਮ, ਯੂ. ਕੇ.**

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲ਼ਸਾ ਮੈਮੋਰੀਅਲ ਹਸਪਤਾਲ




ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।
+91 98767-50784 +91 98767-50784
ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ
ਮਹਿਤਾ ਚੌਕ, ਅੰਮ੍ਰਿਤਸਰ

# ਸਾਂਝਾ ਪੰਜਾਬ

VEG & NON-VEG INDIAN

WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV

# 40 ਮੁਕਤਿਆਂ ਦੀ ਧਰਤੀ-ਮੁਕਤਸਰ



**ਪੰਜਾਬ** ਦੀ ਇਸ ਪਵਿੱਤਰ ਧਰਤੀ ਤੇ ਉਂਝ ਤਾਂ ਕਈ ਮੇਲੇ ਲੱਗਦੇ ਹਨ ਜਿਵੇਂ ਵਿਸਾਖੀ ਦਾ ਮੇਲਾ, ਛਪਾਰ ਦਾ ਮੇਲਾ, ਪੈਗੰਬਰਾਂ ਦੇ ਮੇਲੇ, ਜਰਗ ਦਾ ਮੇਲਾ, ਸ਼ਹੀਦੀ ਮੇਲੇ, ਸੋਡਲ ਦਾ ਮੇਲਾ ਅਤੇ ਹੋਰ ਅਨੇਕਾਂ ਛੋਟੇ-ਵੱਡੇ ਮੇਲੇ ਲੱਗਦੇ ਹਨ। ਪਰ ਇਹਨਾਂ ਮੇਲਿਆਂ ਵਿੱਚੋਂ ਸਿਰ ਕੱਢਵਾਂ ਤੇ ਧਾਰਮਿਕ ਪੱਖੋਂ ਅਹਿਮ ਮੇਲਾ ਹੈ, ਮੇਲਾ ਮਾਘੀ ਮੁਕਤਸਰ ਦਾ। ਮੁਕਤਸਰ ਦਾ ਮੇਲਾ ਮਾਲਵੇ ਦੇ ਹੀ ਨਹੀਂ ਸਗੋਂ ਪੰਜਾਬ ਦੇ ਵੱਡੇ ਮੇਲਿਆਂ ਵਿੱਚੋਂ ਇੱਕ ਗਿਣਿਆ ਜਾਂਦਾ ਹੈ। ਮਾਘ ਦੀ ਸੰਗਰਾਂਦ ਵਾਲੇ ਦਿਨ 40 ਸਿੰਘਾਂ ਦੀ ਯਾਦ ਵਿੱਚ ਹਰ ਸਾਲ ਵਿਸ਼ਾਲ ਜੋੜ-ਮੇਲਾ ਭਰਦਾ ਹੈ। ਦਸਮ ਪਾਤਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਸੰਨ 1704 ਈਸਵੀ ਵਿੱਚ ਅਨੰਦਪੁਰ ਸਾਹਿਬ ਵਿੱਚ ਕਿਲ੍ਹਾ ਅਨੰਦਗੜ੍ਹ ਵਿਖੇ ਮੁਗ਼ਲ ਫ਼ੌਜਾਂ ਨਾਲ ਯੁੱਧ ਲੜ ਰਹੇ ਸਨ। ਦੁਸ਼ਮਣ ਦੀਆਂ ਫ਼ੌਜਾਂ ਨੇ ਚਾਰੇ ਪਾਸੇ ਘੇਰਾ ਪਾ ਲਿਆ ਅਤੇ ਬਾਹਰੋਂ ਰਸਦ-ਪਾਣੀ ਅੰਦਰ ਨਾ ਜਾਣ ਦਿੱਤਾ, ਕਿਉਂਕਿ ਉਹਨਾਂ ਨੂੰ ਉਮੀਦ ਸੀ ਕਿ ਭੁੱਖ ਨਾਲ ਮਰਦੇ ਸਿੰਘ ਲੜਾਈ ਨਹੀਂ ਲੜ ਸਕਣਗੇ ਅਤੇ ਬਾਹਰ ਆ ਜਾਣਗੇ। ਜਦੋਂ ਲੰਮਾ ਸਮਾਂ ਕਿਲ੍ਹੇ ਨੂੰ ਘੇਰਾ ਪਿਆ ਤਾਂ ਭੁੱਖ ਤੋਂ ਤੰਗ ਆਏ ਸਿੰਘਾਂ ਨੇ ਗੁਰੂ ਜੀ ਨੂੰ ਬੇਨਤੀ ਕੀਤੀ ਕਿ ਉਹ ਜੰਗ ਨਹੀਂ ਲੜ ਸਕਦੇ ਅਤੇ ਉਹ ਘਰਾਂ ਨੂੰ ਜਾਣਾ ਚਾਹੁੰਦੇ ਹਨ। ਗੁਰੂ ਸਾਹਿਬ ਨੇ ਸਿੰਘਾਂ ਨੂੰ ਹੌਸਲਾ ਦਿੰਦੇ ਹੋਏ ਕਿਹਾ ਕਿ ਕੁਝ ਦਿਨਾਂ ਦੀ ਗੱਲ ਹੈ। ਪਰ ਸਿੰਘਾਂ ਨੇ ਉੱਤਰ ਦਿੱਤਾ, "ਅਸੀਂ ਲੜਦੇ ਹੋਏ ਸ਼ਹੀਦ ਹੋ ਸਕਦੇ ਹਾਂ ਪਰ ਭੁੱਖੇ ਮਰਨ ਲਈ ਤਿਆਰ ਨਹੀਂ।" ਸਿੰਘ ਜਦ ਆਪਣੀ ਜ਼ਿੱਦ ਤੇ ਅੜੇ ਰਹੇ ਤਾਂ ਗੁਰੂ ਜੀ ਨੇ ਕਿਹਾ ਕਿ ਜੇਕਰ ਤੁਸੀਂ ਜਾਣਾ ਹੈ ਤਾਂ ਜਾਓ ਪਰ ਇਹ ਲਿਖ ਕੇ ਦੇ ਜਾਓ ਕਿ ਗੁਰੂ ਗੋਬਿੰਦ ਸਿੰਘ ਸਾਡਾ ਗੁਰੂ ਨਹੀਂ ਅਤੇ ਅਸੀਂ ਉਸ ਦੇ ਸਿੱਖ ਨਹੀਂ। ਭੁੱਖ ਦੀ ਮਾਰ ਕਰਕੇ ਜਥੇਦਾਰ ਮਹਾਂ ਸਿੰਘ ਦੀ ਜਥੇਦਾਰ ਹੇਠ 45 ਸਿੰਘ ਗੁਰੂ ਜੀ ਨੂੰ ਬੇਦਾਵਾ "ਅਸੀਂ ਤੁਹਾਡੇ ਸਿੱਖ ਨਹੀਂ, ਤੁਸੀਂ ਸਾਡੇ ਗੁਰੂ ਨਹੀਂ" ਲਿਖ ਕੇ ਦੇ ਕੇ ਅਨੰਦਪੁਰ ਕਿਲ੍ਹੇ ਨੂੰ ਛੱਡ ਗਏ। ਜਿਨ੍ਹਾਂ ਵਿੱਚੋਂ ਪੰਜ ਸਿੰਘ ਕਿਲ੍ਹਾ ਛੱਡਣ ਵੇਲੇ ਹੀ ਸ਼ਹੀਦ ਹੋ ਗਏ। ਬਾਕੀ 40 ਸਿੰਘ ਆਪਣੇ ਘਰਾਂ ਨੂੰ ਵਾਪਸ ਆ ਗਏ।

ਗੁਰੂ ਜੀ ਨੇ ਮੁਗ਼ਲਾਂ ਦੇ ਵਿਸ਼ਵਾਸ ਦੇਣ ਤੇ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡ ਦਿੱਤਾ ਹੈ ਕਿ ਸਾਰੀ ਫ਼ੌਜ ਵਾਪਸ ਚਲੀ ਜਾਵੇਗੀ ਪਰ ਇਹ ਉਹਨਾਂ ਦੀ ਇੱਕ ਚਾਲ ਸੀ। ਗੁਰੂ ਜੀ ਸਰਸਾ ਨਦੀ ਪਾਰ ਕਰਕੇ ਚਮਕੌਰ ਸਾਹਿਬ ਪੁੱਜੇ। ਇਸ ਸਮੇਂ ਦੌਰਾਨ ਮਾਤਾ ਗੁਜਰੀ ਅਤੇ ਛੋਟੇ ਸਾਹਿਬਜ਼ਾਦੇ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਜੋ ਗੰਗੂ ਰਸੋਈਏ ਨਾਲ ਸਨ, ਗੁਰੂ ਸਾਹਿਬ ਤੋਂ ਵਿੱਛੜ ਗਏ। ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਤੇ ਬਾਬਾ ਜੁਝਾਰ ਸਿੰਘ ਜੀ ਗੁਰੂ ਸਾਹਿਬ ਦੇ ਨਾਲ ਸਨ। ਮੁਗ਼ਲ ਫ਼ੌਜ ਪਿੱਛਾ ਕਰਦੀ ਆ ਰਹੀ ਸੀ। ਚਮਕੌਰ ਸਾਹਿਬ ਵਿਖੇ ਭਾਰੀ ਯੁੱਧ ਹੋਇਆ ਜਿੱਥੇ ਦੋਵੇਂ ਵੱਡੇ ਸਾਹਿਬਜ਼ਾਦੇ ਜੰਗ ਵਿੱਚ ਸ਼ਹੀਦ ਹੋ ਗਏ, ਜਦਕਿ ਦੋਨੋਂ ਛੋਟੇ ਸਾਹਿਬਜ਼ਾਦਿਆਂ ਚੋਰਾਵਰ ਸਿੰਘ ਤੇ ਬਾਬਾ ਫਤਿਹ ਸਿੰਘ ਜੀ ਨੂੰ ਸਰਹਿੰਦ ਦੇ ਸੂਬੇਦਾਰ ਨੇ ਨੀਹਾਂ ਵਿੱਚ ਚਿਣਵਾ ਦਿੱਤਾ।

ਗੁਰੂ ਗੋਬਿੰਦ ਸਿੰਘ ਜੀ ਪੰਜ ਪਿਆਰਿਆਂ ਦਾ ਹੁਕਮ ਮੰਨ ਕੇ ਚਮਕੌਰ ਦੀ ਗੜ੍ਹੀ ਵਿੱਚੋਂ ਨਿਕਲ ਕੇ ਮਾਛੀਵਾੜਾ, ਰਾਏਕੋਟ, ਦੀਨਾ ਕਾਂਗੜ, ਭਾਈ ਭਗਤਾ, ਵਾਂਦਰ, ਬਰਗਾੜੀ, ਸਰਾਵਾਂ, ਜੈਤੋ, ਮਲੂਕਾ ਆਦਿ ਪਿੰਡਾਂ ਵਿੱਚੋਂ ਹੁੰਦੇ ਹੋਏ ਕੋਟਕਪੂਰੇ ਪੁੱਜੇ ਤਾਂ ਰਸਤੇ ਵਿੱਚ ਉਹਨਾਂ ਨੂੰ ਖ਼ਬਰ ਮਿਲੀ ਕਿ ਮੁਗ਼ਲ ਫ਼ੌਜਾਂ (ਕੁਝ ਇਤਿਹਾਸਕਾਰਾਂ ਨੇ ਸ਼ਾਹੀ ਫੌਜਾਂ ਲਿਖਿਆ ਹੈ) ਉਹਨਾਂ ਦਾ ਪਿੱਛਾ ਕਰਦੀਆਂ ਆ ਰਹੀਆਂ ਹਨ। ਗੁਰੂ ਜੀ ਨੇ ਰਸਤੇ ਵਿੱਚ ਹੀ ਟੱਕਰ ਲੈਣ ਦਾ ਮਨ ਬਣਾ ਲਿਆ। ਗੁਰੂ ਜੀ ਨੇ ਆਪਣੇ ਸਿੱਖਾਂ ਨੂੰ ਕਮਰਕੱਸੇ ਕੱਸ ਲੈਣ ਲਈ ਕਿਹਾ ਤੇ ਕੋਟਕਪੂਰੇ ਦੇ ਚੌਧਰੀ ਨਵਾਬ ਕਪੂਰ ਸਿੰਘ ਤੋਂ ਕਿਲ੍ਹਾ ਮੰਗਿਆ। ਚੌਧਰੀ ਨੇ ਗੁਰੂ ਜੀ ਦੀ ਬਹੁਤ ਸੇਵਾ ਤੇ ਸਤਿਕਾਰ ਕੀਤਾ ਪਰ ਕਿਲ੍ਹਾ ਦੇਣ ਤੋਂ ਸਾਫ਼ ਨਾਂਹ ਕਰ ਦਿੱਤੀ ਕਿਉਂਕਿ ਉਹ (ਕਪੂਰ ਸਿੰਘ) ਮੁਗ਼ਲ ਹਾਕਮਾਂ ਤੋਂ ਡਰਦਾ ਸੀ। ਗੁਰੂ ਸਾਹਿਬ ਨੇ ਉਸ ਦੀ ਕਮਜ਼ੋਰੀ ਦੇਖ ਕੇ ਸੁਭਾਵਿਕ ਹੀ ਕਹਿ ਦਿੱਤਾ, "ਕਪੂਰ ਸਿੰਘ! ਅਸੀਂ ਤੈਨੂੰ ਤੁਰੰਤ ਹੀ ਰਾਜ ਦੇਣਾ ਚਾਹੁੰਦੇ ਸੀ ਪਰ ਹੁਣ ਤੂੰ ਤੁਰਕਾਂ ਤੋਂ ਡਰ ਗਿਆ ਹੈਂ। ਇਸ ਲਈ ਉਹਨਾਂ ਦੇ ਹੱਥੋਂ ਹੀ ਤਸੀਹੇ ਝੱਲ ਕੇ ਤੇਰੀ ਮੌਤ ਹੋਵੇਗੀ।" ਇਹ ਬਚਨ ਕਰਕੇ ਗੁਰੂ ਸਾਹਿਬ ਉਥੋਂ ਸਿੱਖ ਯੋਧਿਆਂ ਸਮੇਤ ਖਿਦਰਾਣੇ ਦੀ ਢਾਬ ਵੱਲ ਚੱਲ ਪਏ। ਗੁਰੂ ਜੀ ਨੇ ਉੱਚੇ ਟਿੱਬੇ ਤੇ ਜਾ ਡੇਰੇ ਲਾਏ, ਜਿੱਥੇ ਗੁਰਦੁਆਰਾ ਟਿੱਬੀ ਸਾਹਿਬ ਸਥਿਤ ਹੈ। ਇੱਥੇ ਗੁਰੂ ਜੀ ਨਾਲ ਮਾਲਵੇ ਦੇ ਕਾਫ਼ੀ ਸਿੰਘ ਵੀ ਸਨ ਅਤੇ ਸਿੰਘਾਂ ਨੇ ਇੱਕ ਨੀਵੀਂ ਥਾਂ ਤੇ ਜਿੱਥੇ ਛੱਪੜ ਸੀ, ਉੱਥੇ ਜਾ ਡੇਰੇ ਲਾ ਲਏ। ਮੁਗਲ ਫ਼ੌਜਾਂ ਗੁਰੂ ਜੀ ਦਾ ਪਿੱਛਾ ਕਰਦੀਆਂ ਕੋਟਕਪੂਰੇ ਪਹੁੰਚ ਗਈਆਂ। ਸ਼ਾਹੀ ਫ਼ੌਜਾਂ ਨੇ ਸੂਬਾ ਸਰਹਿੰਦ ਦੇ ਚੌਧਰੀ ਕਪੂਰ ਸਿੰਘ ਨੂੰ ਨਾਲ ਲੈ ਲਿਆ ਤੇ ਖਿਦਰਾਣੇ ਦੀ ਢਾਬ ਵੱਲ ਕੂਚ ਕੀਤਾ।

ਦੂਜੇ ਪਾਸੇ ਅਨੰਦਪੁਰ ਸਾਹਿਬ ਤੋਂ ਬੇਦਾਵਾ ਦੇਣ ਵਾਲੇ ਸਿੰਘ ਜਦ ਘਰਾਂ ਨੂੰ ਚਲੇ ਗਏ ਅਤੇ ਘਰ ਜਾ ਕੇ ਸਾਰਾ ਹਾਲ ਸੁਣਾਇਆ ਤਾਂ ਉਹਨਾਂ ਦੀਆਂ ਪਤਨੀਆਂ, ਭੈਣਾਂ, ਮਾਵਾਂ ਤੇ ਰਿਸ਼ਤੇਦਾਰ ਨੇ ਬਹੁਤ ਤਾਅਨੇ-ਮਿਹਣੇ ਮਾਰ ਕੇ ਕਿਹਾ ਕਿ ਤੁਸੀਂ ਗੁਰੂ ਜੀ ਨੂੰ ਛੱਡ ਕੇ ਚੰਗਾ ਕੰਮ ਨਹੀਂ ਕੀਤਾ। ਤੁਸੀਂ ਗੁਰੂ ਜੀ ਤੋਂ ਬੇਮੁਖ ਹੋ ਕੇ ਆਏ ਹੋ। ਤੁਸੀਂ ਘਰਾਂ ਵਿੱਚ ਘੱਗਰੇ ਤੇ ਵੰਗਾਂ( ਚੂੜੀਆਂ) ਪਾ ਕੇ ਬੈਠੋ, ਅਸੀਂ ਜੰਗ ਲੜਨ ਜਾਂਦੀਆਂ ਹਾਂ। ਮਾਈ ਭਾਗੋ ਜੋ ਸੂਰਬੀਰ ਤੇ ਦਲੇਰ ਔਰਤ ਸੀ, ਉਸ ਦੀ ਪ੍ਰੇਰਨਾ ਨਾਲ ਇਹ 40 ਸਿੰਘ ਸ਼ਮੀਰ ਸਿੰਘ, ਸਰਜਾ ਸਿੰਘ, ਸੁਹੇਲ ਸਿੰਘ, ਸੁਲਤਾਨ ਸਿੰਘ, ਸੋਭਾ ਸਿੰਘ, ਸੰਤ ਸਿੰਘ, ਹਰਸਾ ਸਿੰਘ, ਗੰਗਾ ਸਿੰਘ, ਹਰੀ ਸਿੰਘ, ਕਰਨ ਸਿੰਘ, ਕਰਮ ਸਿੰਘ, ਕਾਲਾ ਸਿੰਘ, ਕੀਰਤੀ ਸਿੰਘ, ਕਿਰਪਾਲ ਸਿੰਘ, ਖੁਸ਼ਾਲ ਸਿੰਘ, ਗੁਲਾਬ ਸਿੰਘ, ਗੰਗਾ ਸਿੰਘ, ਗੰਡਾ ਸਿੰਘ, ਘਰਬਾਰਾ ਸਿੰਘ, ਚੰਬਾ ਸਿੰਘ, ਜਾਦੋ ਸਿੰਘ, ਜੋਗਾ ਸਿੰਘ, ਜੰਗ ਸਿੰਘ, ਦਿਆਲ ਸਿੰਘ, ਦਰਬਾਰਾ ਸਿੰਘ, ਦਿਲਬਾਗ ਸਿੰਘ, ਧਰਮ ਸਿੰਘ, ਧੰਨਾ ਸਿੰਘ, ਨਿਹਾਲ ਸਿੰਘ, ਨਿਧਾਨ ਸਿੰਘ, ਬੂੜ ਸਿੰਘ, ਭਾਗ ਸਿੰਘ, ਭੋਲਾ ਸਿੰਘ, ਭੰਗਾ ਸਿੰਘ, ਮਹਾਂ ਸਿੰਘ, ਮੱਜਾ ਸਿੰਘ, ਮਾਨ ਸਿੰਘ, ਮੈਯਾ ਸਿੰਘ, ਰਾਇ ਸਿੰਘ, ਲਛਮਣ ਸਿੰਘ (ਮਹਾਨ ਕੋਸ਼ ਚੌਥੀ ਵਾਰ 1981, ਪੰਨਾ 981) ਗੁਰੂ ਜੀ ਦੀ ਭਾਲ ਕਰਦੇ ਹੋਏ ਖਿਦਰਾਣੇ ਦੀ ਢਾਬ 'ਤੇ ਪਹੁੰਚੇ। ਉਹਨਾਂ ਆਪਣੀ ਗਿਣਤੀ ਜ਼ਿਆਦਾ ਦਿਖਾਉਣ ਲਈ ਝਾੜੀਆਂ ਅਤੇ ਬੂਟੀਆਂ ਦੇ ਉੱਪਰ ਆਪਣੇ ਚਾਦਰੇ, ਪਰਨੇ ਅਤੇ ਹੋਰ ਕੱਪੜੇ ਪਾ ਕੇ ਤੰਬੂਆਂ ਦੀ ਸ਼ਕਲ ਵਿੱਚ ਬਦਲ ਦਿੱਤਾ। 40 ਸਿੰਘ ਮੁਗਲ ਫ਼ੌਜਾਂ ਨਾਲ ਡੱਟ ਕੇ ਲੜੇ। ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਟਿੱਬੀ ਸਾਹਿਬ ਤੇ ਬੈਠੇ ਤੀਰਾਂ ਨਾਲ ਦੁਸ਼ਮਣਾਂ ਦੇ ਸੀਨੇ ਚੀਰ ਰਹੇ ਸਨ। ਆਖਿਰ ਸ਼ਾਹੀ ਫ਼ੌਜਾਂ ਨੂੰ ਹਾਰ ਦਾ ਮੂੰਹ ਦੇਖਣਾ ਪਿਆ ਤੇ ਉਹ ਵਾਪਸ ਕੋਟਕਪੂਰਾ ਵੱਲ ਭੱਜ ਗਏ। ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਅਸਥਾਨ 'ਤੇ ਆਪਣੇ ਜੀਵਨ ਦੀ ਅੰਤਿਮ ਲੜਾਈ ਲੜੀ ਅਤੇ ਜਿੱਤ ਪ੍ਰਾਪਤ ਕੀਤੀ।

ਯੁੱਧ ਖਤਮ ਹੋਣ ਤੋਂ ਬਾਅਦ ਗੁਰੂ ਜੀ ਲੜਾਈ ਦੇ ਮੈਦਾਨ ਵਿੱਚ ਪਹੁੰਚੇ, 39 ਸਿੰਘ ਸ਼ਹੀਦ ਹੋ ਚੁੱਕੇ ਸਨ। ਜਦੋਂ ਗੁਰੂ ਜੀ ਸਹਿਕ ਰਹੇ ਇੱਕ ਸਿੱਖ ਭਾਈ ਮਹਾਂ ਸਿੰਘ ਕੋਲ ਪਹੁੰਚੇ ਤਾਂ ਉਸ ਨੂੰ ਆਪਣੀ ਗੋਦੀ ਵਿੱਚ ਬਿਠਾਇਆ ਤੇ ਕੱਪੜੇ ਨਾਲ ਉਸ ਦਾ ਚਿਹਰਾ ਸਾਫ਼ ਕੀਤਾ। ਗੁਰੂ ਜੀ ਨੇ ਉਸ ਦੀ ਆਖਰੀ ਇੱਛਾ ਪੁੱਛੀ ਤੇ ਕਿਹਾ, "ਭਾਈ ਮਹਾਂ ਸਿੰਘ! ਤੁਸੀਂ ਮਹਾਨ ਕੁਰਬਾਨੀ ਕੀਤੀ ਹੈ, ਮੰਗ ਲੈ ਜੋ ਮੰਗੇਂਗਾ, ਉਹ ਜ਼ਰੂਰ ਮਿਲੇਗਾ।

**ਤਬ ਲੌ ਇਕ ਸਿਖ ਸਹਿਤ ਪਾਯੋ।**
**ਕਹਯੋ ਗੁਰੂ ਮਾਂਗੋ ਮਨ ਭਾਯੋ।** (ਪੰਥ ਪ੍ਰਕਾਸ਼, ਗਿਆਨੀ ਗਿਆਨ ਸਿੰਘ, ਪੰਨਾ 311)

ਸਿਸਕੀਆਂ ਭਰਦਿਆਂ ਭਾਈ ਮਹਾਂ ਸਿੰਘ ਨੇ ਹੱਥ ਜੋੜ ਕੇ ਬੇਨਤੀ ਕੀਤੀ ਜੇ ਤਰੁੱਠੇ ਹੋ ਤਾਂ ਅਨੰਦਪੁਰ ਸਾਹਿਬ ਵਿਖੇ ਜੰਗ ਸਮੇਂ ਅਸੀਂ 40 ਸਿੰਘ ਜੋ ਬੇਦਾਵਾ ਲਿਖ ਕੇ ਦੇ ਆਏ ਸੀ, ਉਹ ਫਾੜ ਦਿਓ ਅਤੇ ਸਾਡੀ ਟੁੱਟੀ ਗੰਢ ਦਿਓ। ਗੁਰੂ ਜੀ ਨੇ ਆਪਣੇ ਕਮਰੇਕੱਸੇ ਵਿੱਚੋਂ ਬੇਦਾਵਾ ਕੱਢ ਕੇ ਭਾਈ ਮਹਾਂ ਸਿੰਘ ਦੇ ਸਾਹਮਣੇ ਫਾੜ ਕੇ ਭਾਈ ਮਹਾਂ ਸਿੰਘ ਤੇ ਸ਼ਹੀਦ ਹੋਏ ਸਿੰਘਾਂ ਨਾਲ ਟੁੱਟੀ ਗੰਢ ਦਿੱਤੀ।

**ਸਿੱਖੀ ਹਿਤ ਜਿਨ ਰਾਜਨ ਚਾਹਯੋ।**
**ਸਿਦਕ ਔਰ ਉਪਕਾਰ ਨਿਬਾਹਯੋ।**
**ਜੇਬ ਬੀਚ ਤੈ ਤਬੈ ਨਿਕਾਰਯੋ।**
**ਕਾਗਜ ਸਨਮੁਖ ਤਾ ਕੇ ਫਾਰਯੋ।**
**ਗੁਰੂ ਤੇ ਵਲੀ ਗੁਰੂ ਕੇ ਸਿਖ ਹੈਂ।**
**ਯਹਿ ਗੁਰੂ ਕਹਯੋ ਲਏ ਹਮ ਪਿਖ ਹੈਂ।**
**ਤੂਟੀ ਸਿੱਖੀ ਫੇਰ ਮਿਲਾਈ।**
**ਪਰਉਪਕਾਰ ਕਰਯੋ ਬਹੁਤਾਈ।**
**(ਪੰਥ ਪ੍ਰਕਾਸ਼, ਗਿਆਨੀ ਗਿਆਨ ਸਿੰਘ, ਪੰਨਾ 311)**

ਗੁਰੂ ਜੀ ਨੇ ਫ਼ਰਮਾਇਆ ਕਿ ਇਹ ਥਾਂ ਹੁਣ ਖਿਦਰਾਣਾ ਨਹੀਂ ਸਗੋਂ ਮੁਕਤੀ ਦਾ ਅਸਥਾਨ ਹੈ।

**ਮੁਕਤਯੌਂ ਕਾ ਪਦ ਉਨਕੋ ਦੀਨਾ।**
**ਖਿਦਰਾਣੇ ਕੋ ਮੁਕਤਸਰ ਕੀਨਾ।**
**(ਪੰਥ ਪ੍ਰਕਾਸ਼, ਗਿਆਨੀ ਗਿਆਨ ਸਿੰਘ, ਪੰਨਾ 312)**


ਖਿਦਰਾਣੇ ਦੀ ਢਾਬ ਤੇ ਸ਼ਹੀਦਾਂ ਦਾ ਸਸਕਾਰ ਕਰਕੇ ਉਹਨਾਂ ਨੂੰ 'ਮੁਕਤੇ' ਦੀ ਉੱਚ ਪਦਵੀ ਬਖ਼ਸ਼ੀ। ਗੁਰੂ ਜੀ ਨੇ ਸ਼ਹੀਦ ਹੋਏ ਸਿੰਘਾਂ ਨੂੰ ਪੰਜ ਹਜ਼ਾਰੀ, ਦਸ ਹਜ਼ਾਰੀ ਅਤੇ ਹੋਰ ਵੱਡੇ-ਵੱਡੇ ਖ਼ਿਤਾਬ ਬਖਸ਼ੇ। ਇਹਨਾਂ 40 ਮੁਕਤਿਆਂ ਨੂੰ ਅਸੀਂ ਰੋਜ਼ਾਨਾ ਸਵੇਰੇ-ਸ਼ਾਮ ਅਰਦਾਸ ਕਰਨ ਸਮੇਂ ਯਾਦ ਕਰਦੇ ਹਾਂ। ਪਹਿਲਾਂ-ਪਹਿਲ ਇਸ ਨੂੰ ਮੁਕਤਸਰ ਕਿਹਾ ਜਾਂਦਾ ਸੀ ਪਰ ਹੁਣ ਪਿਛਲੇ ਕੁਝ ਸਾਲਾਂ ਤੋਂ ਪੰਜਾਬ ਸਰਕਾਰ ਨੇ ਇਸ ਸ਼ਹਿਰ ਦਾ ਨਾਂ 'ਮੁਕਤਸਰ' ਤੋਂ ਬਦਲ ਕੇ 'ਸ੍ਰੀ ਮੁਕਤਸਰ ਸਾਹਿਬ' ਰੱਖ ਦਿੱਤਾ ਹੈ। ਗੁਰਦੁਆਰਾ ਟੁੱਟੀ ਗੰਢੀ ਸਾਹਿਬ ਦੇ ਨਾਲ ਹੀ ਇੱਕ ਵਣ ਦਾ ਦਰਖ਼ਤ ਹੈ, ਜਿਸ ਨਾਲ ਗੁਰੂ ਸਾਹਿਬ ਨੇ ਆਪਣੇ ਘੋੜਾ ਬੰਨ੍ਹਿਆ ਸੀ, ਜੋ ਅੱਜ ਵੀ ਉਸੇ ਤਰ੍ਹਾਂ ਹੀ ਹਰਾ-ਭਰਾ ਹੈ।

ਮਾਘੀ ਦਾ ਮੇਲਾ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 14 ਜਨਵਰੀ ਦਿਨ ਮੰਗਲਵਾਰ ਨੂੰ ਬੜੇ ਪ੍ਰੇਮ, ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਮਾਘੀ ਦੇ ਮੇਲੇ ਦੀ ਸ਼ਾਨ ਮਨਮੋਹਨ ਅਤੇ ਸ਼ਾਨਦਾਰ ਚੰਡੋਲ, ਅੰਬਰਾਂ ਨੂੰ ਛੂੰਹਦੇ ਉੱਚੀਆਂ ਨਜ਼ਰਾਂ ਨਾਲ ਵੇਖਣ ਨੂੰ ਮਿਲਦੇ ਹਨ। ਨੌਜਵਾਨ, ਬੱਚੇ, ਬਜ਼ੁਰਗ, ਔਰਤਾਂ ਪੂਰੇ ਜੋਸ਼ ਤੇ ਉਤਸ਼ਾਹ ਨਾਲ ਮੇਲੇ ਵਿੱਚ ਸ਼ਾਮਲ ਹੋ ਕੇ ਅਨੰਦ ਮਾਣਦੇ ਹਨ। ਇਸ ਮੌਕੇ ਰਾਗੀ, ਢਾਡੀ, ਪ੍ਰਚਾਰਕ, ਗੁਣੀ-ਗਿਆਨੀ ਗੁਰਦੁਆਰਾ ਟੁੱਟੀ ਗੰਢੀ ਸਾਹਿਬ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਵਿੱਚ ਅੰਮ੍ਰਿਤ ਮਈ ਬਾਣੀ ਦੁਆਰਾ ਸੰਗਤਾਂ ਨੂੰ ਨਿਹਾਲ ਕਰਦੇ ਹਨ ਅਤੇ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ ਕਰਦੇ ਹਨ। ਗੁਰੂ ਕਾ ਲੰਗਰ ਅਤੁੱਟ ਵਰਤਦਾ ਹੈ। ਮਾਘੀ ਦੇ ਸ਼ੁੱਭ ਦਿਹਾੜੇ 'ਤੇ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਸ਼੍ਰੀ ਮੁਕਤਸਰ ਸਾਹਿਬ ਪਹੁੰਚ ਕੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕਰਦੀਆਂ ਹਨ ਤੇ 40 ਮੁਕਤਿਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੀਆਂ ਹਨ। ਸ਼ਹਿਰ ਵਿੱਚ ਰਾਜਸੀ ਅਤੇ ਧਾਰਮਿਕ ਜਥੇਬੰਦੀਆਂ ਵੱਲੋਂ ਆਈਆਂ ਸੰਗਤਾਂ ਲਈ ਚਾਹ, ਜਲ, ਗੁਰੂ ਕਾ ਲੰਗਰ, ਬਰੈਡ ਪਕੌੜਿਆਂ ਦੇ ਲੰਗਰ ਲਗਾਏ ਜਾਂਦੇ ਹਨ।

**-ਕਰਨੈਲ ਸਿੰਘ ਐੱਮ.ਏ.**
**# 1138/63- ਏ, ਗੁਰੂ ਤੇਗ. ਬਹਾਦਰ ਨਗਰ,**
**ਗਲੀ ਨੰਬਰ 1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ।**

## 10 ਲੱਖ ਸਿਹਤ ਬੀਮਾਂ ਯੋਜਨਾ ਸਕੀਮ ਆਪ ਦਾ ਇਤਿਹਾਸਿਕ ਫੈਸਲਾ-ਪਰਮਜੀਤ ਸਿੰਘ ਬਾਠ ਮੱਤੇਵਾਲ ਪੀ ਬੀ ਐੱਸ ਮੌਲ, ਚੌਕ ਮਹਿਤਾ

**ਚੌਕ ਮਹਿਤਾ**, 13 **ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਜੋ ਲੋਕਾਂ ਨੂੰ 10 ਲੱਖ ਦੀ ਸਿਹਤ ਬੀਮਾਂ ਯੋਜਨਾਂ ਦੀ ਸਹੂਲਤ ਦਿੱਤੀ ਗਈ ਹੈ ਉਹ ਆਪਣੇ ਆਪ 'ਚ ਬਹੁਤ ਹੀ ਇਤਿਹਾਸਿਕ ਫ਼ੈਸਲਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਜਿਲ੍ਹਾ ਪ੍ਰੀਸ਼ਦ ਦੇ ਮੈਂਬਰ ਬੀਬਾ ਬਲਜੀਤ ਕੌਰ ਬਾਠ ਮੱਤੇਵਾਲ ਦੇ ਪਤੀ ਪਰਮਜੀਤ ਸਿੰਘ ਬਾਠ ਮੱਤੇਵਾਲ ਪੀ ਬੀ ਐੱਸ ਮੌਲ ਚੌਕ ਮਹਿਤਾ ਵਾਲਿਆਂ ਨੇ ਆਪਣੇ ਵਿਚਾਰਾਂ ਦੌਰਾਨ ਕੀਤਾ।



ਬਾਠ ਮੱਤੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ 10 ਲੱਖ ਦਾ ਫ਼ਰੀ ਸਿਹਤ ਬੀਮਾਂ ਸਕੀਮ ਸ਼ੁਰੂ ਕੀਤੀ ਗਈ ਹੈ। ਇਸ ਦਾ ਲਾਭ ਪੰਜਾਬ ਵਿੱਚ ਲੱਖਾਂ ਹੀ ਲੋਕ ਲੈਣਗੇ, ਕਿਉਂਕਿ ਪੰਜਾਬ ਵਿੱਚ ਕਈ ਅਜਿਹੇ ਪਰਿਵਾਰ ਹਨ, ਜੋ ਪੈਸਿਆਂ ਕਾਰਨ ਮਹਿੰਗੇ ਹਸਪਤਾਲ ਵਿੱਚ ਆਪਣਾ ਇਲਾਜ਼ ਨਹੀਂ ਸੀ ਕਰਵਾ ਪਾ ਰਹੇ ਪਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜੋ 10 ਲੱਖ ਦੀ ਸਿਹਤ ਬੀਮਾਂ ਯੋਜਨਾਂ ਸ਼ੁਰੂ ਕੀਤੀ ਹੈ। ਇਸ ਨਾਲ ਉਹ ਪਰਿਵਾਰ ਹੁਣ ਆਪਣਾ ਸਮੇਂ ਸਿਰ ਕਿਸੇ ਵੀ ਹਸਪਤਾਲ ਵਿੱਚੋਂ ਇਲਾਜ਼ ਕਰਵਾ ਸਕਣਗੇ। ਜੋ ਕਿ ਇਹਨਾਂ ਪਰਿਵਾਰਾਂ ਲਈ ਵੱਡੀ ਸਹੂਲਤ ਹੋਵੇਗੀ। ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਦੇ ਲੋਕਾਂ ਲਈ ਬਹੁਤ ਕੁੱਝ ਸੋਚਿਆ ਹੈ। ਉਹਨਾਂ ਦੀ ਸੋਚ ਸਦਕਾ ਹੀ ਅੱਜ ਪੰਜਾਬ ਦੇ ਲੋਕ ਵੱਡੀਆਂ ਸਹੂਲਤਾਂ ਮਾਣ ਰਹੇ ਹਨ। ਜਿਸ ਵਿੱਚ ਸਿੱਖਿਆ ਰੁਜ਼ਗਾਰ ਅਤੇ ਸਿਹਤ ਸਹੂਲਤਾਂ ਨੂੰ ਸਭ ਤੋਂ ਵੱਧ ਪਹਿਲ ਦਿੱਤੀ ਗਈ ਹੈ। ਅੱਜ ਪੰਜਾਬ ਦਾ ਹਰ ਇੱਕ ਵਰਗ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕਰਵਾਏ ਗਏ ਕੰਮਾਂ ਤੋਂ ਪ੍ਰਭਾਵਿਤ ਹੈ। ਲੋਕ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਦੁਬਾਰਾ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ। ਪਰਮਜੀਤ ਸਿੰਘ ਬਾਠ ਮੱਤੇਵਾਲ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਦੁਬਾਰਾ ਪੰਜਾਬ ਨੂੰ ਸੋਨੇ ਦੀ ਚਿੜੀ ਬਣਾਇਆ ਜਾਵੇਗਾ।

## ਭਗਵੰਤ ਸਿੰਘ ਮਾਨ ਦੀ ਪੇਸ਼ੀ ਸਮੇਂ ਉਸ ਤੋਂ ਪਹਿਲਾਂ ਅਕਾਲੀ ਲੀਡਰਾਂ ਵਾਂਗ ਪੇਸ਼ੀ ਸਮੇ ਹਾਂ ਜਾਂ ਨਾਂਹ ਵਿਚ ਉਤਰ ਲਏ ਜਾਣ: ਬ੍ਰਿਟਿਸ਼ ਸਿੱਖ



ਨਵੀਂ ਦਿੱਲੀ 13 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਯੂਕੇ ਦੇ ਡਰਬੀ ਸਿੰਘ ਸਭਾ ਗੁਰਦੁਆਰੇ ਸਾਹਿਬ ਐਤਵਾਰ ਨੂੰ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਤੇ 2003 ਨਾਨਕਸ਼ਾਹੀ ਕੈਲੰਡਰ ਮੁਤਾਬਕ ਅਖੰਡਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਕੀਰਤਨੀ ਦੀਵਾਨ ਸਜਾਏ ਗਏ। ਇਸ ਮੌਕੇ ਸਟੇਜ ਤੇ ਸੰਗਤਾਂ ਨਾਲ ਸਾਂਝ ਪਾਉਂਦਿਆਂ ਪ੍ਰਬੰਧਕਾਂ ਅਤੇ ਹੋਰ ਪਤਵੰਤੇ ਸਿੱਖਾਂ ਨੇ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਸਾਲ ਅਕਾਲੀ ਲੀਡਰਾਂ ਨੂੰ ਤਨਖਾਹ ਲਾਈ ਗਈ ਸੀ ਉਨ੍ਹਾਂ ਸਪੱਸ਼ਟੀਕਰਨ ਲਏ ਸੀ ਇਹ ਸਿਰਫ ਹਾਂ ਜਾਂ ਨਾਂਹ ਵਿਚ ਜਵਾਬ ਦੇਣ ਨੂੰ ਕਿਹਾ ਸੀ ਹੁਣ ਵੀ ਉਸੇ ਤਰ੍ਹਾਂ ਭਗਵੰਤ ਮਾਨ ਤੋਂ ਸਪਸ਼ਟੀਕਰਣ ਲਿਆ ਜਾਵੇ ਸਿਰਫ ਉੱਥੇ ਜਵਾਬ ਹਾਂ ਜਾਂ ਨਾਂਹ ਵਿਚ ਹੀ ਲਏ ਜਾਣ। ਉਨ੍ਹਾਂ ਕਿਹਾ ਭਗਵੰਤ ਮਾਨ ਤੋਂ ਪਹਿਲਾਂ ਪ੍ਰਸ਼ਨ ਪੁੱਛਿਆ ਜਾਏ ਕਿ ਓਹ ਬਰਗਾੜੀ ਵਿਖੇ ਗੁਰੂ ਗ੍ਰੰਥ ਸਾਹਿਬ ਦੇ ਤਖ਼ਤ ਤੇ ਸ਼ਰਾਬ ਪੀਕੇ ਬੈਠਾ ਸੀ ਜਾਂ ਨਹੀਂ। ਇਸਦੇ ਲਈ ਸਬੂਤ ਵਜੋਂ ਸਰਦਾਰ ਪੁਰੇਵਾਲ ਨੇ ਦੱਸਿਆ ਮੈਂ ਓਸ ਸਮੇਂ ਮੌਕੇ ਤੇ ਹਾਜ਼ਰ ਸੀ ਤੇ ਇਸ ਨੂੰ ਸੰਗਤਾਂ ਵਲੋਂ ਕੁੱਟਣ ਤੋਂ ਬਚਾਇਆ ਸੀ। ਉਸ ਵੇਲੇ ਇਹ ਐਮਪੀ ਸੀ ਤੇ ਸ਼ਰਾਬੀ ਸੀ। ਦੂਜਾ ਪ੍ਰਸ਼ਨ ਜੋ ਵੀਡੀਓ ਸ਼ੋਸ਼ਲ ਮੀਡੀਆ ਵਿਚ ਚਲ ਰਹੀ ਜਿਸ ਵਿਚ ਇਹ ਗੁਰੂ ਗੋਬਿੰਦ ਸਿੰਘ ਜੀ ਤੇ ਸ਼ਹੀਦ ਜਰਨੈਲ ਸਿੰਘ ਦੀ ਫੋਟੋ ਦਾ ਨਿਰਾਦਰ ਕਰ ਰਿਹਾ ਹੈ ਤੇ ਤੀਜਾ ਪ੍ਰਸ਼ਨ ਕੀ ਉਹ ਮੰਨਦਾ ਹੈ ਕਿ ਉਹ ਗੁਰੂ ਘਰਾਂ ਦੇ ਪ੍ਰਬੰਧ ਤੇ ਗੋਲਕ ਵਿਚ ਮਾਇਆ ਪਾਉਣ ਤੋਂ ਰੋਕਣ ਲਈ ਤੇ ਸਿੱਖੀ ਨੂੰ ਢਾਹ ਲਾ ਰਿਹਾ। ਡਰਬੀ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸਰਦਾਰ ਰਘਬੀਰ ਸਿੰਘ ਸਿੱਖ ਮਿਊਜ਼ੀਅਮ ਦੇ ਚੈਅਰਮੈਨ, ਜਨਰਲ ਸਕੱਤਰ ਸਰਦਾਰ ਰਜਿੰਦਰ ਸਿੰਘ ਪੁਰੇਵਾਲ ਕਾਰਸੇਵਾ ਕਮੇਟੀ ਪਾਕਿਸਤਾਨ, ਅਖੰਡ ਕੀਰਤਨੀ ਜਥਾ ਯੂਕੇ ਦੇ ਮੁਖ ਸੇਵਾਦਾਰ ਜਥੇਦਾਰ ਅਵਤਾਰ ਸਿੰਘ ਸੰਘੇੜਾ ਅਤੇ ਜਨਰਲ ਸਕੱਤਰ ਡਾਕਟਰ ਦਲਜੀਤ ਸਿੰਘ ਦੇ ਨਾਲ ਜਥੇਦਾਰ ਬਲਵੀਰ ਸਿੰਘ ਨੇ ਦੱਸਿਆ ਕਿ ਅਸੀਂ ਜਥੇਦਾਰ ਅਕਾਲ ਤਖਤ ਸਾਹਿਬ ਨੂੰ ਬੇਨਤੀ ਕਰਦੇ ਹਾਂ ਕਿ 2003 ਨਾਨਕਸ਼ਾਹੀ ਕੈਲੰਡਰ ਤੇ ਵੀ ਵਿਚਾਰਾਂ ਹੋਣ ਉਪਰੰਤ ਲਾਗੂ ਕੀਤਾ ਜਾਵੇ।

## ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹੇ ਦੇ ਸਮੂਹ ਦਫ਼ਤਰਾਂ 'ਚ ਦਫ਼ਤਰੀ ਕੰਮ ਪੰਜਾਬੀ ਭਾਸ਼ਾ ਵਿਚ ਕਰਨ ਦੀ ਤਾਕੀਦ

**ਹੁਸ਼ਿਆਰਪੁਰ**, 13 **ਜਨਵਰੀ**-ਪੰਜਾਬ ਰਾਜ ਭਾਸ਼ਾ ਐਕਟ 1967 ਅਤੇ ਰਾਜ ਭਾਸ਼ਾ (ਤਰਮੀਮ) ਐਕਟ 2008 ਵਿਚ ਕੀਤੇ ਉਪਬੰਧਾਂ ਅਨੁਸਾਰ ਪੰਜਾਬ ਰਾਜ ਦੇ ਸਕੱਤਰੇਤ, ਸਮੂਹ ਸਰਕਾਰੀ/ਅਰਧ ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਨਿਗਮਾਂ ਅਤੇ ਵਿੱਦਿਅਕ ਅਦਾਰਿਆਂ ਦੇ ਦਫ਼ਤਰਾਂ ਵਿਚ ਸਮੁੱਚਾ ਦਫ਼ਤਰੀ ਕੰਮ ਪੰਜਾਬੀ ਭਾਸ਼ਾ ਵਿਚ ਕੀਤਾ ਜਾਣ ਲਾਜ਼ਮੀ ਹੈ ।ਪੰਜਾਬ ਸਰਕਾਰ ਵੱਲੋਂ ਦਫ਼ਤਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਕਰਨ ਲਈ ਸਮੇਂ-ਸਮੇਂ 'ਤੇ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਰਹੀਆਂ ਹਨ। ਇਸ ਬਾਰੇ ਵਿਸਥਾਰ ਨਾਲ ਗੱਲ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹੇ ਦੇ ਸਮੂਹ ਸਰਕਾਰੀ/ਅਰਧ ਸਰਕਾਰੀ ਵਿਭਾਗਾਂ, ਬੋਰਡਾਂ, ਕਾਰਪੋਰੇਸ਼ਨਾਂ, ਨਿਗਮਾਂ ਅਤੇ ਵਿੱਦਿਅਕ ਅਦਾਰਿਆਂ ਦੇ ਦਫ਼ਤਰੀ ਕਰਮਚਾਰੀਆਂ/ਅਧਿਕਾਰੀਆਂ ਨੂੰ ਕਿਹਾ ਕਿ ਦਫ਼ਤਰਾਂ ਦਾ ਸਮੁੱਚਾ ਕਾਰਜ ਪੰਜਾਬ ਦੀ ਰਾਜ ਭਾਸ਼ਾ ਪੰਜਾਬੀ ਵਿੱਚ ਕਰਨਾ ਲਾਜ਼ਮੀ ਬਣਾਇਆ ਜਾਵੇ। ਇਸ ਦੇ ਨਾਲ ਹੀ ਉਨ੍ਹਾਂ ਸਖ਼ਤ ਹਦਾਇਤਾਂ ਦਿੰਦਿਆਂ ਕਿਹਾ ਕਿ ਸਮੂਹ ਵਿਭਾਗਾਂ ਦੀਆਂ ਵੈੱਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ (ਭਾਵ ਦੋਨੋਂ ਭਾਸ਼ਾਵਾਂ) ਵਿਚ ਤਿਆਰ ਕੀਤੀਆਂ ਜਾਣ। ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਦੇ ਇੰਚਾਰਜ ਜਸਪ੍ਰੀਤ ਕੌਰ ਅਤੇ ਖੋਜ ਅਫ਼ਸਰ ਡਾ. ਜਸਵੰਤ ਰਾਏ ਨੇ ਇਸ ਬਾਬਤ ਹੋਰ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪੰਜਾਬੀ ਸਾਡੀ ਮਾਂ ਬੋਲੀ ਹੈ। ਪੰਜਾਬੀ ਬਹੁਤ ਅਮੀਰ ਜ਼ੁਬਾਨ ਹੈ। ਇਸ ਭਾਸ਼ਾ ਨੂੰ ਗੁਰੂਆਂ, ਪੀਰਾਂ, ਸ਼ਾਇਰਾਂ, ਅਦੀਬਾਂ ਦੀ ਕਲਮ ਛੋਹ ਪ੍ਰਾਪਤ ਹੈ। ਸਾਨੂੰ ਆਪਣੀ ਮਾਨਸਿਕਤਾ ਅਜਿਹੀ ਬਣਾ ਲੈਣੀ ਚਾਹੀਦੀ ਹੈ ਕਿ ਅਸੀਂ ਪੰਜਾਬੀ ਬੋਲ ਕੇ, ਪੰਜਾਬੀ ਪੜ੍ਹ ਕੇ ਅਤੇ ਪੰਜਾਬੀ ਲਿਖ ਕੇ ਮਾਣ ਮਹਿਸੂਸ ਕਰੀਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਮਾਲਵਾ ਵੈਲਫੇਅਰ ਕਲੱਬ ਤਲਵੰਡੀ ਸਾਬੋ ਵੱਲੋਂ

# ਨਵੇਂ ਸਾਲ 2026 ਦਾ ਕੈਲੰਡਰ ਕੀਤਾ ਜਾਰੀ



**ਤਲਵੰਡੀ ਸਾਬੋ, 13 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਸਥਾਨਕ ਸਮਾਜਸੇਵੀ ਸੰਸਥਾ ਮਾਲਵਾ ਵੈਲਫੇਅਰ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਕਲੱਬ ਦੀਆਂ ਗਤੀਵਿਧੀਆਂ ਨੂੰ ਦਰਸਾਉਂਦਾ ਹੋਇਆ ਨਵੇਂ ਸਾਲ 2026 ਦਾ ਕੈਲੰਡਰ ਬਾਬਾ ਕਾਕਾ ਸਿੰਘ ਮੁਖੀ ਬੁੰਗਾ ਮਸਤੂਆਣਾ ਸਾਹਿਬ ਤਲਵੰਡੀ ਸਾਬੋ ਅਤੇ ਸਮੂਹ ਕਲੱਬ ਮੈਂਬਰਾਂ ਵੱਲੋਂ ਰਿਲੀਜ਼ ਕੀਤਾ ਗਿਆ। ਕਲੱਬ ਪ੍ਰਧਾਨ ਗਗਨਦੀਪ ਸਿੰਘ ਹੈਪੀ ਨੇ ਦੱਸਿਆ ਕਿ ਮਾਲਵਾ ਵੈਲਫੇਅਰ ਕਲੱਬ ਦਾ ਇਸ ਸਾਲ ਦਾ ਕੈਲੰਡਰ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਜਾਰੀ ਕੀਤਾ ਗਿਆ ਹੈ। ਪ੍ਰੈਸ ਸਕੱਤਰ ਵਿਕਾਸ ਸਿੰਗਲਾ ਵੱਲੋ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਕੈਲੰਡਰ ਵਿੱਚ ਕਲੱਬ ਦੀਆਂ ਗਤੀਵਿਧੀਆਂ, ਸਰਕਾਰੀ ਛੁੱਟੀਆਂ ਅਤੇ ਸਮਾਜਿਕ ਸੁਨੇਹਿਆਂ ਨੂੰ ਦਰਜ਼ ਕੀਤਾ ਗਿਆ ਹੈ।ਕਲੱਬ ਸਰਪ੍ਰਸਤ ਅਮ੍ਰਿਤਪਾਲ ਸਿੰਘ ਬਰਾੜ ਅਤੇ ਚੇਅਰਮੈਨ ਸ਼ੇਖਰ ਤਲਵੰਡੀ ਦੁਆਰਾ ਇਸ ਮੌਕੇ ਹਰ ਸਾਲ ਕਲੱਬ ਦੁਆਰਾ ਕਰਵਾਈਆਂ ਜਾਣ ਵਾਲੀਆਂ ਗਤੀਵਿਧੀਆਂ ਬਾਰੇ ਦੱਸਿਆ ਗਿਆ।ਬਾਬਾ ਕਾਕਾ ਸਿੰਘ ਜੀ ਦੁਆਰਾ ਕਲੱਬ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਹੋਇਆ ਹਰ ਸਮੇਂ ਕਲੱਬ ਦੀ ਮੱਦਦ ਕਰਨ ਦਾ ਭਰੋਸਾ ਦਿੱਤਾ ਗਿਆ।ਅੰਤ ਵਿੱਚ ਖਜਾਨਚੀ ਮਨਦੀਪ ਸਿੰਘ ਧਾਲੀਵਾਲ ਅਤੇ ਸਕੱਤਰ ਜਗਨਦੀਪ ਸਿੰਘ ਦੁਆਰਾ ਹਾਜ਼ਰੀਨ ਮੈਂਬਰਾਂ ਤੇ ਕੈਲੰਡਰ ਲਈ ਐਡ ਦੇਣ ਲਈ ਸਿੱਧੂ ਕੰਪਿਊਟਰਾਈਜਡ ਧਰਮ ਕੰਢਾ, ਰਣਦੀਪ ਹਸਪਤਾਲ, ਸਮਾਰਟ ਇਲੈਕਟ੍ਰਿਕਲ ਅਤੇ ਵਿਜੈਪਾਲ ਸਿੰਘ ਚੌਧਰੀ ਮੈਡੀਕਲ ਹਾਲ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਕਲੱਬ ਮੈਂਬਰ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ, ਅਰਸਦੀਪ ਸਿੰਘ ਗਿੱਲ, ਸ਼ੁਭਦੀਪ ਸਿੰਘ ਰੂਬੀ, ਅਮਨਦੀਪ ਸਿੰਘ, ਸੁਖਵਿੰਦਰ ਸਿੰਘ, ਰਾਜਾ ਢਿੱਲੋ, ਨੱਥਾ ਸਿੰਘ, ਚਿਮਨ ਲਾਲ, ਰਜਤ ਕੁਮਾਰ, ਵਿਜੈ ਚੌਧਰੀ, ਲਛਮਣ ਠੇਕੇਦਾਰ, ਪੁਰਅਮਨ ਕੁਮਾਰ ਪੀਰੂ, ਕੁਲਦੀਪ ਸਿੰਘ ਆਦਿ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਮਨਾਈ ਧੀਆਂ ਦੀ ਲੋਹੜੀ

# ਨਵ ਜਨਮੀਆਂ ਬੱਚੀਆਂ ਦੀਆਂ ਮਾਵਾਂ ਨੂੰ ਕੀਤਾ ਸਨਮਾਨਿਤ





ਤਲਵੰਡੀ ਸਾਬੋ, 13 ਜਨਵਰੀ (ਗੁਰਜੰਟ ਸਿੰਘ ਨਥੇਹਾ)- ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਧੀਆਂ ਦੀ ਲੋਹੜੀ ਬੜੀ ਖੁਸ਼ੀ, ਉਤਸ਼ਾਹ ਅਤੇ ਸਮਾਜਕ ਚੇਤਨਤਾ ਦੇ ਮਾਹੌਲ ਵਿੱਚ ਮਨਾਈ ਗਈ। ਇਸ ਵਿਸ਼ੇਸ਼ ਸਮਾਗਮ ਦਾ ਮੁੱਖ ਮਕਸਦ ਧੀ ਦੇ ਜਨਮ ਨੂੰ ਖੁਸ਼ੀ ਦਾ ਤਿਉਹਾਰ ਬਣਾਉਂਦਿਆਂ ਸਮਾਜ ਵਿੱਚ ਧੀਆਂ ਪ੍ਰਤੀ ਸਕਾਰਾਤਮਕ ਸੋਚ ਨੂੰ ਹੋਰ ਮਜ਼ਬੂਤ ਕਰਨਾ ਸੀ।ਇਸ ਮੌਕੇ ਨਵ ਜਨਮੀਆਂ ਧੀਆਂ ਨੂੰ ਐਸਐਮਓ ਤਲਵੰਡੀ ਸਾਬੋ ਸ੍ਰੀ ਰਵੀ ਕਾਂਤ ਗੁਪਤਾ ਵੱਲੋਂ ਮੂੰਗਫਲੀ, ਗਚਕ, ਰਿਓੜੀਆਂ ਅਤੇ ਲੋਹੜੀ ਦੇ ਤਿਉਹਾਰ ਦੀਆਂ ਵਧਾਈਆਂ ਦੇ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਵੱਲੋਂ ਬੱਚੀਆਂ ਦੇ ਮਾਤਾ-ਪਿਤਾ ਨੂੰ ਮਿਠਾਈਆਂ ਅਤੇ ਲੋਹੜੀ ਵੰਡ ਕੇ ਧੀ ਦੇ ਜਨਮ ਨੂੰ ਖੁਸ਼ੀ ਨਾਲ ਮਨਾਉਣ ਦਾ ਸੰਦੇਸ਼ ਦਿੱਤਾ ਗਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਐਸਐਮਓ ਸ੍ਰੀ ਰਵੀ ਕਾਂਤ ਗੁਪਤਾ ਨੇ ਕਿਹਾ ਕਿ ਧੀਆਂ ਪਰਿਵਾਰ ਅਤੇ ਸਮਾਜ ਦੀ ਰੀੜ੍ਹ ਦੀ ਹੱਡੀ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਧੀ ਦੇ ਜਨਮ ਨੂੰ ਤਿਉਹਾਰ ਵਾਂਗ ਮਨਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਸਮਾਜ ਵਿੱਚੋਂ ਭੇਦਭਾਵ ਦੀ ਸੋਚ ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਨੇ ਕਿਹਾ ਕਿ ਸਿਹਤ ਵਿਭਾਗ ਸਿਰਫ਼ ਇਲਾਜ ਤੱਕ ਹੀ ਸੀਮਿਤ ਨਹੀਂ, ਸਗੋਂ ਸਮਾਜਕ ਸੁਧਾਰ ਵਿੱਚ ਵੀ ਆਪਣੀ ਭੂਮਿਕਾ ਨਿਭਾ ਰਿਹਾ ਹੈ। ਇਸ ਦੌਰਾਨ ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਵੀ ਨਵ ਜਨਮੀਆਂ ਬੱਚੀਆਂ ਦੇ ਪਰਿਵਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਧੀਆਂ ਨੂੰ ਉਚਿਤ ਸਿੱਖਿਆ, ਪਿਆਰ ਅਤੇ ਸਮਾਨ ਮੌਕੇ ਦੇਣਾ ਹਰ ਮਾਪੇ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜਦੋਂ ਧੀਆਂ ਅੱਗੇ ਵਧਦੀਆਂ ਹਨ ਤਾਂ ਪੂਰਾ ਸਮਾਜ ਅੱਗੇ ਵਧਦਾ ਹੈ। ਉਨ੍ਹਾਂ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਬੇਟੀ ਬਚਾਓ, ਬੇਟੀ ਪੜ੍ਹਾਓ ਵਰਗੀਆਂ ਯੋਜਨਾਵਾਂ ਬਾਰੇ ਵੀ ਜਾਣਕਾਰੀ ਦਿੱਤੀ।ਸਮਾਗਮ ਦੌਰਾਨ ਹਸਪਤਾਲ ਵਿੱਚ ਮੌਜੂਦ ਸਟਾਫ ਨੇ ਵੀ ਪੂਰੇ ਜੋਸ਼ ਨਾਲ ਭਾਗ ਲਿਆ।ਡਾਕਟਰਾਂ, ਨਰਸਾਂ ਅਤੇ ਹੋਰ ਕਰਮਚਾਰੀਆਂ ਨੇ ਨਵ ਜਨਮੀਆਂ ਧੀਆਂ ਲਈ ਦੁਆਵਾਂ ਕੀਤੀਆਂ ਅਤੇ ਪਰਿਵਾਰਾਂ ਨਾਲ ਖੁਸ਼ੀ ਸਾਂਝੀ ਕੀਤੀ। ਸਮਾਗਮ ਦੇ ਅੰਤ ਵਿੱਚ ਹਸਪਤਾਲ ਪ੍ਰਸ਼ਾਸਨ ਵੱਲੋਂ ਸਭ ਨੂੰ ਲੋਹੜੀ ਵੰਡੀ ਗਈ ਅਤੇ ਧੀਆਂ ਦੇ ਸੁਨਿਹਰੇ ਭਵਿੱਖ ਲਈ ਅਰਦਾਸ ਕੀਤੀ ਗਈ। ਇਸ ਮੌਕੇ ਐਸਐਮਓ ਸ੍ਰੀ ਰਵੀ ਕਾਂਤ ਗੁਪਤਾ ਵੱਲੋਂ ਇਹ ਭਰੋਸਾ ਵੀ ਦਿੱਤਾ ਗਿਆ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਮਾਜਿਕ ਅਤੇ ਚੇਤਨਤਾ ਭਰੇ ਪ੍ਰੋਗਰਾਮ ਲਗਾਤਾਰ ਕਰਵਾਏ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਬੱਚਿਆਂ ਦੇ ਸੁਭਾਅ ਵਿੱਚ ਗੁੱਸੇਖੋਰੀ ਦਾ ਵੱਧਦਾ ਰੁਝਾਨ



**21ਵੀਂ ਸਦੀ** ਵਿੱਚ ਜਨਮੇ ਬੱਚਿਆਂ ਦੇ ਮਾਪੇ, ਅਧਿਆਪਕ ਅਤੇ ਮਨੋਵਿਗਿਆਨੀ ਬੱਚਿਆਂ ਦੇ ਸੁਭਾਅ ਵਿੱਚ ਇੱਕ ਚਿੰਤਾਜਨਕ ਰੁਝਾਨ ਨੂੰ ਦੇਖ ਰਹੇ ਹਨ। ਬੱਚਿਆਂ ਦੇ ਮਾਤਾ ਪਿਤਾ ਨੇ ਇਹ ਮੰਨਿਆ ਹੈ ਕਿ ਬੱਚਿਆਂ ਦੇ ਸੁਭਾਅ ਵਿੱਚ ਗੁੱਸੇ ਖੋਰੀ ਦਾ ਰੁਝਾਨ ਬਹੁਤ ਵੱਧ ਗਿਆ ਹੈ। ਸ਼ਾਬਦਿਕ ਹਮਲਿਆਂ ਤੋਂ ਤੋਂ ਲੈ ਕੇ ਸਰੀਰਕ ਮੁਕਾਬਲਿਆਂ ਤੱਕ ਇਸ ਰੁਝਾਨ ਦੇ ਪ੍ਰਗਟਾਵੇ ਸਕੂਲਾਂ, ਖੇਡਾਂ ਦੇ ਮੈਦਾਨਾਂ ਅਤੇ ਘਰਾਂ ਵਿੱਚ ਵੱਧ ਰਹੇ ਹਨ। ਵਿਸ਼ਾ ਮਾਹਿਰ ਹੁਣ ਇਸ ਕਿਰਿਆ ਦੇ ਪਿਛੇ ਦੇ ਕਾਰਨਾਂ ਨੂੰ ਸਮਝਣ ਦੀ ਕੋਸ਼ਿਸ਼ ਕਰ ਰਹੇ ਹਨ ਅਤੇ ਇਸ ਕੋਸ਼ਿਸ਼ ਵਿੱਚ ਲੱਗੇ ਹਨ ਕਿ ਇਸ ਰੁਝਾਨ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਕਿਵੇਂ ਹੱਲ ਕੀਤਾ ਜਾ ਸਕਦਾ ਹੈ।

**ਮੌਜੂਦਾ ਦ੍ਰਿਸ਼ਟੀਕੋਣ**-ਦੇਸ਼ ਭਰ ਦੇ ਸਕੂਲਾਂ ਤੋਂ ਮਿਲ ਰਹੀਆਂ ਰਿਪੋਰਟਾਂ ਨੇ ਗੁੱਸੇ ਖੋਰੀ ਦੇ ਸੁਭਾਅ ਕਾਰਨ ਸੰਬੰਧਿਤ ਸਜ਼ਾਵਾਂ ਵਿੱਚ ਵਾਧਾ ਦਰਸਾਇਆ ਹੈ। ਵੱਖ ਵੱਖ ਸੰਸਥਾਵਾਂ ਦੁਆਰਾ ਕੀਤੇ ਗਏ ਇੱਕ ਸਰਵੇਖਣ ਦੇ ਅਨੁਸਾਰ, ਲਗਭਗ 20% ਅਧਿਆਪਕਾਂ ਨੇ ਪਿਛਲੇ ਪੰਜ ਸਾਲਾਂ ਵਿੱਚ ਵਿਦਿਆਰਥੀਆਂ ਦੇ ਸੁਭਾਅ ਵਿੱਚ ਗੁੱਸੇਖੋਰੀ ਵਿੱਚ ਵਾਧਾ ਦਰਸਾਇਆ। ਇਸ ਰੁਝਾਨ ਨੇ ਸਿੱਖਿਆਕਾਰਾਂ ਅਤੇ ਮਾਪਿਆਂ ਵਿੱਚ ਚਿੰਤਾ ਪੈਦਾ ਕੀਤੀ ਹੈ।

**ਗੁੱਸੇਖੋਰੀ ਦੇ ਕਾਰਨ**-ਸਕਰੀਨ ਟਾਈਮ ਅਤੇ ਮੀਡੀਆ ਦਾ ਪ੍ਰਭਾਵ:

ਗੁੱਸੇਖੋਰੀ ਦੇ ਵਾਧੇ ਲਈ ਸਭ ਤੋਂ ਮੁੱਖ ਕਾਰਨਾਂ ਵਿੱਚੋਂ ਇੱਕ ਹੈ ਹਿੰਸਕ ਮੀਡੀਆ ਦਾ ਵਧਣਾ। ਅਧਿਐਨ ਦਰਸਾਉਂਦੇ ਹਨ ਕਿ ਜਿਨ੍ਹਾਂ ਬੱਚਿਆਂ ਦਾ ਹਿੰਸਕ ਵੀਡੀਓ ਗੇਮਾਂ ਅਤੇ ਟੈਲੀਵਿਜ਼ਨ ਸ਼ੋਅਜ਼ ਨਾਲ ਸੰਪਰਕ ਜ਼ਿਆਦਾ ਹੁੰਦਾ ਹੈ, ਉਹਨਾਂ ਦੇ ਸੁਭਾਅ ਵਿੱਚ ਗੁੱਸੇ ਖੋਰੀ ਦੀ ਭਾਵਨਾ ਦਿਖਾਉਣ ਦੀ ਸੰਭਾਵਨਾ ਪ੍ਰਬਲ ਹੋ ਉੱਠਦੀ ਹੈ। ਸੀਨੀਅਰ ਅਧਿਆਪਕ ਸੁਰਿੰਦਰ ਪਾਲ ਸਿੰਘ ਨੇ ਇਹ ਸੁਝਾਅ ਦਿੱਤਾ ਹੈ ਕਿ ਸਕਰੀਨ ਟਾਈਮ ਨੂੰ ਘੱਟ ਕਰਨਾ ਚਾਹੀਦਾ ਹੈ ਤਾਂ ਜੋ ਮੋਬਾਇਲਾਂ ਅਤੇ ਸੋਸ਼ਲ ਮੀਡੀਆ ਦੇ ਹਿੰਸਕ ਪ੍ਰਭਾਵ ਦਾ ਅਸਰ ਬੱਚਿਆਂ ਦੇ ਸੁਭਾਅ ਤੇ ਘੱਟ ਕੀਤਾ ਜਾ ਸਕੇ।



**ਸੋਸ਼ਲ ਮੀਡੀਆ ਅਤੇ ਸਾਇਬਰਬੁੱਲਿੰਗ**: ਸੋਸ਼ਲ ਮੀਡੀਆ ਦੇ ਆਉਣ ਨਾਲ ਬੱਚਿਆਂ ਦੀ ਇੱਕ ਦੂਜੇ ਨਾਲ ਗੱਲਬਾਤ ਕਰਨ ਦਾ ਤਰੀਕਾ ਬਦਲ ਗਿਆ ਹੈ। ਸਾਇਬਰਬੁੱਲਿੰਗ ਇੱਕ ਪ੍ਰਸਿੱਧ ਸਮੱਸਿਆ ਬਣ ਗਈ ਹੈ, ਜੋ ਭਾਵਨਾਤਮਕ ਤਣਾਅ ਦਾ ਕਾਰਨ ਬਣਦੀ ਹੈ ਅਤੇ ਕਈ ਵਾਰੀ ਗੁੱਸੇ ਖੋਰੀ ਦੇ ਸੁਭਾਅ ਵਿੱਚ ਪ੍ਰਗਟ ਹੁੰਦੀ ਹੈ।ਜਿਨ੍ਹਾਂ ਬੱਚਿਆਂ ਨੂੰ ਸਾਇਬਰਬੁੱਲਿੰਗ ਦਾ ਸ਼ਿਕਾਰ ਹੁੰਦਾ ਹੈ, ਉਹ ਗੁੱਸੇਖੋਰੀ ਨਾਲ ਪ੍ਰਤੀਕਿਰਿਆ ਕਰ ਸਕਦੇ ਹਨ।

**ਪਰਿਵਾਰਕ ਗਤੀਵਿਧੀਆਂ**: ਘਰ ਦਾ ਵਾਤਾਵਰਣ ਬੱਚਿਆਂ ਦੇ ਸੁਭਾਅ ਨੂੰ ਰੂਪ ਦੇਣ ਵਿੱਚ ਮਹੱਤਵਪੂਰਣ ਭੂਮਿਕਾ ਨਿਭਾਉਂਦਾ ਹੈ। ਜਿਹੜੇ ਪਰਿਵਾਰ ਉੱਚ ਤਣਾਅ, ਝਗੜੇ ਜਾਂ ਅਸਥਿਰਤਾ ਦਾ ਸਾਹਮਣਾ ਕਰ ਰਹੇ ਹਨ, ਉਹ ਨਿਰਧਾਰਿਤ ਤੌਰ 'ਤੇ ਆਪਣੇ ਬੱਚਿਆਂ ਦੇ ਸੁਭਾਅ ਵਿੱਚ ਗੁੱਸੇਖੋਰੀ ਵਿੱਚ ਯੋਗਦਾਨ ਪਾ ਸਕਦੇ ਹਨ।

**ਮਾਨਸਿਕ ਸਿਹਤ ਦੀਆਂ ਸਮੱਸਿਆਵਾਂ**:ਬੱਚਿਆਂ ਦੀ ਮਾਨਸਿਕ ਸਿਹਤ ਦੀਆਂ ਸਮੱਸਿਆਵਾਂ ਡਰ,ਚਿੰਤਾ ਅਤੇ ਤਣਾਅ ਵਿੱਚ ਕਾਫੀ ਵਾਧਾ ਹੋ ਰਿਹਾ ਹੈ। ਇਹ ਵਾਧਾ ਨਿਰਾਸ਼ਾ ਅਤੇ ਸੁਭਾਅ ਦੇ ਗੁੱਸੇ ਖੋਰ ਹੋਣ ਦਾ ਕਾਰਨ ਬਣ ਰਿਹਾ ਹੈ।

**ਭਾਵਨਾਤਮਕ ਨਿਯੰਤ੍ਰਣ ਵਾਲੇ ਕੌਸ਼ਲਾਂ ਦੀ ਘਾਟ**: ਕਈ ਬੱਚਿਆਂ ਕੋਲ ਆਪਣੀਆਂ ਭਾਵਨਾਵਾਂ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਪ੍ਰਬੰਧਿਤ ਕਰਨ ਲਈ ਜ਼ਰੂਰੀ ਟੂਲ ਨਹੀਂ ਹੁੰਦੇ। ਜੇਕਰ ਉਨ੍ਹਾਂ ਨੂੰ ਇਹ ਸਿਖਾਇਆ ਨਹੀਂ ਜਾਂਦਾ ਕਿ ਕਿਵੇਂ ਗੁੱਸਾ ਜਾਂ ਨਿਰਾਸ਼ਾ ਵਰਗੀਆਂ ਭਾਵਨਾਵਾਂ ਨੂੰ ਢੰਗ ਨਾਲ ਪ੍ਰਗਟ ਕਰਨਾ ਹੈ, ਤਾਂ ਬੱਚਿਆਂ ਦੇ ਸੁਭਾਅ ਵਿੱਚ ਗੁੱਸੇ ਖੋਰੀ ਦੀ ਭਾਵਨਾ ਆ ਸਕਦੀ ਹੈ।

**ਸਮੱਸਿਆ ਦਾ ਹੱਲ**-ਮਨੋਵਿਗਿਆਨੀਆਂ ਨੇ ਬੱਚਿਆਂ ਵਿੱਚ ਗੁੱਸੇ ਖੋਰੀ ਦੀ ਭਾਵਨਾ ਨੂੰ ਦੂਰ ਕਰਨ ਲਈ ਮਾਂ ਪਿਓ ਵੱਲੋਂ ਦਖਲਅੰਦਾਜ਼ੀ ਅਤੇ ਗੁੱਸਾ ਪ੍ਰਗਟਾ ਕਰਨ ਦੇ ਤਰੀਕੇ ਦੀ ਮਹੱਤਵਪੂਰਣਤਾ 'ਤੇ ਜ਼ੋਰ ਦਿੱਤਾ ਹੈ। ਇੱਥੇ ਕੁਝ ਸੁਝਾਏ ਗਏ ਤਰੀਕੇ ਹਨ:

**ਖੁੱਲੀ ਗੱਲਬਾਤ**: ਮਾਪਿਆਂ ਅਤੇ ਅਧਿਆਪਕਾਂ ਨੂੰ ਇੱਕ ਅਜਿਹਾ ਵਾਤਾਵਰਣ ਬਣਾਉਣਾ ਚਾਹੀਦਾ ਹੈ ਜਿੱਥੇ ਬੱਚੇ ਆਪਣੇ ਭਾਵਨਾਵਾਂ ਨੂੰ ਪ੍ਰਗਟ ਕਰਨ ਲਈ ਸੁਰੱਖਿਅਤ ਮਹਿਸੂਸ ਕਰਦੇ ਹਨ। ਭਾਵਨਾਵਾਂ ਬਾਰੇ ਗੱਲਾਂ ਬਾਤਾਂ ਦੁਆਰਾ ਬੱਚਿਆਂ ਨੂੰ ਭਾਵਨਾਤਮਕ ਨਿਯੰਤ੍ਰਣ ਦੀਆਂ ਕੌਸ਼ਲਾਂ ਵਿਕਸਤ ਕਰਨ ਵਿੱਚ ਮਦਦ ਮਿਲ ਸਕਦੀ ਹੈ।

**ਸਕਰੀਨ ਟਾਈਮ ਨੂੰ ਸੀਮਿਤ ਕਰੋ**: ਹਿੰਸਕ ਮੀਡੀਆ ਨਾਲ ਸੰਪਰਕ ਘੱਟ ਕਰਨ ਅਤੇ ਖੇਡਾਂ, ਪੜ੍ਹਾਈ ਜਾਂ ਕਲਾ ਵਰਗੀਆਂ ਵਿਕਲਪਕ ਗਤੀਵਿਧੀਆਂ ਨੂੰ ਉਤਸ਼ਾਹਿਤ ਕਰਨ ਨਾਲ ਬੱਚਿਆਂ ਦੇ ਵਿਵਹਾਰ 'ਤੇ ਸਕਾਰਾਤਮਕ ਪ੍ਰਭਾਵ ਪੈ ਸਕਦਾ ਹੈ।

**ਝਗੜੇ ਦੇ ਹੱਲ ਦੀ ਸਿੱਖਿਆ**: ਸਕੂਲਾਂ ਨੂੰ ਅਜਿਹੇ ਪ੍ਰੋਗਰਾਮ ਲਾਗੂ ਕਰਨ ਚਾਹੀਦੇ ਹਨ ਜੋ ਬੱਚਿਆਂ ਨੂੰ ਪ੍ਰਭਾਵਸ਼ਾਲੀ ਝਗੜਾ ਹੱਲ ਕਰਨ ਦੀਆਂ ਕੌਸ਼ਲਾਂ ਸਿਖਾਉਂਦੇ ਹਨ ਅਤੇ ਸਾਥੀਆਂ ਵਿਚਕਾਰ ਹਮਦਰਦੀ ਅਤੇ ਸਮਝਦਾਰੀ ਨੂੰ ਉਤਸ਼ਾਹਿਤ ਕਰਦੇ ਹਨ।

**ਪੇਸ਼ੇਵਰ ਮਦਦ ਲਓ**: ਜਿਹੜੀਆਂ ਪਰਿਵਾਰਾਂ ਨੂੰ ਬੱਚਿਆਂ ਦੇ ਸੁਭਾਅ ਵਿੱਚ ਗੁੱਸੇ ਖੋਰੀ ਦੀ ਭਾਵਨਾ ਕਾਰਨ ਮੁਸ਼ਿਕਲ ਹੋ ਰਹੀ ਹੈ, ਉਹ ਮਨੋਵਿਗਿਆਨੀ ਪ੍ਰੋਫੈਸ਼ਨਲਾਂ ਨਾਲ ਸੰਪਰਕ ਕਰਨ 'ਤੇ ਵਿਚਾਰ ਕਰ ਸਕਦੇ ਹਨ ਜੋ ਬੱਚਿਆਂ ਦੀ ਮਨੋਵਿਗਿਆਨ ਵਿੱਚ ਮਾਹਿਰ ਹਨ। ਅਜਿਹਾ ਕਰਨ ਨਾਲ ਇੱਕ ਬੱਚੇ ਦੇ ਵਿਉਹਾਰਕ ਪੱਧਰ 'ਤੇ ਮਹੱਤਵਪੂਰਣ ਫਰਕ ਪੈ ਸਕਦਾ ਹੈ।

**ਸਮਾਜਿਕ ਸਹਾਇਤਾ**: ਸਥਾਨਕ ਸੰਸਥਾਵਾਂ ਵਰਕਸ਼ਾਪ, ਕੌਂਸਲਿੰਗ ਅਤੇ ਸਮਰਥਨ ਸਮੂਹ ਪ੍ਰਦਾਨ ਕਰ ਸਕਦੀਆਂ ਹਨ।ਬੱਚਿਆਂ ਵਿੱਚ ਗੁੱਸੇ ਖੋਰੀ ਦਾ ਵਾਧਾ ਇੱਕ ਬਹੁ-ਪੱਖੀ ਮੁੱਦਾ ਹੈ ਜਿਸ 'ਤੇ ਮਾਪਿਆਂ, ਅਧਿਆਪਕਾਂ ਅਤੇ ਮਨੋਵਿਗਿਆਨੀ ਪੇਸ਼ੇਵਰਾਂ ਨੂੰ ਧਿਆਨ ਦੇਣਾ ਚਾਹੀਦਾ ਹੈ।ਇਸ ਦੇ ਪਿਛੋਕੜ ਕਾਰਨਾਂ ਨੂੰ ਸਮਝ ਕੇ ਗੁੱਸਾ ਪ੍ਰਗਟਾ ਕਰਨ ਦੇ ਸਹੀ ਤਰੀਕੇ ਲਾਗੂ ਕਰਵਾਉਣੇ ਚਾਹੀਦੇ ਹਨ।ਜਦੋਂ ਅਸੀਂ ਇਸ ਜਟਿਲ ਦ੍ਰਿਸ਼ਟੀਕੋਣ ਦਾ ਸਾਹਮਣਾ ਕਰਦੇ ਹਾਂ, ਤਾਂ ਇਹ ਯਾਦ ਰੱਖਣਾ ਮਹੱਤਵਪੂਰਣ ਹੈ ਕਿ ਹਰ ਬੱਚਾ ਵਿਲੱਖਣ ਹੁੰਦਾ ਹੈ, ਅਤੇ ਉਨ੍ਹਾਂ ਦੀਆਂ ਜ਼ਰੂਰਤਾਂ ਦਾ ਧਿਆਨ ਰੱਖ ਕੇ ਦਇਆ ਅਤੇ ਸਮਝਦਾਰੀ ਨਾਲ ਹੱਲ ਕਰਨਾ ਇੱਕ ਚੰਗੀ ਭਵਿੱਖ ਲਈ ਰਾਹ ਖੋਲ੍ਹ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

ਯੂਪੀ 'ਚ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਜਰਨੈਲ ਸਿੰਘ ਮੈਨੀਆਂ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ

# 8 ਪਾਠਾਂ ਦੇ ਭੋਗ ਉਪਰੰਤ ਨਗਰ ਕੀਰਤਨ ਤੇ ਧਾਰਮਿਕ ਦੀਵਾਨ ਸਜਾਏ : ਸੰਤ ਸੁਖਵਿੰਦਰ ਸਿੰਘ



**ਜੰਡਿਆਲਾ ਗੁਰੂ, 13 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਜਰਨੈਲ ਸਿੰਘ ਮੈਨੀਆ ਸਾਹਿਬ ਯੂ ਪੀ ਵਿਖੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਰੱਬੀ ਬਾਣੀ ਦੇ ਲੜੀਵਾਰ 8 ਅਖੰਡਪਾਠ ਸਾਹਿਬਾ ਦੇ ਸੰਪੂਰਨ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਅਤੇ ਨਗਰ ਕੀਰਤਨ ਵੀ ਕੱਢਿਆ ਗਿਆ, ਪੰਜਾਬ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ,ਸੰਤ ਜਰਨੈਲ ਸਿੰਘ ਜੀ ਤੇ ਹੋਰਾਂ ਧਾਰਮਿਕ ਬੁਲਾਰਿਆਂ ਨੇ ਨਗਰ ਕੀਰਤਨ ਅਤੇ ਧਾਰਮਿਕ ਦੀਵਾਨ ਦੀਆਂ ਹਾਜ਼ਰੀਆਂ ਭਰੀਆਂ ਅਤੇ ਆਈ ਯੂ ਪੀ ਦੀ ਸਿੱਖ ਸੰਗਤ ਨੂੰ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਪਾਵਨ ਪਵਿੱਤਰ ਇਤਿਹਾਸ ਨਾਲ ਜੋੜਿਆ, ਸਮੂਹ ਧਾਰਮਿਕ ਬੁਲਾਰਿਆਂ ਤੇ ਨਗਰ ਕੀਰਤਨ ਵਿੱਚ ਸੇਵਾਵਾਂ ਨਿਭਾਉਣ ਵਾਲੇ ਸੇਵਾਦਾਰਾਂ ਦਾ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਅਤੇ ਸੰਤ ਬਾਬਾ ਜਰਨੈਲ ਸਿੰਘ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਨਾਲ ਸਮਾਗਮ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਭਾਈ ਖਾਲਸਾ ਨੇ ਦੱਸਿਆ ਇਹ ਸਮਾਗਮ ਪਰਸੋਂ ਦੇ ਰੋਜ਼ ਤੋਂ 8 ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠਾਂ ਨਾਲ ਆਰੰਭ ਕੀਤੇ ਗਏ ਸਨ ਜਿਨ੍ਹਾਂ ਦੇ ਅਜ ਸਪੂਰਨ ਭੋਗ ਅਰਦਾਸ ਤੇ ਪਵਿੱਤਰ ਹੁਕਮ ਨਾਮੇ ਦੀ ਕਥਾ ਤੇ ਹਜ਼ੂਰੀ ਕੀਰਤਨੀ ਜਥੇ ਦੇ ਸਬਦ ਗੁਰਬਾਣੀ ਕੀਰਤਨ ਤੋਂ ਉਪਰੰਤ ਪੰਜ ਪਿਆਰਿਆਂ ਤੇ ਆਦਿ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਸਜਾਏ ਨਗਰ ਕੀਰਤਨ ਨੂੰ ਸੰਤ ਸੁਖਵਿੰਦਰ ਸਿੰਘ ਵੱਲੋਂ ਅਰਦਾਸ ਕਰਨ ਤੋਂ ਉਪਰੰਤ ਰਵਾਨਾ ਕੀਤਾ, ਭਾਈ ਖਾਲਸਾ ਨੇ ਦੱਸਿਆ ਨਗਰ ਕੀਰਤਨ ਵਿੱਚ ਯੂਪੀ ਦੀਆਂ ਸੈਂਕੜੇ ਸੰਗਤਾਂ ਸ਼ਾਮਲ ਸਨ ਪੰਜ ਪਿਆਰਿਆਂ ਤੋਂ ਅੱਗੇ ਗਤਕਾ ਪਾਰਟੀਆਂ ਦੀਆਂ ਟੀਮਾਂ ਆਪਣੇ ਜੌਹਰ ਦਿਖਾ ਰਹੀਆਂ ਜਦਕਿ ਆਦਿ ਗੁਰੂ ਗ੍ਰੰਥ ਸਾਹਿਬ ਜੀ ਦੇ ਸਨਮੁੱਖ ਕੀਰਤਨੀ ਤੇ ਹੋਰ ਧਾਰਮਿਕ ਬੁਲਾਰੇ ਧਾਰਮਿਕ ਦੀਵਾਨ ਰਾਹੀਂ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਪਾਵਨ ਇਤਿਹਾਸ ਨਾਲ ਜੋੜ ਰਹੇ ਸਨ, ਭਾਈ ਖਾਲਸਾ ਨੇ ਦੱਸਿਆ ਨਗਰ ਪਿੰਡ ਪਗੜੀਆਂ,ਵੱਡਾ ਛੋਟਾ ,ਬਿਲਸਾਕਾਨਾਪੁਰ, ਜ਼ਾਹਰ ਮਾਨੂੰ ਚੱਠੀਆ, ਮੋਤੀ ਪੁਰ,ਸੁਖਵੀਰ ਐਗਰੋ ਬਹੂਨਾ,ਫਾਰਮ ਨੈਡੀਆ ਪੁਰਾ,ਹਰਿਸਰਾ ਬਿਲਗੀਆ ਤੋਂ ਹੁੰਦਾ ਹੋਇਆ ਗੁਰਦੁਆਰਾ ਮੈਨੀਆ ਸਾਹਿਬ ਪਹੁੰਚਿਆ ਅਤੇ ਗੁਰੂ ਸਾਹਿਬ ਜੀ ਦੇ ਸ਼ੁਕਰਾਨੇ ਦੀ ਅਰਦਾਸ ਕੀਤੀ ਗਈ, ਭਾਈ ਖਾਲਸਾ ਨੇ ਦੱਸਿਆ ਰਸਤੇ ਵਿੱਚ ਪੰਜ ਪਿਆਰਿਆਂ ਨੂੰ ਸੀਰੀ ਪਾਓ ਅਤੇ ਗੁਰੂ ਸਾਹਿਬ ਜੀ ਨੂੰ ਰੁਮਾਲੇ ਸਾਹਿਬ ਭੇਂਟ ਕਰਨ, ਵੱਖ ਵੱਖ ਤਰ੍ਹਾਂ ਦੇ ਲੰਗਰ ਲਗਾਉਣ,ਅਖੰਡ ਪਾਠ ਸ਼ਰਧਾਲੂਆਂ, ਧਾਰਮਿਕ ਬੁਲਾਰਿਆਂ, ਸੇਵਾਦਾਰਾਂ ਤੇ ਹੋਰ ਸਨਮਾਨਯੋਗ ਹਸਤੀਆਂ ਦਾ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਅਤੇ ਸੰਤ ਮਹਾਂਪੁਰਸ਼ ਬਾਬਾ ਜਰਨੈਲ ਸਿੰਘ ਜੀ ਵੱਲੋਂ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਅਤੁੱਟ ਵਰਤਾਏ ਗਏ,ਸੰਤ ਸੁਖਵਿੰਦਰ ਸਿੰਘ ਜੀ ਨੇ ਨਗਰ ਕੀਰਤਨ ਨੂੰ ਸੰਯੋਗ ਕਰਨ ਵਾਲੀਆਂ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ, ਇਸ ਮੌਕੇ ਤੇ ਭਾਈ ਪਰਮਜੀਤ ਸਿੰਘ, ਬਾਬਾ ਦਾਰਾ ਸਿੰਘ, ਕਰਮਜੀਤ ਸਿੰਘ ਗੁਰਿੰਦਰ ਸਿੰਘ ਲਖਵਿੰਦਰ ਸਿੰਘ ਕੁਲਵਿੰਦਰ ਸਿੰਘ ਬਲਕਾਰ ਸਿੰਘ, ਕਰਮਜੀਤ ਕੌਰ, ਗੁਰਪ੍ਰੀਤ ਕੌਰ, ਪਰਮਜੀਤ ਕੌਰ ਗੁਰਵਨਿੰਦਰ ਕੌਰ ਤੇ ਹਰਜੀਤ ਕੌਰ ਤੋਂ ਇਲਾਵਾ ਸੈਂਕੜੇ ਸੰਗਤਾਂ ਹਾਜ਼ਰ ਸਨ।

40 ਮੁਕਤਿਆ ਦੀ ਪਾਵਨ ਪਵਿੱਤਰ ਧਰਤੀ ਸ੍ਰੀ ਮੁਕਤਸਰ ਸਾਹਿਬ ਵਿਖੇ ਸਿੱਖ ਸੰਗਤਾਂ ਸਿਆਸੀ ਸਟੇਜਾਂ ਤੋਂ ਦੂਰ ਰਹਿਕੇ

# ਸੰਤਾਂ ਮਹਾਂਪੁਰਸ਼ਾਂ ਵੱਲੋਂ ਸਜਾਏ ਗਏ ਧਾਰਮਿਕ ਦੀਵਾਨਾ ਦੀਆਂ ਹਾਜ਼ਰੀਆਂ ਭਰਨ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 13 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਦੋ ਤਿੰਨ ਸਾਲ ਪਹਿਲਾਂ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਤੇ ਹੋਰ ਧਾਰਮਿਕ ਜਥੇਬੰਦੀਆਂ ਨੇ ਅਵਾਜ਼ ਬੁਲੰਦ ਕੀਤੀ ਸੀ ਕਿ ਧਾਰਮਿਕ ਇਤਿਹਾਸਕ ਜੋੜ ਮੇਲਿਆਂ ਤੇ ਸਿਆਸੀ ਪਾਰਟੀਆਂ ਵੱਲੋਂ ਲਗਾਈਆਂ ਜਾਂਦੀਆਂ ਸਿਆਸੀ ਸਟੇਜਾਂ ਤੇ ਰੋਕ ਲਾਈ ਜਾਵੇ, ਤਾਂ ਕਿ ਦੇਸ਼ਾਂ ਵਿਦੇਸ਼ਾਂ ਤੋਂ ਸ਼ਰਧਾ ਭਾਵਨਾਵਾਂ ਨਾਲ ਇਤਿਹਾਸਕ ਜੋੜ ਮੇਲਿਆਂ ਤੇ ਨਕਮਸਤਕ ਹੋਣ ਆਈ ਸੰਗਤ ਨੂੰ ਸਿਆਸੀਆਂ ਦੇ ਕੂੜ ਪ੍ਰਚਾਰ ਤੋਂ ਛੁਟਕਾਰਾ ਦਵਾਕੇ ਸੰਤਾਂ ਦੇ ਧਾਰਮਿਕ ਦੀਵਾਨਾ ਵਿਚ ਗੁਰ ਇਤਿਹਾਸ ਸੁਣਨ ਲਈ ਪ੍ਰੇਰਿਤ ਕੀਤਾ ਜਾ ਸਕੇ ,ਇਸ ਸਬੰਧੀ ਇੱਕ ਹੁਕਮਨਾਮਾ ਜਾਰੀ ਕਰਕੇ ਜਥੇਦਾਰ ਅਕਾਲਤਖਤ ਸਾਹਿਬ ਵੱਲੋਂ ਸਮੂਹ ਇਤਿਹਾਸਕ ਜੋੜ ਮੇਲਿਆਂ ਤੇ ਸਿਆਸੀ ਸਟੇਜਾਂ ਤੇ ਪਾਬੰਦੀ ਲਾ ਦਿੱਤੀ ਗਈ ਸੀ ਅਤੇ ਸਰਕਾਰੀ ਧਿਰ ਸਮੇਤ ਸਾਰੀਆਂ ਸਿਆਸੀ ਪਾਰਟੀਆਂ ਨੇ ਸਿਆਸੀ ਸਟੇਜਾਂ ਲਾਉਣੀਆਂ ਬੰਦ ਕਰ ਦਿੱਤੀਆਂ ਅਤੇ ਇਸ ਦੇ ਸਿੱਟੇ ਵਜੋਂ ਸ਼ਰਧਾਵਾਨ ਧਰਮੀ ਲੋਕਾਂ ਨੂੰ ਸੰਤਾਂ ਦੇ ਧਾਰਮਿਕ ਦੀਵਾਨਾਂ ਵਿੱਚ ਬੈਠ ਕੇ ਧਰਮੀ ਇਤਿਹਾਸ ਸੁਣਨ ਦਾ ਮੌਕਾ ਮਿਲਿਆ,ਪਰ ਹੁਣ ਫਿਰ ਸਿਆਸੀ ਪਾਰਟੀਆਂ ਦੇ ਆਗੂ ਸਿਆਸੀ ਸਟੇਜਾਂ ਲਾ ਕੇ ਸੰਗਤਾਂ ਨੂੰ ਕੂੜ ਪ੍ਰਚਾਰ ਸੁਣਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਾ ਰਹੇ ਹਨ ਅਤੇ ਮਾਘੀ ਮੇਲੇ ਤੇ ਲੋਕਾਂ ਨੂੰ ਪਿੰਡ ਪਿੰਡ ਬੱਸਾਂ ਭੇਜ ਕੇ ਸਿਆਸੀ ਕਾਨਫਰੰਸਾਂ ਵਿੱਚ ਸ਼ਾਮਲ ਹੋਣ ਲਈ ਮਜਬੂਰ ਕੀਤਾ ਜਾ ਰਿਹਾ ਹੈ,ਜੋ ਕੇ ਬਹੁਤ ਹੀ ਨਿੰਦਣਯੋਗ ਨੀਤੀ ਹੈ,ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਅਜਿਹੇ ਹਲਾਤਾਂ ਵਿੱਚ ਮਾਘੀਂ ਮੇਲੇ ਤੇ ਆਉਣ ਵਾਲੀਆਂ ਸੰਗਤਾਂ ਨੂੰ ਬੇਨਤੀ ਕਰਦੀ ਹੈ ਕਿ ਉਹ ਸਿਆਸੀ ਸਟੇਜਾਂ ਲਾ ਕੇ ਸੰਗਤਾਂ ਨੂੰ ਕੂੜ ਪ੍ਰਚਾਰ ਨਾਲ ਜੋੜਨ ਵਾਲੇ ਧਰਮ ਵਿਰੋਧੀ ਨਾਸਤਿਕ ਸਿਆਸੀਆਂ ਦੀਆਂ ਸਿਆਸੀ ਸਟੇਜਾਂ ਤੋਂ ਦੂਰ ਰਹਿਣ ਅਤੇ ਧਾਰਮਿਕ ਖੇਤਰ ਵਿੱਚ ਸਰਗਰਮ ਸੰਤਾਂ ਮਹਾਪੁਰਸ਼ਾਂ ਦੇ ਧਾਰਮਿਕ ਦੀਵਾਨਾਂ 'ਚ ਹਾਜ਼ਰੀਆਂ ਭਰ ਕੇ 40 ਮੁਕਤਿਆਂ ਦੇ ਸ਼ਹੀਦੀ ਭਰੇ ਇਤਿਹਾਸ ਨੂੰ ਸੁਣ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦੀ ਲੋੜ ਤੇ ਜੋਰ ਦੇਣ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸੁਖਬੀਰ ਬਾਦਲ ਵੱਲੋਂ ਮਾਘੀਂ ਮੇਲੇ ਤੇ ਸੰਗਤਾਂ ਨੂੰ ਸਿਆਸੀ ਕਾਨਫਰੰਸ ਵਿੱਚ ਧੱਕੇ ਨਾਲ ਬਠਾਉਣ ਵਾਲੇ ਵਰਤਾਰੇ ਦੀ ਨਿੰਦਾ ਅਤੇ ਸਿੱਖ ਸੰਗਤਾਂ ਨੂੰ ਸਿਆਸੀਆਂ ਦੀਆਂ ਸਟੇਜਾਂ ਤੋਂ ਦੂਰ ਰਹਿਕੇ ਧਾਰਮਿਕ ਦੀਵਾਨਾ ਵਿਚ ਹਾਜ਼ਰੀਆਂ ਲਵਾਉਣ ਦੀ ਬੇਨਤੀ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਉਹਨਾਂ ਕਿਹਾ ਜਿਥੇ ਪੰਜਾਬ ਸਰਕਾਰ ਨੇ ਹਜ਼ਾਰਾਂ ਬੱਸਾਂ ਰਾਹੀਂ ਕਾਨਫਰੰਸਾਂ ਵਿੱਚ ਵੱਡਾ ਇਕੱਠ ਕਰਨ ਲਈ ਵਿਉਂਤਬੰਦੀ ਕਰ ਲਈ ਹੈ, ਉਥੇ ਸੁਖਬੀਰ ਬਾਦਲ ਨੇ ਹਰ ਪਿੰਡ ਵਿੱਚ ਦੋ ਦੋ ਬੱਸਾਂ ਭੇਜ ਕੇ ਆਪਣੇ ਘੜੰਮ ਚੌਧਰੀਆਂ ਨੂੰ ਫੁਰਮਾਣ ਜਾਰੀ ਕੀਤਾ ਹੈ ਕਿ ਸਿਰਫ ਉਨ੍ਹਾਂ ਬੰਦਿਆਂ ਨੂੰ ਹੀ ਬੱਸਾਂ ਵਿੱਚ ਬੈਠਾਇਆ ਜਾਵੇ,ਜੇਹੜੇ ਗੁਰੂਘਰ ਅਤੇ ਮੇਲਾ ਵੇਖਣ ਵਿੱਚ ਸ਼ਰਧਾ ਨਾ ਰੱਖਦੇ ਹੋਣ, ਉਹਨਾਂ ਇਹ ਵੀ ਕਿਹਾ ਬੱਸਾਂ ਵਿੱਚ ਲਿਆਦੇ ਬੰਦਿਆਂ ਨੂੰ ਜਬਰਦਸਤੀ ਕਾਨਫਰੰਸ ਵਿੱਚ ਹੀ ਬੈਠਾ ਕੇ ਰੱਖਿਆਂ ਜਾਵੇ ਤਾਂ ਕਿ ਸ਼੍ਰੋਮਣੀ ਅਕਾਲੀ ਦਲ ਦਾ ਲੋਕਾਂ ਨੂੰ ਵੱਡਾ ਇਕੱਠ ਦਿਖਾਇਆ ਜਾ ਸਕੇ ,ਭਾਈ ਖਾਲਸਾ ਨੇ ਸਪੱਸ਼ਟ ਕੀਤਾ ਅਜਿਹੇ ਨਾਸਤਿਕ ਲੋਕਾਂ ਨੂੰ ਗੁਰੂ ਸਾਹਿਬਾਨਾਂ ਜਾ ਕੁਰਬਾਨੀਆਂ ਦੇ ਕੇ ਸਿੱਖ ਕੌਮ ਦਾ ਨਾਂ ਰੌਸ਼ਨ ਕਰਨ ਵਾਲੇ ਮਹਾਨ ਸ਼ਹੀਦਾਂ ਨਾਲ ਕੋਈ ਸ਼ਰਧਾ ਨਹੀਂ ? ਇਹ ਲੋਕ ਆਪਣੇ ਕੂੜ ਪ੍ਰਚਾਰ ਦੇ ਸਹਾਰੇ ਨਾਲ ਰਾਜ ਕਰਦੇ ਤੇ ਧਰਮ ਦੇ ਨਾਂ ਤੇ ਲੋਕਾਂ ਨੂੰ ਗੁੰਮਰਾਹ ਕਰਦੇ ਹਨ, ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਸਿਆਸੀਆਂ ਦੀ ਧਰਮ ਵਿਰੋਧੀ ਨੀਤੀ ਦੀ ਜ਼ੋਰਦਾਰ ਸ਼ਬਦਾਂ ਵਿਚ ਨਿੰਦਾ ਕਰਦੀ ਹੋਈ ਮਾਘੀ ਮੇਲੇ ਤੇ ਨਕਮਸਸਕ ਹੋਣ ਆ ਰਹੀ ਸ਼ਰਧਾਵਾਨ ਸਿੱਖ ਸੰਗਤ ਨੂੰ ਬੇਨਤੀ ਕਰਦੀ ਹੈ ਕਿ ਉਹ 40 ਮੁਕਤਿਆਂ ਦੀ ਮਹਾਨ ਕੁਰਬਾਨੀ ਨੂੰ ਮੁੱਖ ਰੱਖਦਿਆਂ ਇਹਨਾਂ ਸਿਆਸੀ ਪਾਰਟੀਆਂ ਦੀਆਂ ਸਟੇਜਾਂ ਦਾ ਟੋਟਲ ਬਾਈਕਾਟ ਕਰਕੇ ਸੰਤਾਂ ਮਹਾਪੁਰਸ਼ਾਂ ਵੱਲੋਂ ਲਗਾਏ ਜਾ ਰਹੇ ਧਾਰਮਿਕ ਦੀਵਾਨਾ ਦੀਆਂ ਹਾਜ਼ਰੀਆਂ ਭਰਕੇ 40 ਮੁਕਤਿਆਂ ਦੇ ਸਹਾਦਤੀ ਭਰੇ ਇਤਿਹਾਸ ਨੂੰ ਸੁਣਨ ਦੀ ਲੋੜ ਤੇ ਜ਼ੋਰ ਦੇਣ , ਇਸ ਮੌਕੇ ਭਾਈ ਵਿਰਸਾ ਸਿੰਘ ਖਾਲਸਾ ਪ੍ਰਧਾਨ ਨਾਲ ਭਾਈ ਅਵਤਾਰ ਸਿੰਘ ਅੰਮ੍ਰਿਤਸਰ, ਭਾਈ ਜੋਗਿੰਦਰ ਸਿੰਘ ਤੇ ਭਾਈ ਜਗਤਾਰ ਫ਼ਿਰੋਜ਼ਪੁਰ, ਭਾਈ ਦਿਲਬਾਗ ਸਿੰਘ ਬਾਗੀ ਗੁਰਦਾਸਪੁਰ, ਭਾਈ ਸੁਖਦੇਵ ਸਿੰਘ ਫੌਜੀ ਜਗਰਾਓਂ, ਭਾਈ ਸੁਰਿੰਦਰ ਸਿੰਘ ਆਦਮਪੁਰ ਤੇ ਭਾਈ ਵਿਕਰਮ ਸਿੰਘ ਆਦਿ ਹਾਜ਼ਰ ਸਨ।

# ਦਿੱਲੀ ਗੁਰਦੁਆਰਾ ਕਮੇਟੀ ਨੇ ਗੁਰੂ ਤੇਗ ਬਹਾਦਰ ਖਾਲਸਾ ਕਾਲਜ 'ਚ ਗੁਰਮੁਖੀ ਲਿਪੀ ਦੇ ਖੋਜ ਕੇਂਦਰ ਦਾ ਨੀਂਹ ਪੱਥਰ ਰੱਖਿਆ



ਨਵੀਂ ਦਿੱਲੀ, 13 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਵਿਚ ਗੁਰਮੁਖੀ ਲਿਪੀ ਦੇ ਖੋਜ ਕੇਂਦਰ ਦਾ ਨੀਂਹ ਰੱਖਿਆ ਗਿਆ। ਇਸ ਮੌਕੇ ਦਿੱਲੀ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਜਦੋਂ ਕਿ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸਮਾਗਮ ਵਿਚ ਵਿਸ਼ੇਸ਼ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਤਿੰਨਾਂ ਆਗੂਆਂ ਨੇ ਸਾਂਝੇ ਤੌਰ 'ਤੇ ਇਸ ਕੇਂਦਰ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਗੁਰਮੁਖੀ ਸਿਰਫ ਇਕ ਲਿਪੀ ਹੀ ਨਹੀਂ, ਇਹ ਸਾਡੀ ਸੋਚ, ਸਾਡੀ ਸੰਸਕ੍ਰਿਤੀ ਅਤੇ ਸਾਡੀ ਪਛਾਣ ਹੈ। ਉਹਨਾਂ ਕਿਹਾ ਕਿ ਇਹ ਲਿਪੀ ਗੁਰੂ ਸਾਹਿਬ ਵੱਲੋਂ ਸਾਨੂੰ ਬਖਸ਼ਿਸ਼ ਕੀਤੀ ਗਈ ਹੈ ਜੋ ਸਾਡੀ ਮਾਂ ਬੋਲੀ ਹੈ। ਉਹਨਾਂ ਕਿਹਾ ਕਿ ਅੱਜ ਪੰਜਾਬੀ ਆਪਣੀ ਮਾਂ ਬੋਲੀ ਦੀ ਬਦੌਲਤ ਹੀ ਦੇਸ਼ਾਂ ਵਿਦੇਸ਼ਾਂ ਵਿਚ ਆਪਣਾ ਨਾਮ ਕਮਾ ਰਹੇ ਹਨ। ਉਹਨਾਂ ਕਿਹਾ ਕਿ ਇਸ ਗੁਰਮੁਖੀ ਲਿਪੀ ਨੇ ਸਾਨੂੰ ਇਕ ਨਿਆਰੀ ਪਛਾਣ ਦਿੱਤੀ ਹੈ ਤੇ ਅੱਜ ਸਾਰੀ ਦੁਨੀਆਂ ਇਸ ਗੱਲ ਨੂੰ ਮੰਨ ਰਹੀ ਹੈ ਕਿ ਮਨੁੱਖਤਾ 'ਤੇ ਦੁਨੀਆਂ ਭਰ ਵਿਚ ਜਦੋਂ ਕੋਈ ਸੰਕਟ ਆਉਂਦਾ ਹੈ ਤਾਂ ਇਹ ਕੌਮ ਸਭ ਤੋਂ ਪਹਿਲਾਂ ਅੱਗੇ ਹੋ ਕੇ ਮਨੁੱਖਤਾ ਦੀ ਸੇਵਾ ਕਰਦੀ ਹੈ। ਉਹਨਾਂ ਕਿਹਾ ਕਿ ਜਿਥੇ ਸਾਡੀ ਗਿਣਤੀ ਭਾਰਤ ਵਿਚ ਸਿਰਫ 2 ਫੀਸਦੀ ਹੈ, ਉਥੇ ਹੀ ਦੁਨੀਆਂ ਵਿਚ ਨਿਗੂਣੀ ਹੈ ਪਰ ਸਾਡੀ ਪਛਾਣ ਸਭ ਤੋਂ ਵੱਡੀ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਸ ਖੋਜ ਕੇਂਦਰ ਵਿਚ ਚੰਗੇ ਤੋਂ ਚੰਗੇ ਅਧਿਆਪਕ ਲਗਾ ਕੇ ਗੁਰਮੁਖੀ ਲਿਪੀ 'ਤੇ ਖੋਜ ਹੋਵੇਗੀ ਤੇ ਖੋਜ ਤਾਂ ਹੀ ਸੰਭਵ ਹੈ ਜੇਕਰ ਅਸੀਂ ਭਾਸ਼ਾ ਨੂੰ ਆਪਣੇ ਅੰਦਰ ਧਾਰ ਲਈਏ। ਉਹਨਾਂ ਕਿਹਾ ਕਿ ਭਾਵੇਂ ਅਸੀਂ ਆਖਦੇ ਹਾਂ ਕਿ ਸਾਡੀ ਬੋਲੀ ਹੈ ਪਰ ਘਰਾਂ ਵਿਚ ਇਸਦੀ ਵਰਤੋਂ ਘਟਦੀ ਜਾ ਰਹੀ ਹੈ। ਉਹਨਾਂ ਕਿਹਾ ਕਿ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਆਪਣੀ ਭਾਸ਼ਾ ਦੀ ਵੱਧ ਤੋਂ ਵੱਧ ਵਰਤੋਂ ਕਰੀਏ, ਅਸੀਂ ਬੋਲਣ ਅਤੇ ਲਿਖਣ ਵਿਚ ਭਾਸ਼ਾ ਦੀ ਵਰਤੋਂ ਕਰੀਏ। ਉਹਨਾਂ ਕਿਹਾ ਕਿ ਭਾਵੇਂ ਅੰਗਰੇਜ਼ੀ ਭਾਸ਼ਾ ਵੀ ਸਮਾਜਿਕ ਵਿਵਸਥਾ ਕਾਰਨ ਜ਼ਰੂਰੀ ਹੈ ਪਰ ਮਾਂ ਬੋਲੀ ਪੰਜਾਬੀ ਵਾਸਤੇ ਸਾਡੇ ਯਤਨ ਹੋਰ ਤੇਜ਼ ਹੋਣੇ ਚਾਹੀਦੇ ਹਨ। ਉਹਨਾਂ ਦੱਸਿਆ ਕਿ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਪੰਜਾਬੀ ਮਾਂ ਬੋਲੀ ਵਾਸਤੇ ਯੋਗਦਾਨ ਪਾਇਆ ਹੈ, ਉਥੇ ਹੀ ਇਹਨਾਂ ਦੇ ਕਮੇਟੀ ਵਿਚ ਕਾਰਜਕਾਲ ਦੌਰਾਨ ਅਤੇ ਕੋਰੋਨਾ ਕਾਲ ਵਿਚ ਹੀ ਮੈਡੀਕਲ ਖੇਤਰ ਵਿਚ ਸੇਵਾਵਾਂ ਦੀ ਸ਼ੁਰੂਆਤ ਹੋਈ। ਉਹਨਾਂ ਕੈਬਨਿਟ ਮੰਤਰੀ ਨੂੰ ਅਪੀਲ ਕੀਤੀ ਕਿ ਸਰਕਾਰੀ ਪੱਧਰ 'ਤੇ ਵੀ ਪੰਜਾਬੀ ਭਾਸ਼ਾ ਦੀ ਪ੍ਰਫੁੱਲਤਾ ਵਾਸਤੇ ਯਤਨ ਹੋਣੇ ਚਾਹੀਦੇ ਹਨ ਅਤੇ ਪੰਜਾਬੀ ਭਾਸ਼ਾ ਦੇ ਖੇਤਰ ਵਿਚ ਰੋਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣੇ ਚਾਹੀਦੇ ਹਨ। ਉਹਨਾਂ ਇਹ ਵੀ ਦੱਸਿਆ ਕਿ ਕੇਂਦਰ ਸਰਕਾਰ ਨੇ 25 ਤੋਂ 30 ਕਰੋੜ ਰੁਪਏ ਇਸ ਸੈਂਟਰ ਵਾਸਤੇ ਪ੍ਰਦਾਨ ਕੀਤੇ ਹਨ। ਉਹਨਾਂ ਕਿਹਾ ਕਿ ਜਿਥੇ ਭਾਰਤ ਵਿਚ ਅਨੇਕਾਂ ਰਾਜਾਂ ਵਿਚ ਪੰਜਾਬੀ ਨੂੰ ਦੂਜੀ ਭਾਸ਼ਾ ਦਾ ਦਰਜਾ ਮਿਲਿਆ ਹੈ, ਉਥੇ ਹੀ ਪਾਕਿਸਤਾਨ, ਕੈਨੇਡਾ, ਅਮਰੀਕਾ, ਆਸਟਰੇਲੀਆ ਸਮੇਤ ਵੱਖ-ਵੱਖ ਮੁਲਕਾਂ ਵਿਚ ਪੰਜਾਬੀ ਮਾਂ ਬੋਲੀ ਨੂੰ ਕਰੋੜਾਂ ਲੋਕ ਬੋਲਦੇ ਹਨ ਅਤੇ ਸੰਸਾਰ ਭਰ ਵਿਚ ਇਸਦਾ ਨਾਮ ਹੈ। ਉਹਨਾਂ ਕਿਹਾ ਕਿ ਆਸ ਹੈ ਕਿ ਇਸ ਸੈਂਟਰ ਵਿਚ ਗੁਰਮੁਖੀ ਬਾਰੇ ਵੱਡੀ ਖੋਜ ਹੋਵੇਗੀ ਅਤੇ ਮਾਂ ਬੋਲੀ ਦਾ ਪ੍ਰਚਾਰ ਤੇ ਪ੍ਰਸਾਰ ਹੋਵੇਗਾ ਤੇ ਸਾਡੇ ਨੌਜਵਾਨ ਆਪਣੀ ਮਾਂ ਬੋਲੀ ਵਾਸਤੇ ਕੰਮ ਕਰ ਸਕਣਗੇ। ਸਮਾਗਮ ਵਿਚ ਹੋਰਨਾਂ ਤੋਂ ਇਲਾਵਾ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਕੇ.ਪੀ., ਆਤਮਾ ਸਿੰਘ ਲੁਬਾਣਾ ਜੂਨੀਅਰ ਮੀਤ ਪ੍ਰਧਾਨ, ਜਸਮੇਨ ਸਿੰਘ ਨੋਨੀ ਸਕੱਤਰ, ਕਾਲਜ ਦੇ ਚੇਅਰਮੈਨ ਪਦਮ ਭੂਸ਼ਣ ਸਰਦਾਰ ਤਰਲੋਚਨ ਸਿੰਘ, ਉਪ ਚੇਅਰਮੈਨ ਰਿਸ਼ੀਪ੍ਰੀਤ ਸਿੰਘ ਸਚਦੇਵਾ, ਪ੍ਰਿੰਸੀਪਲ ਪ੍ਰੋ. ਗੁਰਮੋਹਿੰਦਰ ਸਿੰਘ ਅਤੇ ਵਾਈਸ ਪ੍ਰਿੰਸੀਪਲ ਹਰਬੰਸ ਸਿੰਘ ਸਮੇਤ ਹੋਰ ਸ਼ਖਸੀਅਤਾਂ ਵੀ ਹਾਜ਼ਰ ਸਨ।

# ਪੋਹ ਦੇ ਸ਼ਹੀਦਾਂ ਦੀ ਯਾਦ 'ਚ ਇੱਕ ਮਹੀਨੇ ਤੋਂ ਚੱਲ ਰਹੇ ਨਾਮ ਸਿਮਰਨ ਦੀ ਸਮਾਪਤੀ 'ਤੇ ਕਰਵਾਇਆ ਗੁਰਮਤਿ ਸਮਾਗਮ



ਤਲਵੰਡੀ ਸਾਬੋ, 13 ਜਨਵਰੀ (ਗੁਰਜੰਟ ਸਿੰਘ ਨਥੇਹਾ)- ਕਲਗੀਧਰ ਦਸਮੇਸ਼ ਪਿਤਾ ਦੇ ਮਾਤਾ ਗੁਜ਼ਰ ਕੌਰ ਜੀ, ਚਾਰੇ ਸਾਹਿਬਜ਼ਾਦਿਆਂ ਅਤੇ ਪੋਹ ਮਹੀਨੇ ਦੇ ਸਮੂਹ ਸ਼ਹੀਦ ਸਿੰਘਾਂ/ਸਿੰਘਣੀਆਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਕਰਕੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਪ੍ਰਬੰਧ ਹੇਠਲੇ ਗੁ: ਜੰਡਸਰ ਸਾਹਿਬ (ਪ:10ਵੀਂ) ਦੇ ਪ੍ਰਬੰਧਕਾਂ ਦੀ ਅਗਵਾਈ ਹੇਠ ਸ਼ਹੀਦ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਤਲਵੰਡੀ ਸਾਬੋ ਦੇ ਸਹਿਯੋਗ ਨਾਲ ਸੰਗਤਾਂ ਵੱਲੋਂ ਪਿਛਲੇ 1 ਮਹੀਨੇ ਤੋਂ ਲਗਾਤਾਰ ਕੀਤੇ ਜਾ ਰਹੇ ਨਾਮ ਸਿਮਰਨ ਦੀ ਬੀਤੀ ਰਾਤ ਸਮਾਪਤੀ ਮੌਕੇ ਗੁ: ਜੰਡਸਰ ਸਾਹਿਬ ਵਿਖੇ ਇੱਕ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮਾਪਤੀ ਸਮਾਗਮ ਵਿੱਚ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਵੱਲੋਂ ਤਖਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਵਿਸ਼ੇਸ ਤੌਰ 'ਤੇ ਹਾਜ਼ਰੀ ਭਰੀ। ਸੰਗਤਾਂ ਨੂੰ ਸੰਬੋਧਨ ਦੌਰਾਨ ਗਿਆਨੀ ਜਗਤਾਰ ਸਿੰਘ ਨੇ ਸੰਗਤਾਂ ਵੱਲੋਂ ਪੋਹ ਦੇ ਪੂਰੇ ਇੱਕ ਮਹੀਨੇ ਤੱਕ ਕੀਤੇ ਗਏ ਨਾਮ ਸਿਮਰਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਅਜਿਹੇ ਸਮਾਗਮ ਜ਼ਰੂਰੀ ਹਨ ਤਾਂ ਕਿ ਇੰਨਾਂ ਰਾਹੀਂ ਬੱਚਿਆਂ ਤੇ ਨੌਜਵਾਨਾਂ ਨੂੰ ਉਨਾਂ ਦੇ ਕੁਰਬਾਨੀਆਂ ਭਰੇ ਇਤਿਹਾਸ ਤੋਂ ਜਾਣੂੰ ਕਰਵਾਇਆ ਜਾ ਸਕੇ।ਇਹਨਾਂ ਸਮਾਗਮਾਂ ਦੌਰਾਨ ਰੋਜ਼ਾਨਾ ਕਵਿਤਾਵਾਂ, ਢਾਡੀ ਵਾਰਾਂ ਅਤੇ ਵਾਰ-ਕਵੀਸ਼ਰੀਆਂ ਸਰਵਣ ਕਰਵਾਉਣ ਵਾਲੇ 25 ਬੱਚਿਆਂ ਤੇ ਕਾਲਜ ਵਿਦਿਆਰਥੀਆਂ ਨੂੰ ਤਖ਼ਤ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਵੱਲੋਂ ਜਾਰੀ ਪ੍ਰਸ਼ੰਸਾ ਪੱਤਰ ਹੈੱਡ ਗ੍ਰੰਥੀ ਗਿਆਨੀ ਜਗਤਾਰ ਸਿੰਘ ਨੇ ਭੇਟ ਕੀਤੇ। ਸਨਮਾਨਿਤ ਹੋਣ ਵਾਲਿਆਂ 'ਚ ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ ਦੇ ਵਿਦਿਆਰਥੀ ਅਤੇ ਮਾਤਾ ਸਾਹਿਬ ਕੌਰ ਗਰਲਜ਼ ਕਾਲਜ ਦੀਆਂ ਬੱਚੀਆਂ ਵੀ ਸ਼ਾਮਿਲ ਸਨ। ਸ਼ਹੀਦੀ ਦਿਹਾੜਿਆਂ ਸਬੰਧੀ ਕਥਾ ਸਰਵਣ ਕਰਵਾਉਣ ਵਾਲੇ ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ ਦੇ ਪ੍ਰਿੰਸੀਪਲ ਡਾ. ਰਵਿੰਦਰ ਸਿੰਘ ਅਤੇ ਅਧਿਆਪਕ ਭਾਈ ਬਲਜਿੰਦਰ ਸਿੰਘ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਅੰਤ 'ਚ ਸ਼ਹੀਦ ਭਾਈ ਮਨੀ ਸਿੰਘ ਸੇਵਾ ਸੁਸਾਇਟੀ ਦੇ ਸਮੂਹ ਅਹੁਦੇਦਾਰਾਂ ਨੇ ਮਹੀਨਾ ਭਰ ਚੱਲੇ ਨਾਮ ਸਿਮਰਨ ਸਮਾਗਮ ਦੌਰਾਨ ਹਰ ਤਰ੍ਹਾਂ ਦਾ ਸਹਿਯੋਗ ਦੇਣ ਵਾਲੀਆਂ ਸੰਗਤਾਂ ਤੇ ਤਖਤ ਸਾਹਿਬ ਦੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ।ਸਮਾਪਤੀ ਸਮਾਗਮ 'ਚ ਭਾਈ ਜਗਦੀਪ ਸਿੰਘ ਬੰਗੀ, ਭਾਈ ਬਲਜੀਤ ਸਿੰਘ ਗ੍ਰੰਥੀ ਗੁ: ਜੰਡਸਰ ਸਾਹਿਬ,ਧਰਮ ਪ੍ਰਚਾਰ ਉਪ ਦਫਤਰ ਦੇ ਸਹਾਇਕ ਇੰਚਾਰਜ ਭਾਈ ਅਮਰੀਕ ਸਿੰਘ ਡਸਕਾ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਦੇ ਭਾਈ ਪਰਵਿੰਦਰ ਸਿੰਘ ਤੋਂ ਇਲਾਵਾ ਦਵਿੰਦਰ ਸਿੰਘ ਸੂਬਾ ਕੌਂਸਲਰ, ਮੁਹਤਬਰ ਤੇ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

## ਹਲਕਾ ਮਜੀਠਾ ਚ ਅਕਾਲੀ ਦਲ ਨੂੰ ਵੱਡਾ ਝਟਕਾ ਲੱਗਾ ਪਿੰਡ ਥਰੀਏਵਾਲ ਦੇ

# ਸਾਬਕਾ ਸਰਪੰਚ ਤੇ ਮੌਜੂਦਾ ਸਰਪੰਚ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ 'ਚ ਹੋਏ ਸ਼ਾਮਲ




**ਚੌਕ ਮਹਿਤਾ,13 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਲਕਾ ਮਜੀਠਾ ਚ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਝਟਕਾ ਲੱਗਾ ਜਦੋਂ ਹਲਕਾ ਮਜੀਠਾ ਦੇ ਪਿੰਡ ਥਰੀਏਵਾਲ ਦੀ ਮੌਜੂਦਾ ਸਰਪੰਚ ਬੀਬੀ ਸਰਬਜੀਤ ਕੌਰ ਪਤਨੀ ਰਣਜੀਤ ਸਿੰਘ ਸਾਬਕਾ ਸਰਪੰਚ ਨਰੇਸ਼ ਚੰਦਰ ਕਾਲੂ ਅਮਰੀਕ ਸਿੰਘ ਅਮਨਦੀਪ ਸ਼ਰਮਾ ਸਾਬਕਾ ਸਰਪੰਚ ਅਰਜਨ ਦਾਸ ਮਨਦੀਪ ਸ਼ਰਮਾ ਮੈਂਬਰ ਪੰਚਾਇਤ ਬਲਦੇਵ ਸਿੰਘ ਮੈਂਬਰ ਪੰਚਾਇਤ ਸਰਬਜੀਤ ਕੌਰ ਪਤਨੀ ਜਰਨੈਲ ਸਿੰਘ ਨਿਰਮਲ ਕੌਰ ਪਤਨੀ ਰਾਮ ਸਿੰਘ ਮਹਿੰਦਰ ਸਿੰਘ ਸਾਬਕਾ ਮੈਂਬਰ ਪੰਚਾਇਤ ਕਵਲਜੀਤ ਸਿੰਘ ਰੰਧਾਵਾ ਸੋਨੂ ਭਾਗੋਵਾਲੀਆ ਡਾਕਟਰ ਗੋਲਡੀ ਹਰਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂਆਂ ਨੇ ਆਮ ਆਦਮੀ ਪਾਰਟੀ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਗਵਾਹੀ ਵਿੱਚ ਸ਼ਾਮਿਲ ਹੋ ਕੇ ਆਮ ਆਦਮੀ ਪਾਰਟੀ ਨਾਲ ਚੱਲਣ ਦਾ ਪ੍ਰਣ ਕੀਤਾ ਇਸ ਮੌਕੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਸ਼ਾਮਿਲ ਹੋਏ ਪਰਿਵਾਰਾਂ ਨੂੰ ਵਿਸ਼ੇਸ਼ ਤੌਰ ਤੇ ਪਾਰਟੀ ਵਿੱਚ ਆਉਣ ਤੇ ਸਨਮਾਨਿਤ ਕੀਤਾ ਗਿੱਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਸੂਬੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਅੱਜ ਇਹ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ ਇਹ ਬਹੁਤ ਹੀ ਪੁਰਾਣੇ ਟਕਸਾਲੀ ਪਰਿਵਾਰ ਹਨ ਜੋ ਅਕਾਲੀ ਦਲ ਵਿੱਚ ਸਨ ਅੱਜ ਇਹਨਾਂ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਕੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਪਾਰਟੀ ਵਿੱਚ ਸ਼ਾਮਿਲ ਹੋਏ ਹਨ ਪਾਰਟੀ ਵਿੱਚ ਆਉਣ ਤੇ ਇਹਨਾਂ ਦਾ ਮਾਨ ਸਨਮਾਨ ਦਾ ਦਿੱਤਾ ਜਾਵੇਗਾ ਇਸ ਮੌਕੇ ਸਾਬਕਾ ਚੇਅਰਮੈਨ ਸਰਪੰਚ ਬਲਵਿੰਦਰ ਸਿੰਘ ਮਰੜੀ ਤਰਸੇਮ ਸਿੰਘ ਗਿੱਲ ਬਲਜਿੰਦਰ ਸਿੰਘ ਸ਼ੀਨਾ ਬਖਤਾਵਰ ਸਿੰਘ ਮਰੜੀ ਸਰਪੰਚ ਸੀਤਲ ਸਿੰਘ ਚਾਚੋ ਵਾਲੀ ਆਦ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸ਼ਾਮਲ ਹੋਣ ਵਾਲਿਆਂ ਦਾ ਤਲਬੀਰ ਗਿੱਲ ਨੇ ਕੀਤਾ ਸਵਾਗਤ**

## ਲੰਡਨ ਵਿੱਚ 14 ਸਾਲਾ ਸਿੱਖ ਕੁੜੀ ਨਾਲ ਸਮੂਹਿਕ ਜਬਰਜਿੰਨ੍ਹਾਹ

# 200 ਸਿੱਖਾਂ ਨੇ ਘੇਰਾ ਪਾ ਕੇ ਕੁੜੀ ਨੂੰ ਛੁਡਾਇਆ




ਨਵੀਂ ਦਿੱਲੀ 13 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਇੰਗਲੈਂਡ ਦੇ ਪੱਛਮੀ ਲੰਡਨ ਵਿੱਚ ਇੱਕ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇੱਕ ਪਾਕਿਸਤਾਨੀ ਗਰੂਮਿੰਗ ਕਰਨ ਵਾਲੇ ਗਿਰੋਹ ਨੇ ਇੱਕ ਸਿੱਖ ਨਾਬਾਲਗ ਲੜਕੀ ਨੂੰ ਪਿਆਰ ਦੇ ਜਾਲ ਵਿੱਚ ਫਸਾਇਆ ਅਤੇ ਫਿਰ ਉਸਦਾ ਜਿਨਸੀ ਸ਼ੋਸ਼ਣ ਕੀਤਾ। ਪੀੜਤਾ ਸਿਰਫ 14 ਸਾਲ ਦੀ ਦੱਸੀ ਜਾਂਦੀ ਹੈ। ਦੋਸ਼ ਹੈ ਕਿ ਗਰੂਮਿੰਗ ਕਰਨ ਵਾਲੇ ਗਿਰੋਹ ਨੇ ਪਹਿਲਾਂ ਲੜਕੀ ਨੂੰ ਅਗਵਾ ਕੀਤਾ, ਫਿਰ ਉਸਨੂੰ ਇੱਕ ਫਲੈਟ ਵਿੱਚ ਬੰਦ ਕਰ ਦਿੱਤਾ ਅਤੇ ਪੰਜ ਜਾਂ ਛੇ ਆਦਮੀਆਂ ਦੁਆਰਾ ਉਸ ਨਾਲ ਜਬਰਜਿੰਨ੍ਹਾਹ ਕੀਤਾ ਗਿਆ । ਲੜਕੀ ਨੇ ਭੱਜਣ ਦੀ ਕੋਸ਼ਿਸ਼ ਕੀਤੀ, ਪਰ ਉਸਨੂੰ ਧਮਕੀਆਂ ਦੇ ਕੇ ਚੁੱਪ ਕਰਵਾ ਦਿੱਤਾ ਗਿਆ।

ਮੀਡੀਆ ਰਿਪੋਰਟਾਂ ਅਨੁਸਾਰ, ਜਿਵੇਂ ਹੀ ਪੱਛਮੀ ਲੰਡਨ ਦੇ ਹਾਉਂਸਲੋ ਇਲਾਕੇ ਵਿੱਚ ਸਿੱਖ ਭਾਈਚਾਰੇ ਨੂੰ ਇਸ ਘਟਨਾ ਬਾਰੇ ਪਤਾ ਲੱਗਾ, ਵੱਡੀ ਗਿਣਤੀ ਵਿੱਚ ਲੋਕ ਦੋਸ਼ੀ ਦੇ ਫਲੈਟ ਦੇ ਬਾਹਰ ਇਕੱਠੇ ਹੋ ਗਏ ਅਤੇ ਵਿਰੋਧ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ। ਹੌਲੀ-ਹੌਲੀ, ਹੋਰ ਸਿੱਖਾਂ ਨੂੰ ਘਟਨਾ ਬਾਰੇ ਪਤਾ ਲੱਗਾ, ਜਿਸ ਕਾਰਨ ਘਟਨਾ ਸਥਾਨ 'ਤੇ ਭੀੜ ਵਧ ਗਈ। ਥੋੜ੍ਹੇ ਸਮੇਂ ਵਿੱਚ ਹੀ 200 ਤੋਂ ਵੱਧ ਲੋਕ ਇਕੱਠੇ ਹੋ ਗਏ ਅਤੇ ਵਿਰੋਧ ਪ੍ਰਦਰਸ਼ਨ ਕਈ ਘੰਟਿਆਂ ਤੱਕ ਜਾਰੀ ਰਿਹਾ। ਇਸ ਤੋਂ ਬਾਅਦ ਸਾਰਿਆਂ ਨੇ ਮਿਲ ਕੇ ਲੜਕੀ ਨੂੰ ਛੁਡਾਉਣ ਲਈ ਕੰਮ ਕੀਤਾ। ਸਿੱਖ ਭਾਈਚਾਰੇ ਦਾ ਦੋਸ਼ ਹੈ ਕਿ ਪੱਛਮੀ ਲੰਡਨ ਵਿੱਚ ਨਾਬਾਲਗ ਕੁੜੀਆਂ ਦੇ ਅਗਵਾ ਅਤੇ ਜਿਨਸੀ ਸ਼ੋਸ਼ਣ ਦੀਆਂ ਅਜਿਹੀਆਂ ਘਟਨਾਵਾਂ ਵੱਧ ਰਹੀਆਂ ਹਨ। ਡੇਵਿਡ ਅਰਥਟਨ ਨਾਮ ਦੇ ਇੱਕ ਉਪਭੋਗਤਾ ਦੁਆਰਾ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਇਸ ਮਾਮਲੇ ਨਾਲ ਸਬੰਧਤ ਦੋ ਪੋਸਟਾਂ ਵੀ ਸਾਂਝੀਆਂ ਕੀਤੀਆਂ ਗਈਆਂ ਸਨ। ਯੂਕੇ ਵਿਚ ਕੁੜੀਆਂ ਨੂੰ ਅਗਵਾ ਅਤੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਵਾਲੇ ਸਿੱਖਾਂ ਦਾ ਕਹਿਣਾ ਹੈ ਕਿ ਪਾਕਿਸਤਾਨੀ ਗ੍ਰੂਮਰ ਗੈਂਗ ਯੂਕੇ ਵਿੱਚ ਸਰਗਰਮ ਹਨ, ਜੋ ਨੌਜਵਾਨ ਕੁੜੀਆਂ ਨੂੰ ਅਗਵਾ ਕਰਦੇ ਹਨ ਅਤੇ ਫਿਰ ਉਨ੍ਹਾਂ ਨਾਲ ਇਕੱਠੇ ਬਲਾਤਕਾਰ ਕਰਦੇ ਹਨ। ਅਜਿਹੀਆਂ ਕਈ ਘਟਨਾਵਾਂ ਸਾਹਮਣੇ ਆਈਆਂ ਹਨ। ਲੰਡਨ ਪੁਲਿਸ ਉਨ੍ਹਾਂ ਵਿਰੁੱਧ ਕੋਈ ਠੋਸ ਕਾਰਵਾਈ ਨਹੀਂ ਕਰ ਰਹੀ ਹੈ। ਦਸਣਯੋਗ ਹੈ ਕਿ ਗਰੂਮਿੰਗ ਇੱਕ ਅਜਿਹਾ ਅਭਿਆਸ ਹੈ ਜਿਸ ਰਾਹੀਂ ਕਿਸੇ ਵਿਅਕਤੀ, ਖਾਸ ਕਰਕੇ ਬੱਚੇ ਜਾਂ ਨੌਜਵਾਨ ਦਾ ਹੌਲੀ-ਹੌਲੀ ਵਿਸ਼ਵਾਸ ਹਾਸਲ ਕੀਤਾ ਜਾਂਦਾ ਹੈ, ਅਤੇ ਉਨ੍ਹਾਂ ਨੂੰ ਜਿਨਸੀ ਸ਼ੋਸ਼ਣ, ਕੱਟੜਪੰਥੀ ਜਾਂ ਹੋਰ ਤਰ੍ਹਾਂ ਦੇ ਦੁਰਵਿਵਹਾਰ ਲਈ ਤਿਆਰ ਕੀਤਾ ਜਾਂਦਾ ਹੈ। ਹਾਲ ਹੀ ਵਿੱਚ ਇੰਗਲੈਂਡ ਵਿੱਚ ਅਜਿਹੇ ਮਾਮਲੇ ਵਧੇ ਹਨ। ਅਮਰੀਕੀ ਕਾਰੋਬਾਰੀ ਐਲੋਨ ਮਸਕ ਨੇ ਵੀ ਚਿੰਤਾ ਪ੍ਰਗਟ ਕੀਤੀ ਹੈ ਅਤੇ ਬ੍ਰਿਟਿਸ਼ ਪ੍ਰਧਾਨ ਮੰਤਰੀ ਦੀ ਢੁਕਵੀਂ ਕਾਰਵਾਈ ਨਾ ਕਰਨ ਲਈ ਸਖ਼ਤ ਆਲੋਚਨਾ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਕੈਬਨਿਟ ਮੰਤਰੀ ਈ.ਟੀ.ਓ. ਨੇ ਨਗਰ ਕੌਂਸਲ ਜੰਡਿਆਲਾ ਗੁਰੂ ਵਿਖੇ ਕਰੀਬ 6 ਕਰੋੜ ਰੁਪਏ ਦੇ ਵਿਕਾਸ ਕਾਰਜ਼ਾਂ ਦਾ ਕੀਤਾ ਉਦਘਾਟਨ

## ਜੰਡਿਆਲਾ ਗੁਰੂ ਦੇ ਵਿਕਾਸ ਕਾਰਜਾਂ ਵਿੱਚ ਨਹੀਂ ਰਹਿਣ ਦਿੱਤੀ ਜਾਵੇਗੀ ਕੋਈ ਕਮੀ ਸ੍ਰ ਈ .ਟੀ .ਓ



**ਜੰਡਿਆਲਾ ਗੁਰੂ, 13 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਪਿੰਡ ਵਾਸੀਆਂ ਨੂੰ ਸ਼ਹਿਰ ਵਰਗੀਆਂ ਸਾਰੀਆਂ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਸ: ਹਰਭਜਨ ਸਿੰਘ ਈ.ਟੀ.ਓ ਨੇ ਅੱਜ ਨਗਰ ਕੌਂਸਲ ਜੰਡਿਆਲਾ ਵਿਖੇ 5 ਕਰੋੜ 80 ਲੱਖ 82 ਹਜ਼ਾਰ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਸਮੇਂ ਕੀਤਾ। ਸ: ਈ.ਟੀ.ਓ ਨੇ ਕਿਹਾ ਕਿ ਇਨਾਂ ਵਿਕਾਸ ਕਾਰਜਾਂ ਦੇ ਅਧੀਨ 15 ਲੱਖ ਰੁਪਏ ਦੀ ਲਾਗਤ ਨਾਲ ਗਲੀ ਨੇੜੇ ਹਾਊਸ ਆਫ ਅਮਨ ਵਿਰਕ ਅਤੇ 35 ਲੱਖ ਰੁਪਏ ਦੀ ਲਾਗਤ ਨਾਲ ਤਰਨ ਤਾਰਨ ਬਾਈਪਾਸ ਨਾਲ ਲਗਦੀਆਂ ਵੱਖ ਵੱਖ ਗਲੀਆਂ, 50 ਲੱਖ ਰੁਪਏ ਦੀ ਲਾਗਤ ਨਾਲ ਸੇਖ ਫੱਤਾ ਗੇਟ ਤੋਂ ਸੂਏ ਤੱਕ ਗਲੀਆਂ, 2 ਕਰੋੜ 47 ਲੱਖ ਰੁਪਏ ਦੀ ਲਾਗਤ ਨਾਲ ਜੋਤੀਸਰ ਕਾਲੋਨੀ ਦੀਆਂ ਗਲੀਆਂ ਅਤੇ 2 ਕਰੋੜ 33 ਲੱਖ 82 ਹਜ਼ਾਰ ਰੁਪਏ ਦੀ ਲਾਗਤ ਨਾਲ ਸ੍ਰੀ ਗੁਰੂ ਤੇਗ ਬਹਾਦਰ ਨਗਰ ਵਿਖੇ ਸੀਵਰੇਜ ਤੇ ਗਲੀਆਂ ਦੇ ਵਿਕਾਸ ਕਾਰਜ ਸ਼ਾਮਲ ਹਨ। ਉਨਾਂ ਕਿਹਾ ਕਿ ਇਹ ਸਾਰੇ ਕਾਰਜ ਲੋਕਾਂ ਨੂੰ ਬਿਹਤਰ ਸੁਵਿਧਾ ਪ੍ਰਦਾਨ ਕਰਨ ਅਤੇ ਹਲਕੇ ਦੇ ਬੁਨਿਆਦੀ ਵਿਕਾਸ ਨੂੰ ਮਜ਼ਬੂਤ ਕਰਨ ਲਈ ਕੀਤੇ ਗਏ ਹਨ। ਕੈਬਨਿਟ ਮੰਤਰੀ ਈ.ਟੀ.ਓ. ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਵਿਕਾਸ ਕਾਰਜਾਂ ਦੀ ਨਿਰੰਤਰ ਨਿਗਰਾਨੀ ਕੀਤੀ ਜਾਵੇ। ਉਨਾਂ ਕਿਹਾ ਕਿ ਵਿਕਾਸ ਕਾਰਜਾਂ ਵਿਚ ਕਿਸੇ ਕਿਸਮ ਦੀ ਢਿੱਲ ਮਿਠ ਬਰਦਾਸ਼ ਨਹੀ ਕੀਤੀ ਜਾਵੇਗੀ। ਸ: ਈ.ਟੀ.ਓ. ਨੇ ਪਿਛਲੀਆਂ ਸਰਕਾਰਾਂ ਤੇ ਤੰਜ ਕਸਦਿਆਂ ਕਿਹਾ ਕਿ 1992 ਤੋਂ ਬਾਅਦ ਕਿਸੇ ਵੀ ਸਰਕਾਰ ਨੇ ਇਸ ਜੰਡਿਆਲਾ ਦੀ ਸਾਰ ਨਹੀਂ ਲਈ। ਉਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਤਾਂ ਕੇਵਲ ਹਵਾ ਵਿਚ ਹੀ ਤੀਰ ਮਾਰਦੀਆਂ ਸਨ। ਜਦਕਿ ਮਾਨ ਸਰਕਾਰ ਨੇ ਜਮੀਨੀ ਪੱਧਰ ਤੇ ਹਰੇਕ ਪਿੰਡ ਵਿੱਚ ਪਹੁੰਚ ਕਰਕੇ ਲੋਕਾਂ ਦੇ ਕੰਮ ਕੀਤੇ ਹਨ। ਉਨਾਂ ਕਿਹਾ ਕਿ ਸਾਡੀ ਸਰਕਾਰ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਅਤੇ ਅਸੀਂ ਜੋ ਵੀ ਵਿਕਾਸ ਦੀਆਂ ਗਰੰਟੀਆਂ ਦਿੱਤੀਆਂ ਸਨ, ਉਸ ਨੂੰ ਪਹਿਲ ਦੇ ਆਧਾਰ ਤੇ ਪੂਰਾ ਕੀਤਾ ਹੈ। ਉਨਾਂ ਪਿਛਲੀਆਂ ਸਰਕਾਰਾਂ ਨੂੰ ਚੁਣੌਤੀ ਦਿੰਦਿਆਂ ਕਿਹਾ ਕਿ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਵਲੋਂ ਹਲਕੇ ਦਾ ਵੱਧ ਵਿਕਾਸ ਅਤੇ ਹੁਣ ਤੱਕ ਦੀਆਂ ਸਭ ਤੋਂ ਵੱਧ ਗਰਾਂਟਾਂ ਦਿੱਤੀਆਂ ਗਈਆਂ ਹਨ। ਉਨਾਂ ਕਿਹਾ ਕਿ ਅਸੀਂ ਆਪਣੇ ਕੰਮਾਂ ਦੇ ਆਧਾਰ ਤੇ ਲੋਕਾਂ ਦੀ ਕਚਿਹਿਰੀ ਵਿੱਚ ਜਾਵਾਂਗੇ ਅਤੇ ਭਾਰੀ ਬਹੁਮਤ ਨਾਲ ਜਿੱਤ ਕੇ ਮੁੜ ਸਰਕਾਰ ਬਣਾਵਾਂਗੇ ਅਤੇ ਪੰਜਾਬ ਦੇ ਲੋਕਾਂ ਦੀ ਭਲਾਈ ਦੇ ਕੰਮ ਕਰਾਂਗੇ। ਇਸ ਮੌਕੇ ਸੁਨੈਨਾ ਰੰਧਾਵਾ, ਸ: ਸਤਿੰਦਰ ਸਿੰਘ, ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਯੂਕੇ ਪੁਲਿਸ ਏਜੰਸੀਆਂ ਨੇ ਭਾਈ ਪਰਮਜੀਤ ਸਿੰਘ ਪੰਮਾ ਨੂੰ ਹਿੰਦੂ ਰਾਸ਼ਟਰਵਾਦੀ ਖਤਰਿਆਂ ਦੇ ਮੱਦੇਨਜ਼ਰ ਸੁਰੱਖਿਆ ਵਧਾਉਣ ਲਈ ਕਿਹਾ



ਨਵੀਂ ਦਿੱਲੀ 13 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਬ੍ਰਿਟਿਸ਼ ਪੁਲਿਸ ਨੇ ਯੂਕੇ ਵਿੱਚ ਇੱਕ ਉੱਚ-ਪ੍ਰੋਫਾਈਲ ਸਿੱਖ ਕਾਰਕੁਨ ਭਾਈ ਪਰਮਜੀਤ ਸਿੰਘ ਪੰਮਾ ਨੂੰ ਹਿੰਦੂ ਰਾਸ਼ਟਰਵਾਦੀ ਤੱਤਾਂ ਤੋਂ ਧਮਕੀਆਂ ਦੇ ਮੱਦੇਨਜ਼ਰ ਆਪਣੇ ਘਰ ਵਿੱਚ ਸੁਰੱਖਿਆ ਕੈਮਰੇ ਲਗਾਉਣ ਅਤੇ ਦਰਵਾਜ਼ਿਆਂ ਦੇ ਤਾਲੇ ਮਜ਼ਬੂਤ ਕਰਨ ਦੀ ਸਲਾਹ ਦਿੱਤੀ ਹੈ। ਇਸ ਬਾਰੇ ਮੀਡੀਆ ਨਾਲ ਗੱਲਬਾਤ ਕਰਦਿਆਂ ਭਾਈ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਪੁਲਿਸ ਨੇ ਉਨ੍ਹਾਂ ਨੂੰ ਮਿਲਣ ਲਈ ਕਿਹਾ ਸੀ ਅਤੇ ਉਨ੍ਹਾਂ ਨੂੰ ਜ਼ੁਬਾਨੀ ਸਲਾਹ ਦਿੱਤੀ ਗਈ ਸੀ ਕਿ ਉਹ ਆਪਣੀ ਸੁਰੱਖਿਆ ਵਧਾਉਣ ਕਿਉਂਕਿ ਖੁਫੀਆ ਜਾਣਕਾਰੀ ਨੇ ਉਨ੍ਹਾਂ ਦੀ ਸੁਰੱਖਿਆ ਨੂੰ ਖ਼ਤਰਾ ਦੱਸਿਆ ਸੀ। ਭਾਈ ਪੰਮਾ ਨੇ ਕਿਹਾ ਕਿ ਧਮਕੀਆਂ ਭਾਰਤ ਸਰਕਾਰ ਨਾਲ ਜੁੜੀਆਂ ਹੋਈਆਂ ਸਨ ਅਤੇ ਉਨ੍ਹਾਂ ਨੇ ਯੂਕੇ ਦੇ ਮੰਤਰੀਆਂ 'ਤੇ ਭਾਰਤ ਦੁਆਰਾ ਨਿਰੰਤਰ ਅੰਤਰਰਾਸ਼ਟਰੀ ਦਮਨ ਨੂੰ ਗੰਭੀਰਤਾ ਨਾਲ ਲੈਣ ਵਿੱਚ ਅਸਫਲ ਰਹਿਣ ਦਾ ਦੋਸ਼ ਲਗਾਇਆ। ਭਾਰਤੀ ਦੂਤਾਵਾਸ ਨੇ ਇਸ ਮਸਲੇ ਤੇ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਜਿਕਰਯੋਗ ਹੈ ਕਿ ਭਾਈ ਪੰਮਾ ਖਾਲਿਸਤਾਨ ਲਹਿਰ ਖਾਲਿਸਤਾਨ ਰੈਫਰੰਡਮ ਦੇ ਕੋਆਰਡੀਨੇਟਰ ਹੋਣ ਕਰਕੇ ਇੱਕ ਪ੍ਰਮੁੱਖ ਸ਼ਖਸੀਅਤ ਹਨ, ਇਹ ਲਹਿਰ ਇੱਕ ਸੁਤੰਤਰ ਸਿੱਖ ਰਾਜ ਦੀ ਸਥਾਪਤੀ ਕਰਣ ਦੀ ਮੁਹਿੰਮ ਹੈ ਜੋ ਭਾਰਤ ਵਿੱਚ ਗੈਰ-ਕਾਨੂੰਨੀ ਐਲਾਨੀ ਗਈ ਹੈ ਅਤੇ ਭਾਰਤੀ ਸਰਕਾਰੀ ਅਧਿਕਾਰੀ ਇਸ ਲਹਿਰ ਨੂੰ ਰਾਸ਼ਟਰੀ ਸੁਰੱਖਿਆ ਲਈ ਖ਼ਤਰਾ ਦੱਸਦੇ ਹਨ। ਐਮ ਆਈ 5 ਦੇ ਅਨੁਸਾਰ, ਵਿਦੇਸ਼ੀ ਸਰਕਾਰਾਂ ਯੂਕੇ ਦੀ ਧਰਤੀ 'ਤੇ ਅਸੰਤੁਸ਼ਟਾਂ ਨੂੰ ਵੱਧ ਤੋਂ ਵੱਧ ਨਿਸ਼ਾਨਾ ਬਣਾ ਰਹੀਆਂ ਹਨ, ਅਤੇ 2022 ਤੋਂ ਬਾਅਦ ਰਾਜ ਦੇ ਖਤਰਿਆਂ ਦੀ ਜਾਂਚ ਦੀ ਗਿਣਤੀ 48% ਵਧੀ ਹੈ। ਅੰਤਰਰਾਸ਼ਟਰੀ ਦਮਨ 'ਤੇ ਆਪਣੀ 2024-25 ਦੀ ਰਿਪੋਰਟ ਵਿੱਚ , ਮਨੁੱਖੀ ਅਧਿਕਾਰਾਂ ਬਾਰੇ ਸਾਂਝੀ ਕਮੇਟੀ ਨੇ ਚੀਨ ਅਤੇ ਰੂਸ ਦੇ ਨਾਲ ਭਾਰਤ ਨੂੰ ਚਿੰਤਾ ਦੇ ਦੇਸ਼ ਵਜੋਂ ਸੂਚੀਬੱਧ ਕੀਤਾ ਹੈ । ਭਾਈ ਪੰਮਾ ਦੇ ਦਾਅਵੇ ਅਜਿਹੇ ਸਮੇਂ ਆਏ ਹਨ ਜਦੋਂ ਯੂਕੇ ਨਰਿੰਦਰ ਮੋਦੀ ਦੀ ਹਿੰਦੂ ਰਾਸ਼ਟਰਵਾਦੀ ਸਰਕਾਰ ਨਾਲ ਨੇੜਲੇ ਸਬੰਧਾਂ ਦੀ ਪੈਰਵੀ ਕਰ ਰਿਹਾ ਹੈ, ਇਸਨੂੰ ਚੀਨ ਦੀ ਵਧਦੀ ਸ਼ਕਤੀ ਨੂੰ ਸੰਤੁਲਿਤ ਕਰਨ ਲਈ ਇੱਕ ਮੁੱਖ ਭਾਈਵਾਲ ਵਜੋਂ ਦੇਖ ਰਿਹਾ ਹੈ । ਭਾਈ ਪੰਮਾ ਨੇ ਕਿਹਾ ਅਸੀਂ ਜਿਸ ਦਮਨ ਵਿੱਚੋਂ ਗੁਜ਼ਰ ਰਹੇ ਹਾਂ ਉਹ ਬੇਰਹਿਮ ਹੈ, ਇਹ ਸਰਹੱਦਾਂ ਪਾਰ ਕਰਕੇ ਹੁਣ ਸਾਡੇ ਪਰਿਵਾਰਾਂ ਤੱਕ ਪਹੁੰਚ ਰਿਹਾ ਹੈ। ਇਹ ਅਸਲ ਵਿੱਚ ਭਾਰਤ ਸਰਕਾਰ ਵੱਲੋਂ ਕੀਤਾ ਗਿਆ ਅੱਤਵਾਦ ਹੈ, ਜਿਸਨੂੰ ਧਮਕੀਆਂ ਤੋਂ ਬਾਅਦ ਆਪਣੇ ਪਰਿਵਾਰ ਤੋਂ ਵੱਖ ਰਹਿਣ ਲਈ ਮਜਬੂਰ ਕੀਤਾ ਗਿਆ ਹੈ। ਭਾਈ ਪੰਮਾ ਨੇ ਕਿਹਾ ਕਿ ਉਹ ਨਿਯਮਿਤ ਤੌਰ 'ਤੇ ਪੁਲਿਸ ਨੂੰ ਧਮਕੀਆਂ ਦੀ ਰਿਪੋਰਟ ਕਰਦੇ ਸਨ ਪਰ ਉਨ੍ਹਾਂ ਨੇ 2023 ਵਿੱਚ ਕੈਨੇਡਾ ਵਿੱਚ ਇੱਕ ਪ੍ਰਮੁੱਖ ਸਿੱਖ ਕਾਰਕੁਨ ਹਰਦੀਪ ਸਿੰਘ ਨਿੱਝਰ ਦੀ ਹੱਤਿਆ ਤੋਂ ਬਾਅਦ ਹੀ ਉਸਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲੈਣਾ ਸ਼ੁਰੂ ਕਰ ਦਿੱਤਾ ਸੀ, ਜਿਸ ਬਾਰੇ ਦੇਸ਼ ਦੇ ਤਤਕਾਲੀ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕਿਹਾ ਸੀ ਕਿ ਖੁਫੀਆ ਏਜੰਸੀਆਂ ਨੇ ਭਾਰਤੀ ਸਰਕਾਰੀ ਏਜੰਟਾਂ ਨਾਲ ਸਬੰਧ ਬਣਾਏ ਹਨ। ਉਸੇ ਸਾਲ, ਅਮਰੀਕੀ ਵਕੀਲਾਂ ਨੇ ਭਾਰਤ ਸਰਕਾਰ ਦੇ ਇੱਕ ਏਜੰਟ 'ਤੇ ਅਮਰੀਕੀ ਧਰਤੀ 'ਤੇ ਇੱਕ ਅਮਰੀਕੀ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਦੇ ਕਤਲ ਦੀ ਕੋਸ਼ਿਸ਼ ਨੂੰ ਨਿਰਦੇਸ਼ਤ ਕਰਨ ਦਾ ਦੋਸ਼ ਲਗਾਇਆ ਹੈ ਤੇ ਮਾਮਲਾ ਅਮਰੀਕਨ ਅਦਾਲਤ ਅੰਦਰ ਚਲ ਰਿਹਾ ਹੈ । ਭਾਈ ਪੰਮਾ ਨੇ ਕਿਹਾ ਕਿ ਹੁਣ ਸਥਾਨਕ ਅਤੇ ਅੱਤਵਾਦ ਵਿਰੋਧੀ ਪੁਲਿਸ ਉਨ੍ਹਾਂ ਨੂੰ ਨਿਯਮਿਤ ਤੌਰ 'ਤੇ ਮਿਲਣ ਆਉਂਦੀ ਹੈ ਅਤੇ ਆਖਰੀ ਵਾਰ ਸਥਾਨਕ ਅਧਿਕਾਰੀਆਂ ਨੇ ਅਕਤੂਬਰ ਵਿੱਚ ਉਨ੍ਹਾਂ ਨੂੰ ਮਿਲਣ ਦੀ ਇਜਾਜ਼ਤ ਦਿੱਤੀ ਸੀ। ਉਨ੍ਹਾਂ ਕਿਹਾ ਮੈਂ ਸਰਕਾਰ ਤੋਂ ਬਹੁਤ ਨਾਰਾਜ਼ ਹਾਂ ਕਿ ਜਦੋਂ ਅਸੀਂ ਉਨ੍ਹਾਂ ਨੂੰ ਕਾਰਵਾਈ ਕਰਨ ਲਈ ਕਹਿ ਰਹੇ ਸੀ ਤਾਂ ਉਨ੍ਹਾਂ ਨੇ ਕਾਰਵਾਈ ਨਹੀਂ ਕੀਤੀ । ਭਾਈ ਪੰਮਾ, ਜਿਸਦਾ ਪਰਿਵਾਰ ਪੰਜਾਬ ਜਾਣ ਤੋਂ ਪਹਿਲਾਂ ਦਿੱਲੀ ਵਿੱਚ ਰਹਿੰਦਾ ਸੀ, ਨੇ ਕਿਹਾ ਕਿ ਉਸਦੇ ਵੱਡੇ ਭਰਾ ਨੂੰ 1991 ਵਿੱਚ ਉਸਦੀ ਸਰਗਰਮੀ ਲਈ ਭਾਰਤੀ ਪੁਲਿਸ ਨੇ ਮਾਰ ਦਿੱਤਾ ਸੀ। ਉਸਨੇ ਦਾਅਵਾ ਕੀਤਾ ਕਿ ਉਸਨੂੰ ਭਾਰਤ ਛੱਡਣ ਅਤੇ 2000 ਵਿੱਚ ਯੂਕੇ ਵਿੱਚ ਰਾਜਨੀਤਿਕ ਸ਼ਰਨ ਦੇਣ ਤੋਂ ਪਹਿਲਾਂ ਪੁਲਿਸ ਦੁਆਰਾ ਕਈ ਵਾਰ ਚੁੱਕਿਆ ਗਿਆ ਅਤੇ ਤਸੀਹੇ ਦਿੱਤੇ ਗਏ। ਭਾਈ ਪੰਮਾ ਨੂੰ 2010 ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ ਜਦੋਂ ਪੰਜਾਬ ਦੇ ਅਧਿਕਾਰੀਆਂ ਨੇ ਕਿਹਾ ਸੀ ਕਿ ਉਨ੍ਹਾਂ ਨੂੰ ਇੱਕ ਕਤਲ ਵਿੱਚ ਸ਼ਾਮਲ ਹੋਣ ਦਾ ਸ਼ੱਕ ਹੈ, ਪਰ ਯੂਕੇ ਦੀ ਅੱਤਵਾਦ ਵਿਰੋਧੀ ਪੁਲਿਸ ਨੂੰ ਉਸਦੇ ਖਿਲਾਫ ਕੋਈ ਸਬੂਤ ਨਹੀਂ ਮਿਲਿਆ। 2015 ਵਿੱਚ ਉਨ੍ਹਾਂ ਨੂੰ ਪੁਰਤਗਾਲ ਵਿੱਚ ਛੁੱਟੀਆਂ ਦੌਰਾਨ ਹਿਰਾਸਤ ਵਿੱਚ ਲਿਆ ਗਿਆ ਸੀ ਪਰ ਇੱਕ ਜੱਜ ਨੇ ਉਸਨੂੰ ਅੱਤਵਾਦ ਦੇ ਦੋਸ਼ਾਂ ਵਿੱਚ ਮੁਕੱਦਮਾ ਚਲਾਉਣ ਦੀ ਭਾਰਤ ਦੀ ਕੋਸ਼ਿਸ਼ ਨੂੰ ਰੱਦ ਕਰ ਦਿੱਤਾ।




# ਮਾਘੀ ਦੇ ਪਵਿੱਤਰ ਪਾਵਨ ਦਿਹਾੜੇ ਤੇ ਸਮੂਹ ਸਹੀਦਾ ਸਿੰਘਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ




--✶ ਵੱਲੋਂ ✶--


## ਇਲਾਕੇ ਦੇ ਮੋਹਤਬਰ ਸੱਜਣ

**ਜਾਰੀ ਕਰਤਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ**

ਆਵਾਜ਼ਿ ਕੌਮ
AWAZE QAUM



# ਮੁਕਤਸਰ ਸਾਹਿਬ ਦੀ ਪਵਿੱਤਰ ਪਾਵਨ ਅਸਥਾਨ ਤੇ ਹੋਏ ਸ਼ਹੀਦਾਂ ਸਿੰਘਾਂ ਨੂੰ ਕੋਟਨਿ ਕੋਟਿ ਪ੍ਰਣਾਮ





--✶ ਵੱਲੋਂ ✶--

# ਸੰਤ ਸਮਾਜ ਮਾਝਾ ਜੌਨ

**ਜਾਰੀ ਕਰਤਾ : ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ**


**ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ**

# ਗੁਰਦੁਆਰਾ ਸ੍ਰੀ ਗੁਰੂ ਅੰਗਦ ਦੇਵ ਜੀ ਸਾਲਜਬਰਗ ਅਸਟਰੀਆ ਯੂਰਪ ਵਿਖੇ ਮਨਾਇਆ ਗਿਆ


## ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਹਾਜ਼ਰੀ ਭਰੀ









(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਸਾਹਿਬਏ ਕਮਾਲ ਸਰਬੰਸਦਾਨੀ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਗੁਰਦੁਆਰਾ ਧੰਨ ਧੰਨ ਸ਼੍ਰੀ ਗੁਰੂ ਅੰਗਦ ਦੇਵ ਜੀ ਸਾਲਜਬਰਗ ਅਸਟਰੀਆ ਯੂਰਪ ਵਿਖੇ ਸਮੂਹ ਸੰਗਤਾਂ ਵੱਲੋਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਭਾਈ ਹਰਮੇਲ ਸਿੰਘ ਪ੍ਰਧਾਨ ਅਤੇ ਬੀਬੀ ਜੋਗਿੰਦਰ ਕੌਰ ਸਮੂਹ ਬੈਂਸ ਪਰਿਵਾਰ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਗ੍ਰੰਥੀ ਭਾਈ ਪ੍ਰਭਜੋਤ ਸਿੰਘ ਜੀ ਨੇ ਹੁਕਮਨਾਮੇ ਦੀ ਵਿਚਾਰ ਕੀਤੀ ਅਤੇ ਬਾਬਾ ਬੂਟਾ ਸਿੰਘ ਜੀ ਨੇ ਕੀਰਤਨ ਦੀ ਹਾਜ਼ਰੀ ਭਰੀ ਅਤੇ ਢਾਡੀ ਇੰਦਰਜੀਤ ਸਿੰਘ ਬਠਿੰਡਾ ਨੇ ਵਾਰਾਂ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ।ਸਮੂਹ ਬੈਂਸ ਪਰਿਵਾਰ ਵੱਲੋਂ ਲੰਗਰਾਂ ਦੀ ਸੇਵਾ ਕੀਤੀ ਗਈ। ਸਮਾਗਮ ਵਿੱਚ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮਸਾ ਸਿੰਘ ਵਾਲਿਆਂ ਨੇ ਹਾਜ਼ਰੀ ਭਰੀ। ਇਸੇ ਤਰ੍ਹਾਂ ਭਾਈ ਸਾਗਰਪਾਲ ਸਿੰਘ ਜੀ ਸੀਨੀਅਰ ਮੀਤ ਪ੍ਰਧਾਨ ਨੇ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜੀ ਆਇਆ ਕਿਹਾ। ਬਹੁਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਹੋਈਆਂ ।ਇਸ ਮੌਕੇ ਚੇਅਰਮੈਨ ਰਵਿੰਦਰ ਸਿੰਘ ਰੈਂਸੀ ,ਸੁਰਿੰਦਰ ਸਿੰਘ ਮਾਰਕੋ, ਪਵਨੀਤ ਸਿੰਘ ਪੰਨੂ ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਆਓ ਸਾਰੇ ਰਲ ਮਿਲ ਲੋਹੜੀ ਮਨਾਈਏ

ਤਿਉਹਾਰ ਸਾਡੇ ਸੱਭਿਆਚਾਰ ਦਾ ਹਿੱਸਾ ਹੀ ਨਹੀਂ ਧੁਰਾ ਹਨ !ਵਿਰਾਸਤ ਨੂੰ ਗੌਰਵਮਈ ਬਣਾਉਣ 'ਚ ਮੇਲਿਆਂ ਤੇ ਤਿਉਹਾਰਾਂ ਦਾ ਵੱਡਾ ਯੋਗਦਾਨ ਹੈ !ਭਾਰਤ ਦਾ ਸਮੁੱਚਾ ਜਨ -ਜੀਵਨ ਤਿਉਹਾਰਾਂ ਨਾਲ ਜੁੜਿਆ ਹੈ !ਭਾਰਤ ਵਿੱਚ ਭਾਵੇਂ ਕਈ ਤਿਉਹਾਰ ਮਨਾਏ ਜਾਂਦੇ ਹਨ ! ਲੋਹੜੀ ਪੰਜਾਬੀਆਂ ਦਾ ਖ਼ੁਸੀਆਂ ਭਰਿਆਂ ਤਿਉਹਾਰ ਹੈ !ਇਸ ਤਿਉਹਾਰ ਨੂੰ ਨਵੇਂ ਵਰ੍ਹੇ ਦਾ ਪਲੇਠਾ ਤਿਉਹਾਰ ਵੀ ਕਿਹਾ ਜਾਂਦਾ ਹੈ !ਇਹ ਤਿਉਹਾਰ ਤੇਰਾ ਤਰੀਕ ਵਾਲੇ ਦਿਨ ਮਾਘ ਮਹੀਨੇ ਦੀ ਸੰਗਰਾਂਦ ਤੋਂ ਪਹਿਲੀ ਰਾਤ ਨੂੰ ਮਨਾਇਆਂ ਜਾਂਦਾ ਹੈ ! ਲੋਹੜੀ ਦੀਆਂ ਰੌਣਕਾਂ ਕਈ ਦਿਨ ਪਹਿਲਾਂ ਹੀ ਸ਼ੁਰੂ ਹੋ ਜਾਂਦੀਆਂ ਹਨ ਬਜਾਰਾਂ ਵਿੱਚ ਗੱਚਕ ਮੂੰਗਫਲੀ, ਰਿਓੜੀਆਂ, ਨਾਲ ਸੱਜੀਆ ਦੁਕਾਨਾਂ ਤੇ ਰੌਣਕ ਵੇਖਣ ਯੋਗ ਹੁੰਦੀ ਹੈ ! ਇਸ ਤਿਉਹਾਰ ਨਾਲ ਲੋਕ ਕਥਾਵਾਂ ਵੀ ਜੁੜੀਆਂ ਹੋਈਆਂ ਹਨ ! ਇਨ੍ਹਾ ਲੋਕ ਕਥਾਵਾਂ ਵਿੱਚੋਂ ਇੱਕ ਹੈ ਦੁੱਲਾ ਭੱਟੀ ਦੁੱਲੇ ਭੱਟੀ ਦਾ ਕਿਰਦਾਰ ਸੁੰਦਰ ਮੁੰਦਰੀਏ ਦੀ ਦਾਸਤਾਨ ਦੇ ਹਵਾਲੇ ਨਾਲ ਇੱਕ ਬਹਾਦਰ ਪੰਜਾਬੀ ਦੀ ਗਵਾਹੀ ਦਿੰਦਾ ਹੈ ! ਸੁੰਦਰ ਮੁੰਦਰੀ ਗਰੀਬ ਅਤੇ ਜਰੂਰਤਮੰਦ ਹਿੰਦੂ ਮੂਲ ਚੰਦ ਦੀ ਧੀ ਸੀ !ਉਹ ਪਿੰਡੀ ਭੱਟੀਆਂ ਦੇ ਨੇੜਲੇ ਪਿੰਡ ਕੋਟ ਨੱਕਾ ਦਾ ਰਹਿਣ ਵਾਲਾ ਸੀ ਉੱਥੇ ਦੇ ਮੁਸਲਮਾਨ ਜਗੀਰਦਾਰ ਨੇ ਸੁੰਦਰ ਮੁੰਦਰੀ ਨਾਲ ਜਬਰਦਸਤੀ ਸ਼ਾਦੀ ਕਰਨੀ ਚਾਹੀ ਤਾਂ ਉਸ ਦਾ ਬਾਪ ਮੂਲ ਚੰਦ ਫ਼ਰਿਆਦ ਲੈ ਕੇ ਦੁੱਲਾ ਭੱਟੀ ਕੋਲ ਗਿਆ ਮੂਲ ਚੰਦ ਨੂੰ ਪਤਾ ਸੀ ਕਿ ਦੁੱਲਾ ਭੱਟੀ ਗਰੀਬਾਂ ਦਾ ਰਖਵਾਲਾ ਹੈ ਅਤੇ ਉਹ ਸਰਕਾਰੀ ਖ਼ਜਾਨੇ ਲੁੱਟ ਕੇ ਗਰੀਬਾਂ , ਮਸਕੀਨਾਂ ਤੇ ਜ਼ਰੂਰਤਮੰਦਾਂ ਦੀਆਂ ਲੋੜਾ ਪੂਰੀਆਂ ਕਰਦਾ ਹੈ !ਚਾਹੇ ਕੋਈ ਹਿੰਦੂ ਹੋਵੇ ਜਾਂ ਮੁਸਲਮਾਨ ਦੁੱਲਾ ਸਭ ਨੂੰ ਇਕੋ ਨਜ਼ਰ ਨਾਲ ਵੇਖਦਾ ਸੀ !ਦੁੱਲਾ ਭੱਟੀ ਨੇ ਮੂਲ ਚੰਦ ਨੂੰ ਤਸੱਲੀ ਦਿੱਤੀ ਤੇ ਕਿਹਾ ਕਿ ਸੁੰਦਰ ਮੁੰਦਰੀ ਤੇਰੀ ਹੀ ਨਹੀ ਮੇਰੀ ਵੀ ਧੀ ਹੈ ਮੈਨੂੰ ਇਹਦਾ ਹਕੀਕੀ ਪਿਓ ਸਮਝ ਤੇ ਮੈਂ ਇਹਦੀ ਸ਼ਾਦੀ ਕਿਸੇ ਚੰਗੇ ਹਿੰਦੂ ਲੜਕੇ ਨਾਲ ਕਰਵਾ ਦੇਵਾਂਗਾ !ਦੁੱਲਾ ਭੱਟੀ ਨੇ ਹਿੰਦੂ ਰੀਤੀ ਰਿਵਾਜ਼ਾਂ ਮੁਤਾਬਿਕ ਬਾਪ ਦੀ ਜਿੰਮੇਵਾਰੀ ਨਿਭਾਈ !ਕੁੜੀ ਨੂੰ ਲਾਲ ਰੰਗ ਦਾ ਸਾਲੂ, ਉਹਦੇ ਵਿੱਚ ਗੁੜ ਦੀ ਰੋੜੀ ਰੱਖ ਕੇ ਤੋਹਫ਼ੇ ਵਜੋਂ ਦਿੱਤੀ !ਇਹ ਪਿੰਡ ਦੇ ਲੋਕਾਂ ਨੇ ਵੀ ਵੇਖਿਆ ਤੇ ਆਲੇ ਦੁਆਲੇ ਜਦੋਂ ਪਤਾ ਲੱਗਾ ਤਾਂ ਸਾਰੇ ਨੱਚ ਉੱਠੇ ਤੇ ਗਾਉਣ ਲੱਗੇ ! ਅੱਜ ਵੀ ਲੋਹੜੀ ਦੇ ਮੌਕੇ ਇਹ ਗੀਤ ਗਾਇਆ ਜਾਂਦਾ ਹੈ !

ਸੁੰਦਰ ਮੁੰਦਰੀਏ.. ਹੋ
ਤੇਰਾ ਕੌਣ ਵਿਚਾਰਾਂ ਹੋ
ਦੁੱਲਾ ਭੱਟੀ ਵਾਲਾ... ਹੋ
ਦੁੱਲੇ ਧੀ ਵਿਆਹੀ.. ਹੋ
ਸ਼ੇਰ ਸ਼ੱਕਰ ਪਾਈ.. ਹੋ
ਕੁੜੀ ਦੇ ਬੋਝੇ ਪਾਈ... ਹੋ
ਕੁੜੀ ਦਾ ਲਾਲ ਪਟਾਕਾ... ਹੋ
ਕੁੜੀ ਦਾ ਸਾਲੂ ਪਾਟਾ... ਹੋ
ਸਾਲੂ ਕੌਣ ਸਮੇਟੇ... ਹੋ
ਚਾਚੇ ਚੂਰੀ ਕੁੱਟੀ... ਹੋ
ਜਿਮੀਦਾਰਾਂ ਲੁੱਟੀ... ਹੋ
ਜਿੰਮੀਦਾਰ ਸਦਾਏ... ਹੋ
ਗਿਣ ਗਿਣ ਪੌਲੇ ਲਾਏ.... ਹੋ !

ਇਸ ਤਿਉਹਾਰ ਦਾ ਅਰਥ 'ਤਿਲ +ਰੋੜੀ ਹੈ, ਜੋ ਸਮਾਂ ਪਾ ਕੇ ਤਲੋੜੀ ਤੇ ਫਿਰ ਲੋਹੜੀ ਬਣ ਗਿਆ ਇਹ ਤਿਉਹਾਰ ਪੰਜਾਬ ਦੇ ਹਰ ਘਰ ਵਿੱਚ ਬੜੇ ਚਾਵਾਂ ਨਾਲ ਮਨਾਇਆ ਜਾਂਦਾ ਹੈ ! ਇਸ ਦਿਨ ਲੋਕ ਕਈ ਪ੍ਰਕਾਰ ਦੇ ਪਕਵਾਨ ਬਣਾਉਂਦੇ ਹਨ !ਸਰੋਂ ਦਾ ਸਾਗ ਬਣਾਉਂਦੇ ਤੇ ਮੱਕੀ ਦੀ ਰੋਟੀ ਪਕਾਉਂਦੇ ਲੋਹੜੀ ਵਾਲੇ ਦਿਨ ਗੰਨੇ ਦੇ ਰਸ ਦੀ ਖੀਰ ਬਣਾਉਂਦੇ ਤੇ ਮਾਘੀ ਵਾਲੇ ਦਿਨ ਖਾਂਦੇ !

ਭਰਾ ਆਪਣੀ ਭੈਣ ਲਈ ਲੋਹੜੀ ਲੈ ਕੇ ਜਾਂਦਾ ਭੈਣ ਵੀ ਭਰਾ ਦਾ ਰਾਹ ਉਡੀਕ ਦੀ ਮੇਰੇ ਭਰਾ ਨੇ ਲੋਹੜੀ ਲੈ ਕੇ ਆਉਣਾ !ਇਹਦੇ ਵਿੱਚ ਪਿੰਨੀਆਂ, ਕੱਪੜੇ, ਤੇ ਹੋਰ ਖਾਣ ਪੀਣ ਦਾ ਸਮਾਨ ਹੁੰਦਾ

ਲੋਹੜੀ ਦਾ ਮਹੀਨਾ ਆਇਆ,
ਵੀਰ ਪ੍ਰਾਹੁਣਾ ਆਇਆ,
ਹੱਥ ਵਿੱਚ ਸੋਟੀ ਬੂਰੀ ਝੋਟੀ,
ਪਿੰਨੀਆਂ ਦੀ ਪੰਡ ਲਿਆਇਆ !

ਲੋਹੜੀ ਤੋਂ ਦਾਸ ਪੰਦਰਾਂ ਦਿਨ ਪਹਿਲਾਂ ਹੀ ਬੱਚੇ ਲੋਹੜੀ ਮੰਗਣੀ ਸ਼ੁਰੂ ਕਰ ਦਿੰਦੇ ਹਨ ਘਰ -ਘਰ ਜਾਂ ਕੇ ਲੋਹੜੀ ਮੰਗਦੇ ਕੋਈ ਆਟਾ, ਕਣਕ, ਚੋਲ, ਜਾਂ ਪੈਸੇ ਦਿੰਦੇ ਏਨੇ ਵਿੱਚ ਹੀ ਬੱਚੇ ਖੁਸ਼ ਹੋ ਜਾਂਦੇ ! ਲੋਹੜੀ ਵਾਲੇ ਦਿਨ ਭੁੱਗਾ ਬਾਲਣ ਵਾਸਤੇ ਬਾਲਣ ਦੀ ਮੰਗ ਗੀਤਾਂ ਰਾਹੀ ਇਝ ਕਰਦੇ

ਦੇਹ ਮਾਈ ਲੱਕੜੀ ,
ਜੀਵੇ ਤੇਰੀ ਬੱਕਰੀ !
ਦੇਹ ਮਾਈ ਪਾਥੀ,
ਤੇਰੇ ਬੂਹੇ ਹਾਥੀ !
ਲੋਹੜੀ ਦਿਓ ਜੀ ਲੋਹੜੀ,
ਕੱਟੇ ਦੀ ਪੂਛ ਮਰੋੜ ਤੀ !
ਕੱਟਾ ਗਿਆ ਨੱਠ,
ਦਿਓ ਰੁਪਈਏ ਸੱਠ !

ਜਿਸ ਘਰੋਂ ਕੁਝ ਨਾ ਮਿਲਦਾ ਉਸ ਘਰ ਦੇ ਦਰਵਾਜ਼ੇ ਅੱਗੇ ਇਹ ਕਹਿ ਕੇ ਦੋੜ ਜਾਂਦੇ !

ਆਖੋ ਮੁੰਡਿਓ ਹੁੱਕਾ,
ਇਹ ਘਰ ਭੁੱਖਾ !

ਲੋਹੜੀ ਵਾਲੇ ਦਿਨ ਛੋਟੇ ਬੱਚੇ ਵੱਡੇ ਬੱਚੇ ਜਵਾਨ ਕੁੜੀਆਂ ਮੁੰਡੇ ਲੋਹੜੀ ਮੰਗਦੇ !ਆਪਣੇ ਗੀਤਾਂ ਨਾਲ ਵਾਤਾਵਰਨ ਨੂੰ ਸੁਹਾਵਣਾ ਬਣਾ ਦਿੰਦੇ ਹਨ ! ਜਿਸ ਘਰ ਵਿੱਚ ਮੁੰਡੇ ਦਾ ਜਨਮ ਹੋਇਆਂ ਹੋਵੇ ਉਸ ਘਰ ਵਿੱਚ ਖ਼ਾਸ ਕਰਕੇ ਲੋਹੜੀ ਮਨਾਈ ਜਾਂਦੀ ਹੈ !ਲੋਹੜੀ ਮੰਗਣ ਆਏ ਕੁੜੀਆਂ ਮੁੰਡਿਆਂ ਦੇ ਟੋਲਿਆ ਨੂੰ ਪੈਸੇ ਗੁੜ, ਮੂੰਗਫਲੀ, ਦਿੰਦੇ !ਨਵ ਜੰਮੇ ਬੱਚੇ ਨੂੰ ਕੁੜੀਆਂ ਗੀਗਾ ਕਹਿੰਦੀਆਂ ਇਹ ਗੀਤ ਬੋਲਦੀਆਂ !




ਗੀਗਾ ਜੰਮਿਆ ਨੀ,
ਗੁੜ ਵੰਡਿਆ ਨੀ,
ਗੁੜ ਦੀਆਂ ਰੋੜੀਆਂ ਨੀ,
ਭਰਾਵਾਂ ਜੋੜੀਆਂ ਨੀ,
ਗੀਗਾ ਜੰਮਿਆ ਸੀ ਰਾਤ
ਗੁੜ ਵੰਡਿਆ ਪਰਾਤ !
ਗੀਗਾ ਜੰਮਿਆ ਸੀ ਓਹਲੇ,
ਗੁੜ ਪਾ ਲਿਆ ਭੜੋਲੇ !
ਗਾਉਂਦੀਆਂ ਸਿੱਠਣੀਆ ਵੀ ਦਿੰਦੀਆਂ
ਗੀਗਾ ਚਾਕੂ -ਚਾਕੂ,
ਵੀ ਲੜਾਕਾ ਤੇਰਾ ਬਾਪੂ !
ਗੀਗਾ ਘਿਓ- ਘਿਓ,
ਵੀ ਲੜਾਕਾ ਤੇਰਾ ਪਿਓ !
ਗੀਗਾ ਗਾ -ਗਾ,
ਵੇ ਲੜਾਕੀ ਤੇਰੀ ਮਾਂ !
ਗੀਗਾ ਉਈ -ਉਈ,
ਵੇ ਲੜਾਕੀ ਤੇਰੀ ਭੂਈ !

ਕਿਸੇ ਮੁੰਡੇ ਦਾ ਨਵਾਂ ਵਿਆਹ ਹੁੰਦਾ ਉਸ ਘਰ ਵੀ ਲੋਹੜੀ ਬੜੀ ਧੂਮ ਧਾਮ ਨਾਲ ਮਨਾਈ ਜਾਂਦੀ ਖ਼ੁਸੀ -ਖ਼ੁਸੀ ਸਭ ਨੂੰ ਲੋਹੜੀ ਦਿੰਦੇ !

ਮੂਲੀ ਦਾ ਪੱਤਰ ਹਰਿਆ ਭਰਿਆ,
ਵੀਰ ਸੁਦਾਗਰ ਘੋੜੀ ਚੜਿਆ !
ਆ ਵੀਰਾ ਤੂੰ ਜਾਹ ਵੀਰਾ
ਬੰਨੋ ਨੂੰ ਲਿਆ ਵੀਰਾ !
ਬੰਨੋ ਤੇਰੀ ਹਰੀ -ਭਰੀ !
ਫੁੱਲਾਂ ਦੀ ਚੰਗੇਰ -ਭਰੀ !

ਜਦੋਂ ਸ਼ਗਨਾਂ ਵਾਲੇ ਘਰ ਲੋਹੜੀ ਮੰਗਣ ਵਾਲੀਆਂ ਟੋਲੀਆ ਦੀ ਭੀੜ ਪੈ ਜਾਂਦੀ ਤਾਂ ਲੋਹੜੀ ਦੇਣ ਵਿੱਚ ਸਮਾਂ ਲੱਗ ਜਾਂਦਾ ਤਾਂ ਕੁੜੀਆਂ ਉੱਚੀ ਆਵਾਜ਼ ਵਿੱਚ ਗਾ ਕੇ ਕਹਿੰਦੀਆਂ

ਅੰਦਰੋਂ ਵੱਟੇ ਨਾ ਖੜਕਾ,
ਸਾਨੂੰ ਦੂਰੋਂ ਨਾ ਡਰਾ
ਸਾਨੂੰ ਦੇ ਲੋਹੜੀ ਤੇਰੀ ਜੀਵੇ ਜੋੜੀ
ਸਾਡੇ ਪੈਰਾ ਹੇਠਾਂ ਰੋੜ
ਸਾਨੂੰ ਛੇਤੀ ਛੇਤੀ ਤੋਰ !
ਸਾਡੇ ਕੋਠੇ ਉੱਤੇ ਮੋਰ
ਸਾਨੂੰ ਛੇਤੀ ਛੇਤੀ ਤੋਰ !

ਸੋ ਇਸ ਤਰ੍ਹਾਂ ਗਲੀਆਂ ਵਿੱਚ ਖ਼ੁਸੀਆਂ ਦੇ ਗੀਤਾਂ ਦੀਆਂ ਅਵਾਜ਼ਾਂ ਸੁਣਨ ਨੂੰ ਮਿਲਦੀਆਂ ਰਾਤ ਦੇ ਸਮੇਂ ਲੱਕੜਾ ਤੇ ਪਾਥੀਆਂ ਦਾ ਭੁੱਗਾ ਲਾਇਆ ਜਾਂਦਾ ਸਾਰੇ ਰਿਸਤੇਦਾਰ ਤੇ ਸਾਕ ਸਬੰਧੀ ਭੁੱਗੇ ਦੇ ਆਲੇ ਦੁਆਲੇ ਬੈਠ ਜਾਂਦੇ ਹਨ ਮੁਟਿਆਰਾਂ ਗਾਉਂਦੀਆਂ ਹਨ, ਫਿਰ ਗਿੱਧੇ ਦਾ ਪਿੜ ਬੱਝਦਾ ਏ ਸਾਰਾ ਵਾਤਾਵਰਨ ਖ਼ੁਸੀਆਂ ਨਾਲ ਗੂੰਜ ਉੱਠਦਾ ਹੈ ! ਮੁਟਿਆਰਾਂ ਰੰਗ ਬਰੰਗੀਆਂ ਬੋਲੀਆਂ ਪਾਉਂਦੀਆਂ ਆਪਣੇ ਹਾਵ ਭਾਵ ਪੇਸ਼ ਕਰਦੀਆਂ ਹਨ !

ਬੱਲੇ -ਬੱਲੇ ਨੀ ਵੀਰ ਘਰ ਪੁੱਤ ਜੰਮਿਆ,
ਬਾਪੂ ਮੱਝੀਆਂ ਦੇ ਸੰਗਲ ਫੜਾਏ,
ਵੀਰ ਘਰ ਪੁੱਤ ਜੰਮਿਆ !
ਬੱਲੇ -ਬੱਲੇ ਇੱਕ ਵੀਰ ਦੇਈ ਵੇ ਰੱਬਾ,
ਸੁੰਹ ਖਾਣ ਨੂੰ ਬੜਾ ਚਿੱਤ ਕਰਦਾ,
ਇੱਕ ਵੀਰ ਦੇਈ ਵੇ ਰੱਬਾ !

ਆਧੁਨਿਕ ਸਮੇਂ ਵਿੱਚ ਲੋਕ ਧੀਆਂ ਦਾ ਸਤਿਕਾਰ ਮਾਣ ਵੀ ਪੁੱਤਰਾਂ ਵਾਂਗ ਕਰਦੇ ਹਨ !ਬਹੁਤ ਸਾਰੇ ਲੋਕ ਧੀਆਂ ਦੀ ਲੋਹੜੀ ਵੀ ਮਨਾਉਂਦੇ ਹਨ ! ਪੁਰਾਣੇ ਸਮੇਂ ਵਾਂਗ ਨਹੀ ਕੇ ਧੀਆਂ ਨੂੰ ਨਫ਼ਰਤ ਦੀ ਨਿਗ੍ਹਾ ਨਾਲ ਵੇਖਣ ਜਿਵੇਂ ਪੁਰਾਣੇ ਸਮੇਂ ਵਿੱਚ ਕਹਿੰਦੇ

ਗੁੜ ਖਾਵੀ, ਪੂਣੀ ਕੱਤੀ,
ਆਪ ਨਾ ਆਈ,
ਵੀਰ ਨੂੰ ਘੱਤੀ

ਆਧੁਨਿਕ ਸਮੇਂ ਵਿੱਚ ਲੋਕ ਬਹੁਤ ਧੀਆਂ ਨਾਲ ਪਿਆਰ ਕਰਦੇ ਹਨ ! ਜਿਵੇਂ ਇਹ ਬੋਲੀ ਬਿਆਨ ਕਰਦੀ ਹੈ !

ਬੱਲੇ -ਬੱਲੇ ਵੀਰ ਘਰ ਧੀ ਜੰਮੀ ,
ਚੰਦ ਚੜਿਆ ਬਾਪ
ਦੇ ਵਿਹੜੇ,
ਵੀਰ ਘਰ ਧੀ ਜੰਮੀ........

ਲੋਹੜੀ ਦਾ ਤਿਉਹਾਰ ਸੱਭਿਆਚਾਰਕ ਸਾਂਝਾ ਵਧਾਉਣ ਵਾਲਾ ਤਿਉਹਾਰ ਹੈ ਲੋਕ ਰਲ ਮਿਲ ਕੇ ਬੈਠ ਹੱਸਦੇ ਖੇਡਦੇ ਖ਼ੁਸੀ ਨਾਲ਼ ਇਹ ਤਿਉਹਾਰ ਮਨਾਉਂਦੇ ਸੋਂ ਇਹ ਤਿਉਹਾਰ ਹਮੇਸ਼ਾ ਸਭ ਰਲ ਮਿਲ ਕੇ ਬੜੇ ਚਾਵਾਂ ਨਾਲ ਮਨਾਉਂਦੇ ਰਹਿਣ !



ਬਲਜਿੰਦਰ ਕੌਰ ਬੱਲ
ਮਾਝਾ ਪੰਜਾਬੀ ਸੱਥ ਬੁਤਾਲਾ

# ਜਗਾ ਰਾਮ ਤੀਰਥ ਦੇ ਡੇਰਾ ਬਾਬਾ ਸੰਧਿਆ ਦਾਸ 'ਚ ਕਰਵਾਇਆ ਧਾਰਮਿਕ ਸਮਾਗਮ, ਸੈਂਕੜੇ ਸੰਗਤਾਂ ਨੇ ਭਾਰੀ ਹਾਜ਼ਰੀ

ਤਲਵੰਡੀ ਸਾਬੋ, 13 ਜਨਵਰੀ (ਗੁਰਜੰਟ ਸਿੰਘ ਨਥੇਹਾ)- ਉਪ ਮੰਡਲ ਤਲਵੰਡੀ ਸਾਬੋ ਦੇ ਸਭ ਤੋਂ ਵੱਡੇ ਪਿੰਡਾਂ 'ਚੋਂ ਇੱਕ ਪਿੰਡ ਜਗਾ ਰਾਮ ਤੀਰਥ ਦੇ ਪ੍ਰਸਿੱਧ ਡੇਰਾ ਬਾਬਾ ਸੰਧਿਆ ਦਾਸ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸੱਚਖੰਡਵਾਸੀ ਸੰਤ ਨਰੈਣ ਮੁਨੀ ਜੀ ਦੀ ਬਰਸੀ ਨੂੰ ਸਮਰਪਿਤ ਕਰਕੇ ਤਿੰਨ ਰੋਜ਼ਾ ਧਾਰਮਿਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਧਾਰਮਿਕ, ਰਾਜਸੀ ਤੇ ਸਮਾਜਿਕ ਸਖਸ਼ੀਅਤਾਂ ਨੇ ਹਾਜ਼ਰੀ ਭਰੀ। ਸਭ ਤੋਂ ਪਹਿਲਾਂ ਅੱਜ ਡੇਰੇ ਦੇ ਖੁੱਲੇ ਵੇਹੜੇ ਚ ਪਿਛਲੇ ਤਿੰਨ ਦਿਨਾਂ ਤੋਂ ਪ੍ਰਕਾਸ਼ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਪ੍ਰਸਿੱਧ ਧਾਰਮਿਕ ਸੰਸਥਾ ਗੁਰਦੁਆਰਾ ਬੁੰਗਾ ਮਸਤੂਆਣਾ ਦੇ ਹਜ਼ੂਰੀ ਰਾਗੀ ਭਾਈ ਅਵਤਾਰ ਸਿੰਘ ਦੇ ਜਥੇ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਡੇਰੇ ਦੇ ਮੁੱਖ ਗ੍ਰੰਥੀ ਸਿੰਘ ਨੇ ਅਰਦਾਸ ਕੀਤੀ ਜਦੋਂ ਕਿ ਇਸ ਮੌਕੇ ਇਲਾਕੇ ਤੋਂ ਪੁੱਜੇ ਧਾਰਮਿਕ ਪ੍ਰਚਾਰਕਾਂ ਨੇ ਜਿੱਥੇ ਸੰਤ ਨਰੈਣ ਮੁਨੀ ਜੀ ਦੇ ਜੀਵਨ ਕਾਲ ਅਤੇ ਉਨਾਂ ਵੱਲੋਂ ਕੀਤੇ ਕਾਰਜਾਂ ਨੂੰ ਯਾਦ ਕੀਤਾ ਉੱਥੇ ਵਿਸ਼ੇਸ ਤੌਰ 'ਤੇ ਕਵੀਸ਼ਰੀ ਜਥਿਆਂ ਨੇ ਕਾਵਿ ਰਚਨਾਵਾਂ ਰਾਹੀਂ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਸੈਂਕੜਿਆਂ ਦੀ ਗਿਣਤੀ ਚ ਪੁੱਜੀਆਂ ਸੰਗਤਾਂ ਨੂੰ ਸੰਬੋਧਨ ਦੌਰਾਨ ਇਸ ਨਗਰ ਦੀ ਧੀ ਅਤੇ ਕੈਬਨਿਟ ਰੈਂਕ ਪ੍ਰਾਪਤ ਹਲਕਾ ਵਿਧਾਇਕਾ ਬੀਬਾ ਬਲਜਿੰਦਰ ਕੌਰ ਨੇ ਕਿਹਾ ਕਿ ਸੰਤ ਨਰੈਣ ਮੁਨੀ ਜੀ ਵੱਲੋਂ ਕੀਤੇ ਪਰਉਪਕਾਰ ਦੇ ਕਾਰਜਾਂ ਨੂੰ ਨਗਰ ਨਿਵਾਸੀ ਹਮੇਸ਼ਾ ਯਾਦ ਰੱਖਣਗੇ। ਸਮਾਗਮ ਦੇ ਅੰਤ ਵਿੱਚ ਮੌਜੂਦਾ ਸਮੇਂ ਡੇਰੇ ਦੇ ਮੁੱਖ ਸੇਵਾਦਾਰ ਬਾਬਾ ਹਰਬੰਸ ਦਾਸ ਨੇ ਪੁੱਜੀਆਂ ਧਾਰਮਿਕ ਤੇ ਮੁਹਤਬਰ ਸਖਸ਼ੀਅਤਾਂ ਸਮੇਤ ਸੰਗਤਾਂ ਦਾ ਧੰਨਵਾਦ ਕਰਦਿਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਦਿਨ ਵਿੱਚ ਇੱਕ ਸਮਾਂ ਨਿਰਧਾਰਿਤ ਕਰਕੇ ਗੁਰਬਾਣੀ ਜਾਪ ਜਾਂ ਮੂਲ ਮੰਤਰ ਦਾ ਸਿਮਰਨ ਕਰਿਆ ਕਰਨ ਇਸ ਨਾਲ ਸਾਰੇ ਕਸ਼ਟ ਦੂਰ ਹੋ ਜਾਣਗੇ। ਸਮਾਗਮਾਂ 'ਚ ਮਹੰਤ ਗਿਆਨ ਸਰੂਪ ਗੁਰੂਸਰ, ਮਹੰਤ ਅਮਰਦਾਸ ਕੋਟਫੱਤਾ, ਮਹੰਤ ਗਿਆਨ ਦਾਸ ਜੱਜਲ, ਮਹੰਤ ਦਲਬਾਰਾ ਰਾਮ ਰਾਮਾਂ, ਮਹੰਤ ਭੀਮ ਦਾਸ ਮਾਹੀਨੰਗਲ, ਬਾਬਾ ਅਜੀਤ ਸਿੰਘ ਸ਼ੇਖਪੁਰਾ, ਬਾਬਾ ਨਿੱਕਾ ਜਗਾ ਆਦਿ ਧਾਰਮਿਕ ਸਖਸ਼ੀਅਤਾਂ ਤੋਂ ਇਲਾਵਾ ਜਿੱਥੇ ਸਮਾਗਮਾਂ ਦੇ ਦੂਜੇ ਦਿਨ ਬਠਿੰਡਾ ਤੋਂ ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਤੇ ਅਕਾਲੀ ਦਲ (ਬ) ਹਲਕਾ ਇੰਚਾਰਜ ਰਵੀਪ੍ਰੀਤ ਸਿੰਘ ਸਿੱਧੂ ਨੇ ਹਾਜ਼ਰੀ ਲਵਾਈ ਉੱਥੇ ਵਿਧਾਇਕਾ ਬਲਜਿੰਦਰ ਕੌਰ, ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਉਨਾਂ ਦੇ ਸਪੁੱਤਰ ਗੁਰਬਾਜ਼ ਸਿੰਘ ਸਿੱਧੂ, ਕਾਂਗਰਸ ਹਲਕਾ ਸੇਵਾਦਾਰ ਖੁਸ਼ਬਾਜ ਸਿੰਘ ਜਟਾਣਾ, ਵਿਧਾਇਕਾ ਬਲਜਿੰਦਰ ਕੌਰ ਦੇ ਪਿਤਾ ਤੇ ਪੰਥਕ ਆਗੂ ਜਥੇਦਾਰ ਦਰਸ਼ਨ ਸਿੰਘ, ਭਰਾ ਐਡਵੋਕੇਟ ਉਦੈਵੀਰ ਸਿੰਘ, ਤਿੰਨੇ ਪੰਚਾਇਤਾਂ ਵੱਲੋਂ ਸਰਪੰਚ ਜਸਵਿੰਦਰ ਕੌਰ, ਸਰਪੰਚ ਸੂਬਾ ਸਿੰਘ ਤੇ ਸਰਪੰਚ ਮਨਜੀਤ ਸਿੰਘ, ਗੁਰਦਿੱਤਾ ਸਿੰਘ ਮੈਂਬਰ ਬਲਾਕ ਸੰਮਤੀ, ਅਵਤਾਰ ਸਿੰਘ ਤਾਰ ਭਾਊ ਪ੍ਰਧਾਨ ਟਰੱਕ ਯੂਨੀਅਨ, ਹਰਬੰਸ ਸਿੰਘ ਸੰਧੂ ਸੇਵਾਮੁਕਤ ਡਿਪਟੀ ਡਾਇਰੈਕਟਰ ਸਿੱਖਿਆ, ਕੇਹਰ ਸਿੰਘ ਸੰਧੂ ਸੇਵਾਮੁਕਤ ਐਕਸੀਅਨ, ਰਵੀਕਾਂਤ ਗੁਪਤਾ ਐੱਸ.ਐੱਮ.ਓ ਤਲਵੰਡੀ ਸਾਬੋ, ਜੱਗਾ ਸਿੰਘ ਪ੍ਰਧਾਨ ਚੜ੍ਹਦੀਕਲਾ ਵੈੱਲਫੇਅਰ ਕਲੱਬ, ਜਸਵਿੰਦਰ ਸਿੰਘ ਜ਼ੈਲਦਾਰ ਤੇ ਸੁਖਮੰਦਰ ਸਿੰਘ ਅਕਾਲੀ ਆਗੂ, 'ਆਪ' ਆਗੂ ਨਿਰਮਲ ਸਿੰਘ ਚੌਧਰੀ ਤੇ ਗੁਰਾ ਸਿੰਘ ਪੰਚ, ਸੁਰਜੀਤ ਸ਼ਰਮਾ ਕਾਂਗਰਸੀ ਆਗੂ, ਸੋਹਣ ਸਿੰਘ ਜਗਾ, ਰਣਜੀਤ ਸਿੰਘ ਰਾਜੂ ਮੀਤ ਪ੍ਰਧਾਨ ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਸਮੇਤ ਹੋਰ ਮੋਹਤਬਰ ਸਖਸ਼ੀਅਤਾਂ ਹਾਜ਼ਰ ਦਿਖਾਈ ਦਿੱਤੀਆਂ।







